ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 25 ਮਈ 2024 (ਨਾਨਕਸ਼ਾਹੀ ਸੰਮਤ : ੫੫੬, ੧੨ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਕਾਂਗਰਸ ਤੇ ਝਾੜੂ ਵਾਲੇ ਲੋਕਾਂ ਨੂੰ ਬਣਾ ਰਹੇ ਨੇ ਮੂਰਖ

# ਦੋਵਾਂ ਦੁਕਾਨਾਂ ਦਾ ਇੱਕੋ ਸ਼ਟਰ : ਪ੍ਰਧਾਨ ਮੰਤਰੀ ਮੋਦੀ

**ਗੁਰਦਾਸਪੁਰ/ਜਲੰਧਰ, 24 ਮਈ (ਆਵਾਜ਼ਿ ਕੌਮ ਬਿਊਰੋ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਦੂਜੇ ਪਾਸੇ ਇੰਡੀ ਗੱਠਜੋੜ ਹੈ। ਉਹ ਅਤਿਅੰਤ ਫਿਰਕੂ ਅਤੇ ਅਤਿ ਜਾਤੀਵਾਦੀ ਹੈ। ਕਾਂਗਰਸ ਝਾੜੂ ਵਾਲੇ, ਇਹ ਇੰਡੀਆ ਗਠਜੋੜ ਦੇ ਲੋਕ, ਲੋਕਾਂ ਨੂੰ ਪਤਾ ਨਹੀਂ ਕੀ ਸਮਝਦੇ ਹਨ। ਉਹ ਹਰ ਰੋਜ਼ ਜਨਤਾ ਨੂੰ ਮੂਰਖ ਬਣਾਉਣ ਦੀ ਖੇਡ ਖੇਡ ਰਹੇ ਹਨ। ਉਹ ਦਿੱਲੀ ਵਿੱਚ ਦੋਸਤ ਹਨ ਅਤੇ ਪੰਜਾਬ ਵਿੱਚ ਇੱਕ ਦੂਜੇ ਨੂੰ ਗਾਲ੍ਹਾਂ ਕੱਢ ਰਹੇ ਹਨ। ਇਨ੍ਹਾਂ ਦੋਵਾਂ ਦੁਕਾਨਾਂ ਦਾ ਸ਼ਟਰ ਇੱਕੋ ਜਿਹਾ ਹੈ। ਜਨਤਾ ਨੂੰ ਇਹ ਪਤਾ ਲੱਗ ਗਿਆ ਹੈ। ਇਸ ਮੌਕੇ ਨਰਿੰਦਰ ਮੋਦੀ ਨੇ ਕਿਹਾ ਕਿ ਜਦੋਂ ਪੰਜਾਬ ਵਿੱਚ ਕਾਂਗਰਸ ਦੀ ਸੱਤਾ ਸੀ ਤਾਂ ਕਾਂਗਰਸ ਰਿਮੋਟ ਕੰਟਰੋਲ ਰਾਹੀਂ ਪੰਜਾਬ ਦੀ ਸਰਕਾਰ ਚਲਾਉਣਾ ਚਾਹੁੰਦੀ ਸੀ। ਪਰ ਕੈਪਟਨ ਅਮਰਿੰਦਰ ਸਿੰਘ ਨੇ ਦਿੱਲੀ ਦੇ ਸ਼ਿਹਜ਼ਾਦੇ ਦਾ ਹੁਕਮ ਮੰਨਣ ਤੋਂ ਇਨਕਾਰ ਕਰ ਦਿੱਤਾ। ਸਰਹੱਦੀ ਸੂਬਾ ਹੋਣ ਕਰਕੇ ਉਨ੍ਹਾਂ ਨੇ ਰਾਸ਼ਟਰੀ ਸੁਰੱਖਿਆ ਨੂੰ ਪਹਿਲ ਦਿੱਤੀ। ਨਤੀਜਾ ਇਹ ਹੋਇਆ ਕਿ ਸ਼ਾਹੀ ਪਰਿਵਾਰ ਅਤੇ ਕਾਂਗਰਸ ਦੇ ਸ਼ਿਹਜ਼ਾਦੇ ਨੇ ਉਨ੍ਹਾਂ ਨੂੰ ਮੁੱਖ ਮੰਤਰੀ ਦੇ ਅਹੁਦੇ ਤੋਂ ਹਟਾ ਦਿੱਤਾ। ਪੰਜਾਬ ਦਾ ਇਹ ਅਪਮਾਨ ਕੋਈ ਭੁੱਲ ਸਕਦਾ ਹੈ। ਪੀਐਮ ਮੋਦੀ ਨੇ ਕਿਹਾ ਕਿ ਬਦਕਿਸਮਤੀ ਨਾਲ ਅੱਜ ਵੀ ਪੰਜਾਬ ਨੂੰ ਰਿਮੋਟ ਕੰਟਰੋਲ ਨਾਲ ਚਲਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਦਿੱਲੀ ਦੇ ਦਰਬਾਰੀ ਪੰਜਾਬ ਨੂੰ ਚਲਾ ਰਹੇ ਹਨ। ਪੰਜਾਬ ਦੇ ਮੁੱਖ ਮੰਤਰੀ ਆਪਣੇ ਤੌਰ 'ਤੇ ਕੋਈ ਫੈਸਲਾ ਨਹੀਂ ਲੈ ਸਕਦੇ। ਇਨ੍ਹਾਂ ਦੇ ਮਾਲਕ ਜੇਲ੍ਹਾਂ ਵਿੱਚ ਚਲੇ ਗਏ, ਪੰਜਾਬ ਦੀ ਸਰਕਾਰ ਠੱਪ ਪੈਣ ਲੱਗੀ। ਇੱਥੋਂ ਦੇ ਮੁੱਖ ਮੰਤਰੀ ਸਰਕਾਰ ਨੂੰ ਚਲਾਉਣ ਅਤੇ ਨਵੇਂ ਹੁਕਮ ਲੈਣ ਲਈ ਤਿਹਾੜ ਜੇਲ੍ਹ ਗਏ ਸਨ। ਜ਼ਿਕਰ ਕਰ ਦਈਏ ਕਿ ਇਸ ਤੋਂ ਬਾਅਦ ਸ਼ਾਮ 5.30 ਵਜੇ ਪੀਐਮ ਜਲੰਧਰ ਵਿੱਚ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਦੇ ਸਮਰਥਨ ਵਿੱਚ ਰੈਲੀ ਕਰਨਗੇ ਅਤੇ ਵੋਟਾਂ ਦੀ ਅਪੀਲ ਕਰਨਗੇ। ਪੀਐਮ ਮੋਦੀ ਦੇ ਆਉਣ ਤੋਂ ਪਹਿਲਾਂ ਹੀ ਕਿਸਾਨਾਂ ਨੇ ਗੁਰਦਾਸਪੁਰ ਵਿੱਚ ਰੈਲੀ ਵਾਲੀ ਥਾਂ ਵੱਲ ਮਾਰਚ ਕਰਨਾ ਸ਼ੁਰੂ ਕਰ ਦਿੱਤਾ। ਪੁਲਿਸ ਨੇ ਉਨ੍ਹਾਂ ਨੂੰ ਰਸਤੇ ਵਿੱਚ ਰੋਕ ਲਿਆ। ਇਸ ਤੋਂ ਇਲਾਵਾ ਜਲੰਧਰ ਵਿੱਚ ਕੁਝ ਕਿਸਾਨ ਆਗੂਆਂ ਨੂੰ ਪੁਲੀਸ ਨੇ ਨਜ਼ਰਬੰਦ ਕਰ ਦਿੱਤਾ ਹੈ।






## 15 ਜ਼ਿਲ੍ਹਿਆਂ 'ਚ ਆਰੇਂਜ ਅਲਰਟ, ਨੌਤਪਾ ਦੀ ਸ਼ੁਰੂਆਤ ਨਾਲ 46 ਤੋਂ ਪਾਰ ਪਹੁੰਚੇਗਾ ਤਾਪਮਾਨ, ਰੈੱਡ ਅਲਰਟ ਜਾਰੀ

**ਚੰਡੀਗੜ੍ਹ, 24 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਪੈ ਰਹੀ ਕੜਾਕੇ ਦੀ ਗਰਮੀ ਤੋਂ ਲੋਕਾਂ ਨੂੰ ਕੁਝ ਰਾਹਤ ਮਿਲੀ ਹੈ। ਪੰਜਾਬ ਵਿੱਚ ਤਾਪਮਾਨ ਵਿੱਚ ਔਸਤਨ 1.4 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਹੈ। ਵੀਰਵਾਰ ਨੂੰ ਬਠਿੰਡਾ ਦਾ ਤਾਪਮਾਨ ਇੱਕ ਵਾਰ ਫਿਰ ਗਰਮ ਰਿਹਾ। ਪਰ ਉੱਥੇ ਵੀ ਪਿਛਲੇ 24 ਘੰਟਿਆਂ ਦੌਰਾਨ 1.2 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ। ਇਸ ਦੌਰਾਨ ਮੌਸਮ ਵਿਭਾਗ ਨੇ ਪੰਜਾਬ ਲਈ ਰੈੱਡ ਦੀ ਬਜਾਏ ਆਰੇਂਜ ਅਲਰਟ ਜਾਰੀ ਕੀਤਾ ਹੈ। ਦਰਅਸਲ, ਪਿਛਲੇ ਦਿਨੀਂ ਪੰਜਾਬ ਵਿੱਚ ਵੈਸਟਰਨ ਡਿਸਟਰਬੈਂਸ ਐਕਟਿਵ ਹੋ ਗਿਆ ਸੀ। ਇਸ ਵੈਸਟਰਨ ਡਿਸਟਰਬੈਂਸ ਕਾਰਨ ਮੀਂਹ ਤਾਂ ਨਹੀਂ ਪਿਆ ਪਰ ਤਾਪਮਾਨ 'ਚ ਮਾਮੂਲੀ ਗਿਰਾਵਟ ਦਰਜ ਕੀਤੀ ਗਈ। ਅੱਜ ਸ਼ੁੱਕਰਵਾਰ ਨੂੰ ਵੀ ਪੰਜਾਬ ਦਾ ਤਾਪਮਾਨ 45 ਡਿਗਰੀ ਜਾਂ ਥੋੜ੍ਹਾ ਘੱਟ ਰਹਿਣ ਦਾ ਅਨੁਮਾਨ ਹੈ। ਪਰ, ਇਹ ਰਾਹਤ ਲੰਬੇ ਸਮੇਂ ਲਈ ਨਹੀਂ ਹੈ। ਭਾਰਤ 'ਚ 25 ਮਈ ਤੋਂ ਨੌਤਪਾ ਸ਼ੁਰੂ ਹੋ ਰਿਹਾ ਹੈ, ਜਿਸ ਤੋਂ ਬਾਅਦ ਐਤਵਾਰ ਤੋਂ ਇਕ ਵਾਰ ਫਿਰ ਤੋਂ ਤਾਪਮਾਨ ਵਧਣਾ ਸ਼ੁਰੂ ਹੋ ਜਾਵੇਗਾ। ਪਰ ਅੰਦਾਜ਼ਾ ਹੈ ਕਿ ਇਸ ਮਹੀਨੇ ਸਭ ਤੋਂ ਵੱਧ ਗਰਮੀ ਦਾ ਰਿਕਾਰਡ ਟੁੱਟਣ ਤੋਂ ਬਚ ਜਾਵੇਗਾ। ਮੌਸਮ ਵਿਭਾਗ ਅਨੁਸਾਰ ਪੰਜਾਬ ਦੇ 15 ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਫ਼ਿਰੋਜ਼ਪੁਰ, ਫ਼ਾਜ਼ਿਲਕਾ, ਮੁਕਤਸਰ, ਫ਼ਰੀਦਕੋਟ, ਮੋਗਾ, ਜਲੰਧਰ, ਕਪੂਰਥਲਾ, ਬਠਿੰਡਾ, ਬਰਨਾਲਾ, ਮਾਨਸਾ ਅਤੇ ਸੰਗਰੂਰ ਵਿੱਚ ਔਰੇਂਜ ਅਲਰਟ ਜਾਰੀ ਕੀਤਾ ਗਿਆ ਹੈ। ਇੱਥੇ ਤਾਪਮਾਨ 45 ਡਿਗਰੀ ਦੇ ਆਸ-ਪਾਸ ਜਾਂ ਹੇਠਾਂ ਰਹਿਣ ਦੀ ਸੰਭਾਵਨਾ ਹੈ।

## 'ਕਰਮਜੀਤ ਅਨਮੋਲ ਨਹੀਂ ਹੈ ਐਸ. ਸੀ.', ਸ਼੍ਰੋਮਣੀ ਅਕਾਲੀ ਦਲ ਨੇ ਸਬੂਤਾਂ ਸਮੇਤ ਸੌਂਪੀ ਲਿਖਤੀ ਸ਼ਿਕਾਇਤ

**ਫਰੀਦਕੋਟ, 24 ਮਈ (ਆਵਾਜ਼ਿ ਕੌਮ ਬਿਊਰੋ)**-ਫ਼ਰੀਦਕੋਟ ਲੋਕ ਸਭਾ (ਐਸਸੀ ਰਾਖਵਾਂ) ਤੋਂ ਆਮ ਆਦਮੀਂ ਪਾਰਟੀ ਦੇ ਉਮੀਦਵਾਰ ਕਰਮਜੀਤ ਅਨਮੋਲ ਦੀਆਂ ਮੁਸ਼ਿਕਲਾਂ ਵਧਦੀਆਂ ਹੋਈਆਂ ਨਜਰ ਆ ਰਹੀਆਂ ਹਨ। ਅੱਜ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਰਾਜਵਿੰਦਰ ਸਿੰਘ ਧਰਮਕੋਟ ਨੇ ਫ਼ਰੀਦਕੋਟ ਦੇ ਵਧੀਕ ਡਿਪਟੀ ਕਮਿਸ਼ਨਰ ਨੂੰ ਇੱਕ ਲਿਖਤ ਸ਼ਿਕਾਇਤ ਦੇ ਕੇ ਮੰਗ ਕੀਤੀ ਹੈ ਕਿ ਆਪ ਦੇ ਉਮੀਦਵਾਰ ਕਰਮਜੀਤ ਅਨਮੋਲ ਮਰਾਸੀ ਜਾਤੀ ਨਾਲ ਸੰਬੰਧਿਤ ਹਨ ਜੋ ਪੰਜਾਬ ਸਰਕਾਰ ਅਤੇ ਭਾਰਤ ਸਰਕਾਰ ਵੱਲੋਂ ਬੀਸੀ ਕਲਾਸ ਅਧੀਨ ਆਂਉਂਦੀ ਹੈ। ਪਰ ਕਰਮਜੀਤ ਅਨਮੋਲ ਨੇ ਕਥਿਤ ਫਰਜੀ ਮੱਜ੍ਹਬੀ ਸਿੱਖ ਜਾਤੀ ਜੋ ਅਨੁਸੂਚਿਤ ਜਾਤੀ ਵਿਚ ਆਉਂਦੀ ਹੈ ਦਾ ਸਾਰਟੀਫੀਕੇਟ ਬਣਾ ਕੇ ਲੋਕ ਸਭਾ ਹਲਕਾ ਫਰੀਦਕੋਟ ਤੋਂ ਕਿਸੇ ਐਸਸੀ ਭਾਈਚਾਰੇ ਦੇ ਯੋਗ ਉਮੀਦਵਾਰ ਦਾ ਹੱਕ ਮਾਰਿਆ ਹੈ ਅਤੇ ਕਥਿਤ ਫਰਜੀਵਾੜਾ ਕੀਤਾ ਹੈ। ਇਸ ਮੌਕੇ ਜਣਾਕਾਰੀ ਦਿੰਦੇ ਹੋਏ ਸ਼ਿਕਾਇਤ ਕਰਤਾ ਰਾਜਵਿੰਦਰ ਸਿੰਘ ਉਮੀਦਵਾਰ ਸ੍ਰੋਮਣੀ ਅਕਾਲੀ ਦਲ ਅਤੇ ਪਰਮਬੰਸ ਸਿੰਘ ਬੰਟੀ ਰੋਮਾਣਾ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਨੇ ਕਿਹਾ ਕਿ ਕਰਮਜੀਤ ਅਨਮੋਲ ਨੇ ਅਨੁਸੂਚਿਤ ਜਾਤੀ ਦਾ ਕਥਿਤ ਜਾਅਲੀ ਸਾਰਟੀਫੀਕੇਟ ਬਣਾ ਕੇ ਫਰੀਦਕੋਟ ਲੋਕ ਸਭਾ ਜੋ ਐਸਸੀ ਭਾਈਚਾਰੇ ਦੇ ਲੋਕਾਂ ਲਈ ਰਾਖਵਾਂ ਹੈ ਤੋਂ ਨੌਮੀਨੇਸ਼ਨ ਦਾਖਲ ਕਰਵਾਈ ਹੈ। ਜਿਸ ਸੰਬੰਧੀ ਉਹਨਾਂ ਦੇ ਇਲੈਕਸ਼ਨ ਏਜੰਟ ਨੇ ਪਹਿਲਾਂ ਵੀ ਇਹ ਜ਼ਿਲ੍ਹਾ ਚੋਣ ਅਫ਼ਸਰ ਦੇ ਧਿਆਨ ਵਿੱਚ ਲਿਆਂਦਾ ਸੀ ਪਰ ਇਸ 'ਤੇ ਕੋਈ ਕਾਰਵਾਈ ਨਹੀਂ ਹੋਈ। ਉਨ੍ਹਾਂ ਕਿਹਾ ਕਿ ਹੁਣ ਉਹਨਾਂ ਨੇ ਆਰਟੀਆਈ ਰਾਹੀਂ ਕਰਮਜੀਤ ਅਨਮੋਲ ਦੇ ਸਕੂਲ ਦਾ ਰਿਕਾਰਡ ਹਾਸਲ ਕੀਤਾ ਹੈ ਜਿਸ ਵਿਚ ਸਾਂਫ ਲਿਖਿਆ ਹੈ ਕਿ ਕਰਮਜੀਤ ਅਨਮੋਲ ਮਰਾਸੀ ਜਾਤੀ ਨਾਲ ਸੰਬੰਧਿਤ ਹੈ ਪਰ ਹੁਣ ਇਸ ਨੇ ਐਸਸੀ ਭਾਈਚਾਰੇ ਨਾਲ ਸੰਬੰਧਿਤ ਜਾਤੀ ਦਾ ਸਾਰਟੀਫੀਕੇਟ ਬਣਾ ਕੇ ਨੌਮੀਨੇਸ਼ਨ ਭਰੀ ਹੈ ਜੋ ਸਰਾਸਰ ਗਲਤ ਹੈ।



## ਰੋਪੜ ਨਹਿਰ 'ਚ ਡਿੱਗੀ ਸ਼ਰਧਾਲੂਆਂ ਨਾਲ ਭਰੀ ਗੱਡੀ, 2 ਔਰਤਾਂ ਤੇ 2 ਬੱਚਿਆਂ ਦੀ ਮੌਤ



**ਖੰਨਾ, 24 ਮਈ (ਆਵਾਜ਼ਿ ਕੌਮ ਬਿਊਰੋ)**-ਖੰਨਾ ਦੇ ਸਮਰਾਲਾ ਵਿੱਚ ਝਾੜ ਸਾਹਿਬ ਨੇੜੇ ਇੱਕ ਵੱਡਾ ਹਾਦਸਾ ਵਾਪਰਿਆ ਹੈ ਜਿੱਥੇ ਸ਼ਰਧਾਲੂਆਂ ਨਾਲ ਭਰੀ ਇੱਕ ਮਹਿੰਦਰਾ ਬੋਲੈਰੋ ਗੱਡੀ ਰੋਪੜ ਨਹਿਰ ਵਿੱਚ ਡਿੱਗ ਗਈ। ਇਸ ਹਾਦਸੇ 'ਚ 2 ਬੱਚਿਆਂ ਅਤੇ 2 ਔਰਤਾਂ ਦੀ ਮੌਤ ਹੋ ਗਈ। ਉਥੇ ਹੀ ਇਕ ਬੱਚਾ ਪਾਣੀ 'ਚ ਰੁੜ੍ਹ ਗਿਆ। ਇਸ ਹਾਦਸੇ 'ਚ ਜ਼ਖ਼ਮੀ ਹੋਏ ਲੋਕਾਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਜਾਣਕਾਰੀ ਅਨੁਸਾਰ ਪਾਇਲ ਦੇ ਪਿੰਡ ਨਿਜ਼ਾਮਪੁਰ ਦੇ ਰਹਿਣ ਵਾਲੇ 16 ਵਿਅਕਤੀ ਬਾਬਾ ਵਡਭਾਗ ਸਿੰਘ ਦੇ ਦਰਸ਼ਨਾਂ ਲਈ ਗਏ ਹੋਏ ਸਨ। ਇਹ ਲੋਕ ਮਹਿੰਦਰਾ ਪਿਕਅੱਪ ਬੋਲੈਰੋ ਵਿੱਚ ਸਵਾਰ ਸਨ ਅਤੇ ਇਨ੍ਹਾਂ ਵਿੱਚ 4 ਬੱਚੇ ਵੀ ਸਨ। ਜਦੋਂ ਇਹ ਲੋਕ ਮੱਥਾ ਟੇਕ ਕੇ ਵਾਪਸ ਆ ਰਹੇ ਸਨ ਤਾਂ ਸਵੇਰੇ 7 ਵਜੇ ਦੇ ਕਰੀਬ ਝਾੜ ਸਾਹਿਬ ਨੇੜੇ ਇਨ੍ਹਾਂ ਦੀ ਕਾਰ ਨਹਿਰ ਵਿੱਚ ਜਾ ਡਿੱਗੀ। ਡਰਾਈਵਰ ਦਾ ਕਹਿਣਾ ਹੈ ਕਿ ਅਚਾਨਕ ਕਾਰ ਦੇ ਸਾਹਮਣੇ ਇੱਕ ਬਾਈਕ ਆ ਗਿਆ। ਉਸ ਨੂੰ ਬਚਾਉਣ ਦੀ ਕੋਸ਼ਿਸ਼ ਦੌਰਾਨ ਕਾਰ ਆਪਣਾ ਸੰਤੁਲਨ ਗੁਆ ? ?ਬੈਠੀ ਅਤੇ ਨਹਿਰ ਵਿੱਚ ਜਾ ਡਿੱਗੀ। ਹਾਦਸੇ ਤੋਂ ਬਾਅਦ ਸਮਰਾਲਾ ਅਤੇ ਚਮਕੌਰ ਸਾਹਿਬ ਦੀ ਪੁਲਿਸ ਮੌਕੇ 'ਤੇ ਪਹੁੰਚ ਗਈ। ਮੌਕੇ 'ਤੇ ਵੱਡੀ ਗਿਣਤੀ 'ਚ ਲੋਕ ਵੀ ਇਕੱਠੇ ਹੋ ਗਏ। ਇਸ ਤੋਂ ਬਾਅਦ ਉਨ੍ਹਾਂ ਨੇ ਐਂਬੂਲੈਂਸ ਬੁਲਾਈ ਤੇ ਕਾਰ ਨੂੰ ਹਟਾਉਣ ਲਈ ਕਰੇਨ ਬੁਲਾਈ। ਉਸ ਦੀ ਮਦਦ ਨਾਲ ਗੱਡੀ ਨੂੰ ਬਾਹਰ ਕੱਢਿਆ ਗਿਆ। ਇਸ ਦੇ ਨਾਲ ਹੀ ਪਿੱਕਅੱਪ 'ਚ ਸਵਾਰ ਲੋਕਾਂ ਨੂੰ ਵੀ ਨਹਿਰ 'ਚੋਂ ਕੱਢ ਕੇ ਸੜਕ 'ਤੇ ਲਿਆਂਦਾ ਗਿਆ। ਇੱਥੇ ਲੋਕਾਂ ਨੇ ਜ਼ਖਮੀਆਂ ਨੂੰ ਪਾਣੀ ਪਿਲਾਇਆ ਅਤੇ ਐਂਬੂਲੈਂਸ ਰਾਹੀਂ ਹਸਪਤਾਲ ਪਹੁੰਚਾਇਆ। ਸਾਰੇ ਜ਼ਖਮੀਆਂ ਨੂੰ ਚਮਕੌਰ ਸਾਹਿਬ ਦੇ ਹਸਪਤਾਲ ਲਿਜਾਇਆ ਗਿਆ ਹੈ। ਉਥੇ ਸਾਰਿਆਂ ਦਾ ਇਲਾਜ ਜਾਰੀ ਹੈ।

## ਭਾਈ ਅੰਮ੍ਰਿਤਪਾਲ ਸਿੰਘ ਨੇ ਬਦਲੇ ਖਡੂਰ ਸਾਹਿਬ ਲੋਕ ਸਭਾ ਹਲਕੇ ਦੇ ਸਮੀਕਰਨ ! ਰਵਾਇਤੀ ਪਾਰਟੀਆਂ ਨੂੰ ਸਿੱਧੀ ਟੱਕਰ

**ਚੰਡੀਗੜ੍ਹ, 24 ਮਈ (ਆਵਾਜ਼ਿ ਕੌਮ ਬਿਊਰੋ)**-ਦੇਸ਼ ਤੇ ਦੁਨੀਆ ਭਰ ਵਿੱਚ ਲੋਕ ਸਭਾ ਚੋਣਾਂ 2024 ਦੌਰਾਨ ਸਭ ਤੋਂ ਵੱਡਾ ਸਵਾਲ ਇਹੀ ਹੈ ਕਿ ਨਰਿੰਦਰ ਮੋਦੀ ਮੁੜ ਆਉਣਗੇ ਜਾਂ ਬੀਜੇਪੀ ਦੇ 10 ਸਾਲਾਂ ਦੇ ਰਾਜ ਨੂੰ ਬ੍ਰੇਕ ਲੱਗੇਗੀ ? ਦੂਜੇ ਪਾਸੇ ਪੰਜਾਬ ਅੰਦਰ ਲੋਕਾਂ ਦੀਆਂ ਨਜ਼ਰਾਂ ਆਮ ਆਦਮੀ ਪਾਰਟੀ, ਕਾਂਗਰਸ ਤੇ ਅਕਾਲੀ ਦਲ ਉਪਰ ਹਨ। ਇਸ ਦੌਰਾਨ ਪੰਜਾਬ ਵਿੱਚ ਖਡੂਰ ਸਾਹਿਬ ਲੋਕ ਸਭਾ ਹਲਕਾ ਵੀ ਸੋਸ਼ਲ ਮੀਡੀਆ ਉਪਰ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਅਹਿਮ ਗੱਲ ਹੈ ਕਿ ਖਡੂਰ ਸਾਹਿਬ ਲੋਕ ਸਭਾ ਹਲਕੇ ਦੀ ਚਰਚਾ ਰਵਾਇਤੀ ਪਾਰਟੀਆਂ ਦੇ ਉਮੀਦਵਾਰਾਂ ਕਰਕੇ ਨਹੀਂ ਸਗੋਂ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਐਨਐਸਏ ਤਹਿਤ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ ਕਰਕੇ ਹੈ। 'ਵਾਰਿਸ ਪੰਜਾਬ ਦੇ' ਜਥੇਬੰਦੀ ਤੇ ਧਰਮ ਪ੍ਰਚਾਰਕ ਵਜੋਂ ਜਾਣੇ ਜਾਂਦੇ ਭਾਈ ਅੰਮ੍ਰਿਤਪਾਲ ਸਿੰਘ ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਲੜ ਰਹੇ ਹਨ। ਇਸ ਲਈ ਖਡੂਰ ਸਾਹਿਬ ਲੋਕ ਸਭਾ ਹਲਕੇ 'ਤੇ ਨਜ਼ਰ ਦੇਸ਼-ਵਿਦੇਸ਼ ਵਿੱਚ ਰਹਿੰਦੇ ਸਿੱਖਾਂ ਤੋਂ ਇਲਾਵਾ ਭਾਰਤੀ ਏਜੰਸੀਆਂ ਦੀ ਵੀ ਹੈ। ਦਰਅਸਲ ਖਡੂਰ ਸਾਹਿਬ ਲੋਕ ਸਭਾ ਹਲਕੇ ਨੂੰ ਪੰਥਕ ਹਲਕੇ ਵਜੋਂ ਜਾਣਿਆਂ ਜਾਂਦਾ ਹੈ। ਇਸ ਲਈ ਹਲਕੇ ਵਿੱਚ ਪੰਥਕ ਮੁੱਦੇ ਹੀ ਭਾਰੂ ਹਨ। ਸਾਰੇ ਉਮੀਦਵਾਰ ਇੱਕ-ਦੂਜੇ ਨੂੰ ਪੰਥਕ ਮੁੱਦਿਆਂ ਉਪਰ ਹੀ ਘੇਰ ਰਹੇ ਹਨ। ਪੰਥਕ ਵੋਟ ਦੇ ਦਾਅਵੇਦਾਰ ਸ਼੍ਰੋਮਣੀ ਅਕਾਲੀ ਦਲ ਲਈ ਇੱਥੇ ਸਥਿਤੀ ਕਾਫੀ ਔਖੀ ਬਣੀ ਹੋਈ ਹੈ। ਇਸ ਲਈ ਅਕਾਲੀ ਦਲ ਦੇ ਉਮੀਦਵਾਰ ਵਿਰਸਾ ਸਿੰਘ ਵਲਟੋਹਾ ਆਪਣਾ ਸਭ ਤੋਂ ਵੱਡਾ ਸਿਆਸੀ ਸ਼ਰੀਕ ਭਾਈ ਅੰਮ੍ਰਿਤਪਾਲ ਸਿੰਘ ਨੂੰ ਹੀ ਮੰਨ ਰਹੇ ਹਨ। ਹਲਕੇ ਦੇ ਬਹੁਤੇ ਉਮੀਦਵਾਰ ਖ਼ੁਦ ਨੂੰ ਪੰਥਕ ਜਾਂ ਪੰਥਕ ਪਰਿਵਾਰ ਦਾ ਹਿੱਸਾ ਦੱਸ ਰਹੇ ਹਨ। ਸ਼੍ਰੋਮਣੀ ਅਕਾਲੀ ਦਲ ਦੇ ਵਿਰਸਾ ਸਿੰਘ ਵਲਟੋਹਾ ਚੋਣ ਪ੍ਰਚਾਰ ਦੌਰਾਨ ਪੰਥ ਲਈ ਕੱਟੀ ਜੇਲ੍ਹ ਦਾ ਹਵਾਲਾ ਦਿੰਦੇ ਹਨ। ਕਾਂਗਰਸ ਦੇ ਕੁਲਬੀਰ ਸਿੰਘ ਜ਼ੀਰਾ ਆਪਣੇ ਦਾਦਾ ਤੇ ਸ਼੍ਰੋਮਣੀ ਕਮੇਟੀ ਮੈਂਬਰ ਰਹੇ ਗੁਰਦੀਪ ਸਿੰਘ ਦਾ ਜ਼ਿਕਰ ਕਰਦੇ ਹਨ। 'ਆਪ' ਉਮੀਦਵਾਰ ਲਾਲਜੀਤ ਸਿੰਘ ਭੁੱਲਰ ਸੂਬਾ ਸਰਕਾਰ ਦੀਆਂ ਵਿਕਾਸ ਯੋਜਨਾਵਾਂ ਦੇ ਆਧਾਰ 'ਤੇ ਵੋਟ ਮੰਗ ਰਹੇ ਹਨ। ਪਹਿਲਾਂ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਤ ਰਹੇ ਭਾਜਪਾ ਉਮੀਦਵਾਰ ਮਨਜੀਤ ਸਿੰਘ ਮੰਨਾ ਮੀਆਂਵਿੰਡ ਮੋਦੀ ਦੇ ਨਾਂ 'ਤੇ ਹਲਕੇ ਦੇ ਵਿਕਾਸ ਲਈ ਵੋਟ ਮੰਗ ਰਹੇ ਹਨ। ਦਰਅਸਲ ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਕੁੱਲ 27 ਉਮੀਦਵਾਰ ਮੈਦਾਨ ਵਿੱਚ ਹਨ ਪਰ ਮੁੱਖ ਮੁਕਾਬਲਾ ਪੰਜ ਉਮੀਦਵਾਰਾਂ ਵਿਚਾਲੇ ਹੀ ਮੰਨਿਆ ਜਾ ਰਿਹਾ ਹੈ। ਇਨ੍ਹਾਂ ਵਿੱਚ ਚਾਰ ਰਵਾਇਤੀ ਪਾਰਟੀਆਂ ਦੇ ਉਮੀਦਵਾਰ ਤੇ ਪੰਜਵਾਂ ਭਾਈ ਅੰਮ੍ਰਿਤਪਾਲ ਸਿੰਘ ਹਨ। ਕਾਂਗਰਸੀ ਉਮੀਦਵਾਰ ਕੁਲਬੀਰ ਸਿੰਘ ਜ਼ੀਰਾ, 'ਆਪ' ਉਮੀਦਵਾਰ ਲਾਲਜੀਤ ਸਿੰਘ ਭੁੱਲਰ, ਸ਼੍ਰੋਮਣੀ ਅਕਾਲੀ ਦਲ ਦੇ ਵਿਰਸਾ ਸਿੰਘ ਵਲਟੋਹਾ, ਭਾਜਪਾ ਦੇ ਮਨਜੀਤ ਸਿੰਘ ਮੰਨਾ ਮੀਆਂਵਿੰਡ ਤੇ ਆਜ਼ਾਦ ਉਮੀਦਵਾਰਾਂ ਵਿੱਚੋਂ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਮੁਖੀ ਅੰਮ੍ਰਿਤਪਾਲ ਸਿੰਘ ਪੂਰਾ ਜ਼ੋਰ ਲਾ ਰਹੇ ਹਨ। ਇਨ੍ਹਾਂ ਤੋਂ ਇਲਾਵਾ ਬਸਪਾ ਵੱਲੋਂ ਸਤਨਾਮ ਸਿੰਘ, ਸੀਪੀਆਈ ਦੇ ਗੁਰਦਿਆਲ ਸਿੰਘ, 'ਆਸ ਪੰਜਾਬ ਦੀ' ਪਾਰਟੀ ਤੋਂ ਜੈ ਸਿੰਘ, ਆਲ ਇੰਡੀਆ ਮਜ਼ਦੂਰ ਪਾਰਟੀ (ਰੰਗਰੇਟਾ) ਵੱਲੋਂ ਦਿਲਬਾਗ ਸਿੰਘ ਤੇ ਸਾਂਝੀ ਵਿਰਾਸਤ ਪਾਰਟੀ ਵੱਲੋਂ ਨਵੀਨ ਕੁਮਾਰ ਮੈਦਾਨ ਵਿੱਚ ਹਨ। ਕੁੱਲ 27 ਉਮੀਦਵਾਰਾਂ ਵਿੱਚੋਂ 18 ਉਮੀਦਵਾਰ ਆਜ਼ਾਦ ਚੋਣ ਲੜ ਰਹੇ ਹਨ। ਸਿਆਸੀ ਮਾਹਿਰਾਂ ਦਾ ਮੰਨਣਾ ਹੈ ਕਿ ਇਸ ਵੇਲੇ ਕਾਂਗਰਸ, ਆਮ ਆਦਮੀ ਪਾਰਟੀ, ਸ਼੍ਰੋਮਣੀ ਅਕਾਲੀ ਦਲ, ਭਾਜਪਾ ਅਤੇ ਆਜ਼ਾਦ ਉਮੀਦਵਾਰ ਵਜੋਂ 'ਵਾਰਿਸ ਪੰਜਾਬ ਦੇ' ਅੰਮ੍ਰਿਤਪਾਲ ਸਿੰਘ ਵਿਚਾਲੇ ਸਖਤ ਮੁਕਾਬਲਾ ਬਣਿਆ ਹੋਇਆ। ਉਂਝ ਅੰਮ੍ਰਿਤਪਾਲ ਸਿੰਘ ਦੀ ਆਮਦ ਨੇ ਇਸ ਪੰਥਕ ਹਲਕੇ ਦੇ ਸਿਆਸੀ ਸਮੀਕਰਨ ਬਦਲ ਦਿੱਤੇ ਹਨ। ਨੌਜਵਾਨਾਂ ਵੱਲੋਂ ਅੰਮ੍ਰਿਤਪਾਲ ਸਿੰਘ ਨੂੰ ਭਰਪੂਰ ਸਮਰਥਨ ਮਿਲ ਰਿਹਾ ਹੈ।



## 'ਅਜੀਤ' ਅਖਬਾਰ ਦੇ ਸੰਪਾਦਕ ਦੇ ਦਫਤਰ ਪਹੁੰਚੀ ਵਿਜੀਲੈਂਸ, ਦਫਤਰ ਬਾਹਰ ਚਿਪਕਾਇਆ ਨੋਟਿਸ



**ਜਲੰਧਰ, 24 ਮਈ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਦੇ ਕਸਬਾ ਕਰਤਾਰਪੁਰ ਸਥਿਤ ਜੰਗ-ਏ-ਆਜ਼ਾਦੀ ਮੈਮੋਰੀਅਲ ਕੇਸ ਵਿੱਚ ਨਾਮਜ਼ਦ ਅਜੀਤ ਅਖਬਾਰ ਸਮੂਹ ਦੇ ਮਾਲਕ ਬਰਜਿੰਦਰ ਸਿੰਘ ਹਮਦਰਦ ਦੀਆਂ ਮੁਸੀਬਤਾਂ ਵਧ ਗਈਆਂ ਹਨ। ਅੱਜ ਸਵੇਰੇ ਜਲੰਧਰ ਵਿਜੀਲੈਂਸ ਦੇ ਡੀਐਸਪੀ ਜਤਿੰਦਰ ਜੀਤ ਸਿੰਘ ਆਪਣੀ ਟੀਮ ਨਾਲ ਹਮਦਰਦ ਦੇ ਦਫ਼ਤਰ ਪੁੱਜ ਗਏ। ਉਨ੍ਹਾਂ ਨੇ ਦਫ਼ਤਰ ਦੇ ਬਾਹਰ ਨੋਟਿਸ ਚਿਪਕਾ ਦਿੱਤਾ ਹੈ। ਇਸ ਵਿੱਚ ਹਮਦਰਦ ਨੂੰ 7 ਦਿਨਾਂ ਦੇ ਅੰਦਰ ਵਿਜੀਲੈਂਸ ਸਾਹਮਣੇ ਪੇਸ਼ ਹੋਣ ਦੇ ਹੁਕਮ ਦਿੱਤੇ ਹਨ। ਹਮਦਰਦ ਦੇ ਦਫ਼ਤਰ ਬਾਹਰ ਚਿਪਕਾਏ ਗਏ ਨੋਟਿਸ ਵਿੱਚ ਲਿਖਿਆ ਹੈ ਕਿ ਜੰਗ-ਏ-ਆਜ਼ਾਦੀ ਯਾਦਗਾਰ, ਕਰਤਾਰਪੁਰ ਦੇ ਨਿਰਮਾਣ ਵਿੱਚ ਬੇਨਿਯਮੀਆਂ ਬਾਰੇ ਤਕਨੀਕੀ ਟੀਮਾਂ ਦੀ ਰਿਪੋਰਟ ਦੇ ਆਧਾਰ 'ਤੇ ਐਫਆਈਆਰ ਦਰਜ ਕੀਤੀ ਗਈ ਹੈ। ਇਸ ਵਿਚ ਕਿਹਾ ਗਿਆ ਹੈ ਕਿ ਉਸ (ਹਮਦਰਦ) ਤੇ ਹੋਰਾਂ ਖਿਲਾਫ ਪੈਸੇ ਦੀ ਦੁਰਵਰਤੋਂ ਦੇ ਸਬੂਤ ਮਿਲੇ ਹਨ। ਨੋਟਿਸ ਵਿੱਚ ਵਿਜੀਲੈਂਸ ਨੇ ਲਿਖਿਆ ਹੈ ਕਿ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ ਅਨੁਸਾਰ ਤੁਹਾਨੂੰ ਵਿਜੀਲੈਂਸ ਦਫਤਰ, ਜਲੰਧਰ ਵਿੱਚ ਹਾਜ਼ਰ ਹੋਣਾ ਪਵੇਗਾ। ਵਿਜੀਲੈਂਸ ਵੱਲੋਂ ਹਮਦਰਦ ਤੋਂ ਪੁੱਛਗਿੱਛ ਕੀਤੀ ਜਾ ਸਕਦੀ ਹੈ। ਹਮਦਰਦ ਤੋਂ ਪੁੱਛਗਿੱਛ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਸਕਦੀ ਹੈ। ਦੱਸ ਦਈਏ ਕਿ ਇਸ ਮਾਮਲੇ ਵਿੱਚ ਬਰਜਿੰਦਰ ਸਿੰਘ ਹਮਦਰਦ, ਆਈਏਐਸ ਅਧਿਕਾਰੀ ਵਿਜੇ ਬੁਬਲਾਨੀ ਸਮੇਤ ਕਰੀਬ 26 ਲੋਕਾਂ ਖ਼ਿਲਾਫ਼ ਕੇਸ ਦਰਜ ਕੀਤਾ ਗਿਆ ਸੀ। ਇਸ ਵਿੱਚ ਅਧਿਕਾਰੀਆਂ ਤੇ ਕਰਮਚਾਰੀਆਂ ਸਮੇਤ 16 ਦੇ ਕਰੀਬ ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਹਨ। ਚੋਣ ਕਮਿਸ਼ਨ ਨੇ ਪੂਰੇ ਮਾਮਲੇ ਦੀ ਵਿਸਥਾਰਤ ਰਿਪੋਰਟ ਮੰਗੀ ਹੈ। ਇਸ ਮਾਮਲੇ ਵਿੱਚ ਜਲੰਧਰ ਵਿਜੀਲੈਂਸ ਬਿਊਰੋ ਨੇ ਆਈਪੀਸੀ ਦੀ ਧਾਰਾ 420, 406, 409, 465, 467, 468, 471, 120-ਬੀ ਤੇ ਭ੍ਰਿਸ਼ਟਾਚਾਰ ਰੋਕੂ ਐਕਟ ਦੀ ਧਾਰਾ 13 (1) ਏ ਦੇ ਨਾਲ 13 (2) ਵੀ ਸ਼ਾਮਲ ਕੀਤੀ ਹੈ।

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ। ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

- ਭਾਈ ਬਲਜੀਤ ਸਿਘ ਕੰਗ/Bhai Baljit Singh Kang

+44 7780 605230

- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

BOOK YOUR SEATS NOW

Nankana Sahib Yatra Committe U.K.

ਆਵਾਜ਼ਿ ਕੌਮ AWAZE QAUM International Newspaper & WEB TV


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਆਵਾਜ਼ਿ ਕੌਮ AWAZE QAUM International Newspaper & WEB TV
ਸੰਤ ਬਾਬਾ ਨਰਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਸੰਤ ਬਾਬਾ ਬਲਵਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਬਾਬਾ ਸੁਖਵਿੰਦਰ ਸਿੰਘ ਸੁੱਖਾ ਜੀ ਕਾਰਸੇਵਾ ਸੰਪਰਦਾਇ ਭੂਰੀ ਵਾਲੇ
ਸ੍ਰੀ ਮਹੰਤ ਬਾਬਾ ਰੇਸ਼ਮ ਸਿੰਘ ਜੀ ਸ਼ੇਖਵਾਂ ਵਾਲੇ
ਮਹੰਤ ਹਾਕਮ ਸਿੰਘ ਜੀ ਕੋਠਾ ਗੁਰੂ ਵਾਲੇ
ਮਹੰਤ ਚਮਕੌਰ ਸਿੰਘ ਜੀ ਪੰਜਗਰਾਈਆਂ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਗਿਆਨੀ ਸੁਰਜੀਤ ਸਿੰਘ ਸੋਢੀ ਜੀ ਦਮਦਮੀ ਟਕਸਾਲ ਵਾਲੇ
ਡਾ. ਸੰਤ ਗੁਰਨਾਮ ਸਿੰਘ ਜੀ ਡਰੋਲੀ ਭਾਈਕੇ
ਬਾਬਾ ਸਾਧੂ ਸਿੰਘ ਲੰਡੇਆਣੇ ਵਾਲੇ
ਸੰਤ ਬਾਬਾ ਹਰੀ ਸਿੰਘ ਜੀ ਨਾਨਕਸਰ ਹਰੀਕੇ ਵਾਲੇ
ਬਾਬਾ ਹਰਨਾਮ ਸਿੰਘ ਸੁਆਮੀ ਜੀ ਮਾਹਿਲਪੁਰ ਬੁੰਗੇ ਵਾਲੇ
ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਆਵਾਜ਼ਿ ਕੌਮ AWAZE QAUM International Newspaper & WEB TV
ਬਾਬਾ ਸੁਖਵਿੰਦਰ ਸਿੰਘ ਅਗਵਾਨ ਭਤੀਜੇ ਸ਼ਹੀਦ ਭਾਈ ਸਤਵੰਤ ਸਿੰਘ
ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦਬਾਗ ਵਾਲੇ
ਸੰਤ ਬੀਬੀ ਜਸਪ੍ਰੀਤ ਕੌਰ ਮਾਹਿਲਪੁਰ ਬੁੰਗੇ ਵਾਲੇ
ਸੰਤ ਬਾਬਾ ਸੁਖਵਿੰਦਰ ਸਿੰਘ ਜੀ ਮਲਕਪੁਰ ਵਾਲੇ
ਸੰਤ ਬਾਬਾ ਸਰਵਣ ਸਿੰਘ ਜੀ ਮਲਕਪੁਰ ਵਾਲੇ
ਸੰਤ ਬਾਬਾ ਸੁਰਜੀਤ ਸਿੰਘ ਝਾੜ ਸਾਹਿਬ ਕੈਰੋਂ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸੰਤ ਗਿਆਨੀ ਸੁਰਜੀਤ ਸਿੰਘ ਜੀ ਮਹਿਰੋਂ ਵਾਲੇ
ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ ਵਿਦਿਆਲਾ ਆਸਲ ਉਤਾੜ ਵਾਲੇ
ਸੰਤ ਬਾਬਾ ਮੰਜ ਦਾਸ ਜੀ ਮਾੜੀ ਕੰਬੋਕੀ ਵਾਲੇ
ਸੰਤ ਬਾਬਾ ਬਲਵਿੰਦਰ ਸਿੰਘ ਜੀ ਮਾੜੀ ਕੰਬੋਕੀ ਵਾਲੇ
ਜਥੇਦਾਰ ਬਾਬਾ ਗੁਰਦੇਵ ਸਿੰਘ ਜੀ ਦਸੂਹੇ ਵਾਲੇ ਸ਼੍ਰੋਮਣੀ ਭਗਤ ਧੰਨਾ ਜੀ ਤਰਨਾ ਦਲ
ਸੰਤ ਬਾਬਾ ਦਰਸ਼ਨ ਸਿੰਘ ਮਾਲੂੰਕਾ ਫੱਤਾ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਆਵਾਜ਼ਿ ਕੌਮ AWAZE QAUM International Newspaper & WEB TV
ਗਿਆਨੀ ਹਰਪ੍ਰੀਤ ਸਿੰਘ ਜੀ ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ
ਬਾਬਾ ਸਰਬਜੋਤ ਸਿੰਘ ਜੀ ਬੇਦੀ ਅੰਸ਼-ਵੰਸ਼ ਸ੍ਰੀ ਗੁਰੂ ਨਾਨਕ ਦੇਵ ਜੀ
ਭਾਈ ਈਸ਼ਰ ਸਿੰਘ ਜੀ ਸਪੁੱਤਰ ਸੰਤ ਭਿੰਡਰਾਂਵਾਲੇ
ਜਥੇਦਾਰ ਬਾਬਾ ਬਲਬੀਰ ਸਿੰਘ ਜੀ ਮੁਖੀ ਬੁੱਢਾ ਦਲ 96 ਕਰੋੜੀ
ਜਥੇਦਾਰ ਬਾਬਾ ਅਵਤਾਰ ਸਿੰਘ ਜੀ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ
ਜਥੇਦਾਰ ਬਾਬਾ ਜੋਗਾ ਸਿੰਘ ਜੀ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸੰਤ ਬਾਬਾ ਕਸ਼ਮੀਰ ਸਿੰਘ ਜੀ ਕਾਰ ਸੇਵਾ ਭੂਰੀ ਵਾਲੇ
ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦੋਆਬਾ
ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ
ਸੰਤ ਬਾਬਾ ਗੁਰਦੇਵ ਸਿੰਘ ਜੀ ਗੁ. ਸ਼ਹੀਦੀ ਬਾਗ ਸ੍ਰੀ ਅਨੰਦਪੁਰ ਸਾਹਿਬ
ਸੰਤ ਬਾਬਾ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ
ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ ਮੁਖੀ ਦਸ਼ਮੇਸ਼ ਤਰਨਾ ਦਲ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਆਵਾਜ਼ਿ ਕੌਮ AWAZE QAUM International Newspaper & WEB TV
ਮਹੰਤ ਬਾਬਾ ਕਾਹਨ ਸਿੰਘ ਜੀ ਸੇਵਾ ਪੰਥੀ ਗੋਨਿਆਣਾ
ਸੰਤ ਬਾਬਾ ਅਵਤਾਰ ਸਿੰਘ ਜੀ ਧੂਲਕੋਟ ਵਾਲੇ
ਭਾਈ ਅਮੋਲਕ ਸਿੰਘ ਜੀ ਅਖਾੜਾ
ਜਥੇਦਾਰ ਬਾਬਾ ਸਰਵਣ ਸਿੰਘ ਜੀ ਰਸਾਲਦਾਰ ਬੁੱਢਾ ਦਲ
ਬਾਬਾ ਅਮਰੀਕ ਸਿੰਘ ਜੀ ਕਾਰਸੇਵਾ ਪਟਿਆਲੇ ਵਾਲੇ
ਬਾਬਾ ਜੋਗਾ ਸਿੰਘ ਜੀ ਕਰਨਾਲ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਬਾਬਾ ਬਲਦੇਵ ਸਿੰਘ ਜੀ ਜੋਗੇ ਵਾਲੇ
ਬਾਬਾ ਮਨਮੋਹਨ ਸਿੰਘ ਜੀ ਬਾਰਨ ਵਾਲੇ
ਬਾਬਾ ਸੁੱਖਾ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਬਾਬਾ ਹਾਕਮ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਸੰਤ ਬਾਬਾ ਸ਼ਿੰਦਰ ਸਿੰਘ ਜੀ ਗੁ. ਫਤਿਹਗੜ੍ਹ ਸਭਰਾਵਾਂ ਵਾਲੇ
ਬਾਬਾ ਰਣਜੀਤ ਸਿੰਘ ਜੀ ਸੇਵਾ ਪੰਥੀ ਗੋਨਿਆਣਾ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡੇਧਾਰ ਹੋਇ ਜਨਮ ਸੁਹੇਲਾ ॥

# ਅੰਮ੍ਰਿਤ ਸੰਚਾਰ

8 ਜੂਨ 2024, ਸ਼ਨਿੱਚਰਵਾਰ 12:00
ਅੰਮ੍ਰਿਤ ਦਾ ਬਾਟਾ ਤਿਆਰ ਹੋਵੇਗਾ

ਅੰਮ੍ਰਿਤ ਅਭਿਲਾਖੀ 11:00 ਵਜੇ
ਪੁਹੰਚਣ ਕਿਰਪਾਲਤਾ ਕਰਨ ਜੀ

ਪੰਜ ਪਿਆਰੇ ਸਾਹਿਬਾਨ
ਯੂ. ਕੇ. ਤੋਂ ਪਹੁੰਚ ਰਹੇ ਹਨ

ਗੁਰਦੁਆਰਾ ਸਾਹਿਬ ਵੱਲੋਂ
ਕੱਕਾਰ ਭੇਟਾਂ ਰਹਿਤ ਮਿਲਣਗੇ

ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਅੰਮ੍ਰਿਤ ਦੇ ਅਭਿਲਾਖੀ ਸਮੇਂ ਸਿਰ ਪੁਹੰਚ ਕੇ ਅੰਮ੍ਰਿਤਧਾਰੀ ਹੋ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☚ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☚ ਸ਼ੇਅਰ ਜ਼ਰੂਰੀ ਕਰਨਾ ਜੀ ☚ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਸ੍ਰੀ ਅਕਾਲ ਜੀ ਸਹਾਇ
ਦੇਗ ਤੇਗ ਫਤਿਹ
ਪੰਥ ਕੀ ਜੀਤ
ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ
ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ
ਸ਼ਬਦ ਕੀਰਤਨ ਅਤੇ
ਕਥਾ ਸਮਾਗਮ
1 ਮਈ ਤੋਂ 31 ਮਈ 2024 ਤੱਕ
ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।
1 ਮਈ ਬੁੱਧਵਾਰ ਜਬੋਵਾਲ ਸ਼ਾਮ 6 ਤੋਂ 8 ਵਜੇ ਤੱਕ
2 ਮਈ ਵੀਰਵਾਰ ਜੱਫਰਵਾਲ ਸ਼ਾਮ 6 ਤੋਂ 8 ਵਜੇ ਤੱਕ
3 ਮਈ ਸ਼ੁੱਕਰਵਾਰ ਸਹਾਇਪੁਰ ਸ਼ਾਮ 6 ਤੋਂ 8 ਵਜੇ ਤੱਕ
4 ਮਈ ਸ਼ਨੀਵਾਰ ਮੁਰਾਦਪੁਰ ਸ਼ਾਮ 6 ਤੋਂ 8 ਵਜੇ ਤੱਕ
5 ਮਈ ਐਤਵਾਰ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਸ਼ਾਮ 5 ਤੋਂ 7 ਵਜੇ ਤੱਕ
6 ਮਈ ਸੋਮਵਾਰ ਕਾਹਲਵਾ ਸ਼ਾਮ 6 ਤੋਂ 8 ਵਜੇ ਤੱਕ
7 ਮਈ ਮੰਗਲਵਾਰ ਉੱਦੋ ਨੰਗਲ ਸ਼ਾਮ 6 ਤੋਂ 8 ਵਜੇ ਤੱਕ
8 ਮਈ ਬੁੱਧਵਾਰ ਬਾਬੋਵਾਲ ਸ਼ਾਮ 6 ਤੋਂ 8 ਵਜੇ ਤੱਕ
9 ਮਈ ਵੀਰਵਾਰ ਧਰਦਿਉ ਸ਼ਾਮ 6 ਤੋਂ 8 ਵਜੇ ਤੱਕ
10 ਮਈ ਸ਼ੁੱਕਰਵਾਰ ਧਿਆਨਪੁਰ ਸ਼ਾਮ 6 ਤੋਂ 8 ਵਜੇ ਤੱਕ
11 ਮਈ ਸ਼ਨੀਵਾਰ ਗੁ: ਬਾਬਾ ਪੱਲਾ ਜੀ ਬੁਤਾਲਾ ਸ਼ਾਮ 6 ਤੋਂ 8 ਵਜੇ ਤੱਕ
12 ਮਈ ਐਤਵਾਰ ਸਦਾਰੰਗ ਸ਼ਾਮ 6 ਤੋਂ 8 ਵਜੇ ਤੱਕ
13 ਮਈ ਸੋਮਵਾਰ ਸੂਸਾ ਸ਼ਾਮ 6 ਤੋਂ 8 ਵਜੇ ਤੱਕ
14 ਮਈ ਮੰਗਲਵਾਰ ਗੁ: ਬਾਬਾ ਮਤੁ ਜੀ ਮੀਕੇ ਸ਼ਾਮ 6 ਤੋਂ 8 ਵਜੇ ਤੱਕ
15 ਮਈ ਬੁੱਧਵਾਰ ਭਾਮ ਸ਼ਾਮ 6 ਤੋਂ 8 ਵਜੇ ਤੱਕ
16 ਮਈ ਵੀਰਵਾਰ ਭਲਾਈਪੁਰ ਪੁਰਬਾ ਸ਼ਾਮ 6 ਤੋਂ 8 ਵਜੇ ਤੱਕ
17 ਮਈ ਸ਼ੁੱਕਰਵਾਰ ਨਿੱਕੇ ਘੁੰਮਣ ਸ਼ਾਮ 6 ਤੋਂ 8 ਵਜੇ ਤੱਕ
18 ਮਈ ਸ਼ਨੀਵਾਰ ਗੁ: ਕੰਧ ਸਾਹਿਬ (ਬਟਾਲਾ) ਸ਼ਾਮ 6 ਤੋਂ 8 ਵਜੇ ਤੱਕ
19 ਮਈ ਐਤਵਾਰ ਗੁ: ਬਾਬਾ ਬਕਾਲਾ ਸਾਹਿਬ ਸਵੇਰੇ 10 ਤੋਂ 12 ਵਜੇ ਤੱਕ ਸਿਆਲਕਾ
20 ਮਈ ਸੋਮਵਾਰ ਲੀਲ ਕਲਾਂ ਸ਼ਾਮ 6 ਤੋਂ 8 ਵਜੇ ਤੱਕ
21 ਮਈ ਮੰਗਲਵਾਰ ਚੌਧਰੀਵਾਲ ਸ਼ਾਮ 6 ਤੋਂ 8 ਵਜੇ ਤੱਕ
22 ਮਈ ਬੁੱਧਵਾਰ ਤਰਸਿੱਕਾ ਭਗਤਾਂ ਦਾ ਡੇਰਾ ਸ਼ਾਮ 6 ਤੋਂ 8 ਵਜੇ ਤੱਕ
23 ਮਈ ਵੀਰਵਾਰ ਤਾਹਰਪੁਰ ਸ਼ਾਮ 6 ਤੋਂ 8 ਵਜੇ ਤੱਕ
24 ਮਈ ਸ਼ੁੱਕਰਵਾਰ ਬਾਸਰਪੁਰ ਰਾਤ 8 ਤੋਂ 10 ਵਜੇ ਤੱਕ
25 ਮਈ ਸ਼ਨੀਵਾਰ ਖੱਬੇ ਰਾਜਪੂਤਾਂ ਸ਼ਾਮ 6 ਤੋਂ 8 ਵਜੇ ਤੱਕ
26 ਮਈ ਐਤਵਾਰ ਭੀਲੋਵਾਲ ਸ਼ਾਮ 6 ਤੋਂ 8 ਵਜੇ ਤੱਕ
27 ਮਈ ਸੋਮਵਾਰ ਜੇਠੂਵਾਲ ਸ਼ਾਮ 6 ਤੋਂ 8 ਵਜੇ ਤੱਕ
28 ਮਈ ਮੰਗਲਵਾਰ ਗੁ: ਰਾਮ ਥੰਮਣ ਸਾਹਿਬ ਮਨੋਸ਼ ਸ਼ਾਮ 6 ਤੋਂ 8 ਵਜੇ ਤੱਕ
29 ਮਈ ਬੁੱਧਵਾਰ ਮੋਹਣੀਆ ਕੁਹਾਰਾ ਸ਼ਾਮ 6 ਤੋਂ 8 ਵਜੇ ਤੱਕ
30 ਮਈ ਵੀਰਵਾਰ ਜਲਾਲ ਉਸਮਾ ਸ਼ਾਮ 6 ਤੋਂ 8 ਵਜੇ ਤੱਕ
31 ਮਈ ਸ਼ੁੱਕਰਵਾਰ ਮਹਿਤਾ ਚੌਂਕ ਸ਼ਾਮ 6 ਤੋਂ 8 ਵਜੇ ਤੱਕ
1-2-3-4-5 ਜੂਨ 2024 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2024, ਵੀਰਵਾਰ ਨੂੰ
ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ
ਜਾਰੀ ਕਰਤਾ:
ਖਾਲਸਾ ਅਕੈਡਮੀ
ਨਰਸਰੀ ਤੋਂ +2 ਤੱਕ
ਖਾਲਸਾ ਪ੍ਰੀਮੀਅਮ ਸਕੂਲ
I.C.S.E. Board
Pre-Nur to 8th
ਖਾਲਸਾ ਹੋਸਟਲ
Fully A.C.
ਗੁਰਬਾਣੀ ਸੰਥਿਆ
ਖਾਲਸਾ
ਦਾਖ਼ਲਾ ਸ਼ੁਰੂ
99155-85685
ਸੰਪਰਕ: 99158-00904, 97793-10040, 98158-14158, 84376-91626




ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ॥





## ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿਚ ਪਿੰਡ ਸਲੇਮਪੁਰ ਮਸੰਦਾਂ ਦੀ ਸਮੂੰਹ ਸਾਧ ਸੰਗਤ ਵਲੋਂ ਗੁਰੂ ਨਾਨਕ ਗੁਰਦੁਆਰਾ ਵਾਲਸਾਲ ਰੋਡ ਵਿਲਨਹਾਲ ਵਿਖੇ

# ਧਾਰਮਿਕ ਸਮਾਗਮ 30 ਜੂਨ 2024, ਦਿਨ ਐਤਵਾਰ

ਗੁਰੂ ਪਿਆਰੀ ਸਾਧ ਸੰਗਤ ਜੀਓ, ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿੱਚ ਪਿੰਡ ਸਲੇਮਪੁਰ ਮਸੰਦਾਂ ਦੀ ਸਾਧ ਸੰਗਤ ਦੇ ਸਹਿਯੋਗ ਨਾਲ 30 ਜੂਨ 2024 ਦਿਨ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਸੋ ਸਮੂੰਹ ਸਾਧ ਸੰਗਤ ਅਤੇ ਪਿੰਡ ਸਲੇਮਪੁਰ ਮਸੰਦਾਂ ਦੇ ਨਗਰ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਦੀ ਰੌਣਕ ਵਧਾਉਣ ਲਈ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

### --✶ ਪ੍ਰੋਗਰਾਮ ✶--

☛ ਆਰੰਭ ਸ੍ਰੀ ਆਖੰਡਪਾਠ ਸਾਹਿਬ ਦਿਨ ਸ਼ੁਕਰਵਾਰ 28 ਜੂਨ 2024 ਸਵੇਰੇ 9:00 ਵਜੇ

☛ ਭੋਗ ਸ੍ਰੀ ਆਖੰਡਪਾਠ ਸਾਹਿਬ ਦਿਨ ਐਤਵਾਰ 30 ਜੂਨ 2024 ਸਵੇਰੇ 10 ਵਜੇ

☛ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਕੀਰਤਨ (11.00 ਵਜੇ ਸਵੇਰੇ) ਅਤੇ ਕਥਾ ਦੁਆਰਾ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ

☛ ਤਿੰਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ

"WAHEGURU JI KA KHALSA
WAHEGURU JI KI FATEH"
On the special occasion of
DHAN DHAN BABA DASSA JI'S
70TH ANNUAL MELA
AKHAND PATH SAHIB
at
Guru Nanak Sikh Gurudwara Sahib
65-67 Walsall Rd, Willenhall
WV13 2RD,
United Kingdom

*Your presence is requested to attend as per programme*
*DATES: 28th June 2024 to 30th June 2024*
*28th June*
*Arambh Sri Akhand Path Sahib:9:00am*
*30th June*
*Bhog Sri Akhand Path Sahib: 10:00am*
*Kirtan: 11:00am*
*Langar: After kirtan*
*FROM:*
*ALL SANGAT OF SALEMPUR MASSANDAN*

ਗੁਰਦੁਆਰਾ ਸਾਹਿਬ ਦਾ ਪਤਾ : **Guru Nanak Gurdawara, 65-67 Walsall Road, Willenhall, WV 13 2RD**

30 ਜੂਨ, ਦਿਨ ਐਤਵਾਰ ਨੂੰ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਦੁਨੀਆਂ ਭਰ ਵਿੱਚ ਆਵਾਜ਼ਿ ਕੌਮ ਵੈੱਬ ਟੀ. ਵੀ. 'ਤੇ ਦੇਖਿਆ ਜਾ ਸਕਦਾ ਹੈ।

**ਬੇਨਤੀ ਕਰਤਾ : ਇੰਗਲੈਂਡ ਨਿਵਾਸੀ ਸਾਧ ਸੰਗਤ, ਪਿੰਡ ਸਲੇਮਪੁਰ ਮਸੰਦਾਂ ਜ਼ਿਲ੍ਹਾ ਜਲੰਧਰ (ਪੰਜਾਬ)**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

**ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ**

- 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ
- 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜੇ ਤੱਕ, ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ, 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

**☛ ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ**

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

**★ ਗੁਰੂ ਪੰਥ ਦੇ ਦਾਸਰੇ ★**

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਅਵਤਾਰ ਪੁਰਬ

**ਅਵਤਾਰ ਪੁਰਬ ਧੰਨ-ਧੰਨ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।**

ਸ਼ਨਿੱਚਰਵਾਰ 25 ਮਈ ਸ਼ਾਮ 5 ਤੋਂ 6 ਵਜੇ ਤੱਕ ਵਾਹਿਗੁਰੂ ਸਿਮਰਨ 6 ਤੋ 8 ਵਜੇ ਤੱਕ ਦੀਵਾਨ ਸੱਜਣਗੇ।

26 ਮਈ 2024 ਐਤਵਾਰ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਗਿਆਨੀ ਸੁਖਚੈਨ ਸਿੰਘ ਦਮਦਮੀ ਟਕਸਾਲ ਵਾਲੇ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗੇਗਾ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ।।


ਬਾਬਾ ਬੰਦਾ ਸਿੰਘ ਬਹਾਦਰ ਜੀ
ਬੇਗ਼ਮਪੁਰਾ ਖਾਲਸਾ ਰਾਜ ਦੇ ਸੰਸਥਾਪਕ


ਪੇਰੀਆਰ ਜੀ


ਬਾਬਾ ਸਾਹਿਬ ਡਾ. ਅੰਬੇਡਕਰ ਜੀ


ਸਾਹਿਬ ਕਾਂਸ਼ੀ ਰਾਮ ਜੀ


ਮਹਾਰਾਜਾ ਰਣਜੀਤ ਸਿੰਘ ਜੀ

ਜੇਕਰ ਮੈਨੂੰ ਤੁਸੀਂ ਵੋਟਰਾਂ ਨੇ ਹੁਸ਼ਿਆਰਪੁਰ ਤੋਂ ਚੋਣ ਜਿਤਾ ਕੇ ਸਾਂਸਦ ਬਣਾਇਆ ਤਾਂ ਪੰਜਾਬ ਵਿੱਚ ਬਾਘਾ, ਹੁਸੈਨੀਵਾਲਾ, ਅਟਾਰੀਵਾਲਾ ਅਤੇ ਕਰਤਾਰਪੁਰ ਲਾਂਘਾ ਖੋਲ੍ਹਣ ਅਤੇ ਸੜਕੀ ਮਾਰਗ ਦੁਆਰਾ ਕਾਰੋਬਾਰ ਸ਼ੁਰੂ ਕਰਵਾਉਣ ਦੀ ਹਰੇਕ ਸੰਭਵ ਕੋਸ਼ਿਸ਼ ਕਰਾਂਗਾ। ਇਹ ਸਰਹੱਦੀ ਸੜਕੀ ਲਾਂਘੇ ਜੇ ਖੁੱਲ੍ਹ ਗਏ ਤਾ ਕਿਸਾਨ ਟਰੱਕਾਂ ਦੇ ਜ਼ਰੀਏ ਪੰਜਾਬ ਤੋਂ ਪਾਕਿਸਤਾਨ, ਈਰਾਨ ਦੁਆਰਾ ਮੱਧ ਪੂਰਬ ਏਸ਼ੀਆ ਅਤੇ ਯੂਰਪ ਤੀਕਰ ਅਨਾਜ ਅਤੇ ਸਬਜ਼ੀਆਂ ਆਦਿਕ ਦੀ ਤਿਜਾਰਤ ਕਰ ਸਕਣਗੇ, ਜਿਸਦੇ ਫਲਸਰੂਪ ਕਿਸਾਨਾਂ, ਛੋਟੇ ਵੱਡੇ ਵਿਉਪਾਰੀਆਂ ਅਤੇ ਹੋਰ ਕਾਮਗਾਰਾਂ ਅਤੇ ਕਾਰੋਬਾਰੀ ਜਮਾਤਾਂ ਨੂੰ ਸਿੱਧਾ ਫਾਇਦਾ ਹੋਵੇਗਾ।

ਭਾਈ ਅੰਮ੍ਰਿਤਪਾਲ ਸਿੰਘ ਦੀ ਤਲਾਸ਼ ਦੇ ਪੱਜ ਉਹਲੇ ਸ਼ਾਸ਼ਕਾਂ ਦੀ ਸ਼ਹਿ ਤੇ ਪੁਲਿਸ ਨੇ ਹਜ਼ਾਰਾਂ ਹੀ ਨਿਰਦੋਸ਼ ਨੌਜੁਆਨਾਂ ਉੱਤੇ ਫਰਜ਼ੀ ਮੁਕੱਦਮੇ ਦਰਜ ਕੀਤੇ ਹਨ। ਜੇਕਰ ਤੁਸੀਂ ਮੈਨੂੰ ਜਿਤਾ ਕੇ ਸਾਂਸਦ ਬਣਾਇਆ ਤਾਂ ਮੈਂ ਸਾਰੇ ਹੀ ਫਰਜ਼ੀ ਮੁਕੱਦਮੇ ਖਤਮ ਕਰਵਾਉਣ ਵਾਲਾ ਕੰਮ ਕਰਾਂਗਾ।

ਅੱਜ ਪੰਜਾਬ ਵਿੱਚ ਬ੍ਰਾਹਮਣਵਾਦੀ ਸ਼ਕਤੀਆਂ ਹਾਵੀ ਹੋ ਚੁੱਕੀਆਂ ਹਨ। ਇਹ ਬ੍ਰਾਹਮਣਵਾਦੀ ਸ਼ਕਤੀਆਂ ਅਦਿੱਖ ਗੁਪਤ ਰੂਪ ਵਿੱਚ ਪੰਜਾਬੀਆਂ ਨੂੰ ਆਪਸ ਵਿੱਚ ਲੜਾਉਣ ਭਿੜਾਉਣ ਦੀ ਸ਼ਾਜਿਸ਼ ਕਰਦੀਆਂ ਹਨ। ਮੈਂ ਪੰਜਾਬੀ ਵੀਚਾਰਧਾਰਕ ਕੈਦੀਆਂ ਨੂੰ, ਬ੍ਰਾਹਮਣਵਾਦੀ-ਵੀਚਾਰਧਾਰੀ ਜੇਲਾਂ ਤੋਂ ਮੁਕਤ ਕਰਵਾਂਵਾਗਾ, ਪੰਜਾਬ ਨਾਲ ਮੇਰਾ ਇਹ ਵਾਅਦਾ ਹੈ। ਪੰਜਾਬੀ ਇੱਕ ਵਿਲੱਖਣ ਸੱਭਿਆਚਾਰ ਹੈ ਇਸ ਲਈ ਪੰਜਾਬੀਆਂ ਦੀਆਂ ਖੁਸ਼ੀਆਂ ਵੀ ਸਾਂਝੀਆਂ ਹਨ।

ਮੇਰੇ ਵਿਚਾਰ ਅਨੁਸਾਰ ਪ੍ਰਾਂਤਕ ਸਟੇਟ, ਸਵੈਸਾਸਤ ਖੁਦਮੁਖਤਾਰ ਪਿੰਡਾਂ ਦੀ ਇਕਾਈ ਹੋਣੀ ਚਾਹੀਦੀ ਹੈ ਅਤੇ ਇੰਡੀਆ ਸਵੈਸਾਸਤ ਖੁਦਮੁਖਤਾਰ ਪ੍ਰਾਂਤ-ਸਟੇਟਾਂ ਦੀ ਯੂਨੀਅਨ ਹੋਣੀ ਚਾਹੀਦੀ ਹੈ। ਇਸ ਦਸ਼ਾ ਤੋਂ ਬਿਨਾਂ ਲੋਕਾਂ ਉੱਤੇ ਟੁੱਟ ਰਹੇ ਪੁਲਿਸ, ਨੌਕਰਸ਼ਾਹੀ ਅਤੇ ਨਿਆਇਕ ਜ਼ੁਲਮਾਂ ਉੱਤੇ ਠੱਲ੍ਹ ਨਹੀਂ ਪੈ ਸਕਦੀ। ਪੇਂਡੂ ਕਿੱਤਾਕਾਰ ਜਮਾਤਾਂ ਦੇ ਦੁਆਰਾ ਆਪੇ ਨਾਮਜ਼ਦ ਸਿਆਣੇ ਬੰਦਿਆਂ ਦੀ ਸੰਸਥਾਂ ਦੀ ਹੀਂ ਪੰਚਾਇਤ ਬਣਨੀ ਚਾਹੀਦੀ ਹੈ, ਜਿਸ ਦੇ ਫਲਸਰੂਪ ਪੇਂਡੂ ਭਾਈਚਾਰਾ ਅਤੇ ਸਾਂਝ ਅਤੇ ਮੁਕਤ ਜੀਵਨ ਦੀ ਮੁੜ ਬਹਾਲੀ ਸੰਭਵ ਹੋ ਸਕਦੀ ਹੈ।



ਪੰਜਾਬ ਦੀ ਰਾਜਧਾਨੀ ਚੰਡੀਗੜ੍ਹ, ਵਰਤਮਾਨ ਵਿੱਚ ਕੇਂਦਰ ਸਰਕਾਰ ਅਧੀਨ ਯੂਨੀਅਨ ਟੈਰਟਰੀ ਬਣਾ ਦਿੱਤੀ ਗਈ ਹੈ, ਜਿੱਥੇ ਪੰਜਾਬੀਆਂ ਦੇ ਮੁਕਤ ਵਿਚਰਣ ਉੱਤੇ ਪਾਬੰਦੀਆਂ ਲਗਾ ਦਿੱਤੀਆਂ ਗਈਆਂ ਹਨ। ਮੈਂ ਪੰਜਾਬੀਆਂ ਦੀ ਖੁਦਮੁਖਤਿਆਰੀ ਦੀ ਰੱਖਿਆ ਹਿੱਤ ਕੰਮ ਕਰਾਂਗਾ।

ਗੁਰੂ ਗੋਬਿੰਦ ਸਿੰਘ ਜੀ ਦਾ ਨਿਸ਼ਾਨਾ 96 ਕਰੋੜੀ ਖਾਲਸਾ ਹੈ। ਗੁਰੂ ਗੋਬਿੰਦ ਸਿੰਘ ਜੀ ਦਾ ਨਿਸ਼ਾਨਾ ਹੀ ਸਾਡਾ ਨਿਸ਼ਾਨਾ ਹੈ। ਉਸ ਨਿਸ਼ਾਨੇ ਨੂੰ ਹਾਸਿਲ ਕਰਨ ਵਾਸਤੇ ਅਸੀਂ ਨਿਰਵਿਘਨ ਕੋਸ਼ਿਸ਼ਾਂ ਜਾਰੀ ਰੱਖਾਂਗੇ।

ਮੈਂ ਲੰਮੀ ਅਤੇ ਅਨਿਸ਼ਚਿਤ ਕਾਲ ਵਾਲੀ ਜੇਲ੍ਹ ਕੱਟ ਰਹੇ ਸਿੱਖ ਰਾਜਨੀਤਕ ਬੰਦੀਆਂ ਦੀ ਰਿਹਾਈ ਵਾਸਤੇ ਨਿਆਂਪਾਲਿਕਾ ਅਤੇ ਵਿਧਾਨਪਾਲਿਕਾ (ਸੰਸਦ) ਦੋਨਾਂ ਵਿੱਚ ਸੰਘਰਸ਼ ਕਰਾਂਗਾ।

ਚੋਣ ਨਿਸ਼ਾਨ


ਗੰਨਾ-ਕਿਸਾਨ

ਲੋਕ ਸਭਾ ਹਲਕਾ 05 ਹੁਸ਼ਿਆਰਪੁਰ ਤੋਂ ਬਹੁਜਨ ਮਿਸ਼ਨਰੀ ਉਮੀਦਵਾਰ

# ਜੀਵਨ ਸਿੰਘ ਤਮਿਲ

(ਐਡਵੋਕੇਟ ਸੁਪਰੀਮ ਕੋਰਟ, ਭਾਰਤ)

ਨੂੰ ਮਿਤੀ 1 ਜੂਨ, 2024 ਨੂੰ ਚੋਣ ਨਿਸ਼ਾਨ **ਗੰਨਾ ਕਿਸਾਨ** ਦੇ ਸਾਹਮਣੇ 8 ਨੰਬਰ ਦਾ ਬਟਨ ਦਬਾ ਕੇ ਕਾਮਯਾਬ ਬਣਾਓ ਜੀ।

## ਵਲੋਂ-ਬਹੁਜਨ ਦ੍ਰਵਿੜ੍ਹ ਪਾਰਟੀ, ਯੂਨਿਟ ਹੁਸ਼ਿਆਰਪੁਰ (ਪੰਜਾਬ)

ਮੋਬਾਇਲ - 97800-88518, 97173-66805

# ਜੂਨ 1984 ਦੇ ਘੱਲੂਘਾਰੇ ਸਮੇਂ ਦੀ ਤਸਵੀਰ



ਆਵਾਜ਼ਿ ਕੌਮ AWAZE QAUM International Newspaper & WEB TV

"ਬੇਅੰਤ ਸ਼ਕਤੀਆਂ ਦੇ ਮਾਲਕ ਸਤਿਗੁਰੂ,
ਗਰੀਬ ਬੇਅੰਤ ਨੂੰ ਬਖਸ਼ੋ ਮੌਤ ਮਸਤੀ
ਤਖ਼ਤ ਅਕਾਲ ਦਾ ਜਿਸ ਨੇ ਤੋੜਿਆ ਹੈ
ਖਤਮ ਕਰ ਦੇਵਾਂ ਦੁਨੀਆ ਦੀ ਕੂੜ ਸ਼ਕਤੀ
ਸਿੱਖ ਹਿਰਦਿਆਂ ਨੂੰ ਜਿਸ ਨੇ ਵਿਰੁੰਨਿਆ ਹੈ
ਚੀਰ ਦਿਆਂਗੇ ਉਸ ਦੀ ਦੇਹ ਸਾਰੀ
ਮੈਨੂੰ ਭਰੋਸਾ ਹੈ ਤੇਰੀਆਂ ਰਹਿਮਤਾਂ ਤੇ,
ਇਤਿਹਾਸ ਦੁਹਰਾਇਆ ਹੈ ਸਿੱਖਾਂ ਨੇ ਕਈ ਵਾਰੀ"



ਅਮਰ ਸ਼ਹੀਦ
ਭਾਈ ਬੇਅੰਤ ਸਿੰਘ ਜੀ



ਸ. ਸਰਬਜੀਤ ਸਿੰਘ ਮਲੋਆ

## ਲੋਕ ਸਭਾ ਹਲਕਾ ਫਰੀਦਕੋਟ ਤੋਂ ਆਜ਼ਾਦ ਉਮੀਦਵਾਰ
## ਅਮਰ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ

# ਸ. ਸਰਬਜੀਤ ਸਿੰਘ ਮਲੋਆ

ਆਓ ਸਾਰੇ ਆਪੋ-ਆਪਣਾ ਫਰਜ਼ ਸਮਝਦਿਆਂ ਉਨ੍ਹਾਂ ਨੂੰ ਆਪਣਾ ਕੀਮਤੀ ਵੋਟ ਪਾ ਕੇ ਕਾਮਯਾਬ ਕਰੀਏ ਤੇ ਹਰ ਤਰ੍ਹਾਂ ਦਾ ਸਹਿਯੋਗ ਦੇਈਏ।

ਸੰਪਰਕ : 95922-30916, 98140-13915




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ
AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715128621

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫ਼ਤਹਿ

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਨਾਨਕ ਗੁਰਦੁਆਰਾ ਵੈਨਸਫੀਲਡ, ਵੁਲਵਰਹੈਪਟਨ ਇੰਗਲੈਂਡ ਵਿਖੇ

# ਪੰਥਕ ਇਕੱਠ

## ਪੰਜਾਬ ਦੀ ਦਿਸ਼ਾ ਸਿੱਖਾਂ ਦੀ ਪਾਰਲੀਮੈਂਟ 'ਚ ਚੁੱਕ ਸਕਣ, ਉਨ੍ਹਾਂ ਦੀ ਆਪਾਂ ਡੱਟ ਕੇ ਸਪੋਰਟ ਕਰੀਏ




25 ਮਈ, 2024
ਸ਼ਨੀਵਾਰ ਸ਼ਾਮ ਨੂੰ 6 ਵਜੇ
ਗੁਰੂ ਨਾਨਕ ਗੁਰਦੁਆਰਾ
ਵੈਨਸਫੀਲਡ, ਵੁਲਵਰਹੈਪਟਨ
ਇੰਗਲੈਂਡ ਵਿਖੇ




ਪਿਆਰੀ ਸਾਧ ਸੰਗਤ ਜੀ, ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫ਼ਤਹਿ

ਗੁਰੂ ਨਾਨਕ ਗੁਰਦੁਆਰਾ ਵੈਨਸਫੀਲਡ, ਵੁਲਵਰਹੈਪਟਨ ਇੰਗਲੈਂਡ ਵਿਖੇ 25 ਤਰੀਕ ਸ਼ਾਮ ਨੂੰ 6 ਵਜੇ ਇਕ ਇਕੱਠ ਸੱਦਿਆ ਗਿਆ ਤੇ ਇੰਡੀਆ ਵਿੱਚ ਇਲੈਕਸ਼ਨ ਆਈ ਹੈ ਉਸ ਇਲੈਕਸ਼ਨ ਵਿੱਚ ਪੰਥ ਦੇ ਉਮੀਦਵਾਰਾਂ ਵਾਸਤੇ ਆਪਾਂ ਸਾਰਿਆਂ ਨੇ ਰਲ ਕੇ ਆਪੋ ਆਪਣੇ ਨਗਰਾਂ ਵਿੱਚ ਆਪੋ ਆਪਣੇ ਪਿੰਡਾਂ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਜੀ ਖਾਲਸਾ ਭਾਈ ਸਰਬਜੀਤ ਸਿੰਘ ਜੀ ਮਲੋਆ ਜੋ ਕਿ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ ਹਨ ਇੰਗਲੈਂਡ ਦੀ ਧਰਤੀ ਤੋਂ ਸੱਦਾ ਦਿੱਤਾ ਜਾਵੇ ਪੰਜਾਬ ਦੇ ਲੋਕਾਂ ਨੂੰ ਤਾਂ ਕਿ ਉਹ ਵੋਟਾਂ ਪਾ ਕੇ ਜੋ ਗਲੋਂ ਗੁਲਾਮੀ ਸਿੱਖ ਕੌਮ ਦੀਆਂ ਉਹਨੂੰ ਲਾਉਣ ਵਾਲੀ ਲੀਡਰ ਜਿਹੜੇ ਉੱਥੇ ਸਹੀ ਤਰੀਕੇ ਨਾਲ ਪੰਜਾਬ ਦੀ ਦਿਸ਼ਾ ਸਿੱਖਾਂ ਦੀ ਪਾਰਲੀਮੈਂਟ 'ਚ ਚੁੱਕ ਸਕਣ ਉਹਨਾਂ ਦੀ ਆਪਾਂ ਡੱਟ ਕੇ ਸਪੋਰਟ ਕਰੀਏ ਆਓ ਸਾਰੇ ਰਲ ਕੇ ਆਪੋ ਆਪਣੇ ਵਿਚਾਰ ਦੇ ਕੇ ਸਾਨੂੰ ਧੰਨਵਾਦੀ ਬਣਾਓ ਤੇ ਉਹਨਾਂ ਦੀ ਮਦਦ/ਹਮਾਇਤ ਜ਼ਰੂਰ ਕਰੀਏ।

# GURU NANAK GURDWARA

**Well Lane, Wednesfield, Wolverhampton, England (U.K.) Post Code : WV11 1XT**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

ਭਾਈ ਪਰਮਜੀਤ ਸਿੰਘ ਢਾਡੀ
+44 7917 353349

ਆਵਾਜ਼ਿ ਕੌਮ AWAZE QAUM International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਨਾਮ ਜਪੋ / Naam Japo
ਕਿਰਤ ਕਰੋ / Kirat Karo
ਵੰਡ ਛੱਕੋ / Vand Shako
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
100% VEGETARIAN PURE AND NATURAL
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment


# ਪੰਜਾਬੀ
## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ — Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ
AWAZE QAUM
International Newspaper & WEB TV
2 ਜੂਨ ਨੂੰ ਰੋੜੇ ਪੁੱਜੋ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243





## ਡਰੱਗਜ਼ ਦੀ ਨੋ ਐਂਟਰੀ : ਇਕ ਵਾਰ ਮੈਨੂੰ ਮੌਕਾ ਦੇ ਕੇ ਦੇਖੋ : ਤਰਨਜੀਤ ਸਿੰਘ ਸੰਧੂ ਸਮੁੰਦਰੀ

# ਸੰਧੂ ਸਮੁੰਦਰੀ ਨੇ ਚੋਗਾਵਾਂ ਵਿੱਚ ਮੁਖਵਿੰਦਰ ਸਿੰਘ ਮਾਹਲ ਵਲੋਂ ਆਯੋਜਿਤ ਵਿਸ਼ਾਲ ਚੋਣ ਰੈਲੀ ਨੂੰ ਸੰਬੋਧਨ ਕੀਤਾ





**ਚੋਗਾਵਾਂ/ਅੰਮ੍ਰਿਤਸਰ, 24 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਦੇ ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਨਸ਼ਿਆਂ ਵਿਰੁੱਧ ਜੰਗ ਦਾ ਐਲਾਨ ਕਰਦਿਆਂ ਕਿਹਾ ਕਿ ਅੰਮ੍ਰਿਤਸਰ ਸਥਿਤ ਨਾਰਕੋਟਿਕਸ ਕੰਟਰੋਲ ਬਿਊਰੋ ਦੇ ਦਫਤਰ ਰਾਹੀਂ ਇਸ ਦੀ ਰੋਕਥਾਮ ਲਈ ਸਖ਼ਤ ਕਦਮ ਚੁੱਕੇ ਜਾਣਗੇ। ਇੱਥੇ ਨਸ਼ਿਆਂ ਲਈ ਕੋਈ ਥਾਂ ਨਹੀਂ ਹੋਵੇਗੀ। ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਕੋਈ ਵੀ ਵਿਅਕਤੀ, ਭਾਵੇਂ ਉਹ ਸਿਆਸੀ ਤੌਰ 'ਤੇ

ਆਵਾਜ਼ਿ ਕੌਮ
AWAZE QAUM
International Newspaper & WEB TV

ਕਿੰਨਾ ਵੀ ਮਜ਼ਬੂਤਕਿਉਂ ਨਾ ਹੋਵੇ, ਉਸ ਨੂੰ ਕਾਨੂੰਨ ਦੇ ਦਾਇਰੇ ਵਿੱਚ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ ਨੂੰ ਜੜ੍ਹਾਂ ਤੋਂ ਪੁਚਾਉਣ ਲਈ ਨਵੀਆਂ ਵਿਕਸਤ ਤਕਨੀਕਾਂ ਦੀ ਵੀ ਵਰਤੋਂ ਕੀਤੀ ਜਾਵੇਗੀ।

ਸੰਧੂ ਅੱਜ ਵਿਧਾਨ ਸਭਾ ਹਲਕਾ ਰਾਜਾਸਾਂਸੀ ਦੇ ਕਸਬਾ ਚੋਗਾਵਾਂ ਵਿਖੇ ਮੰਡਲ ਪ੍ਰਧਾਨ ਸਕੱਤਰ ਸਿੰਘ ਫੌਜੀ ਅਤੇ ਵਿਧਾਨ ਸਭਾ ਹਲਕਾ ਇੰਚਾਰਜ ਮੁਖਵਿੰਦਰ ਸਿੰਘ ਮਾਹਲ ਦੀ ਦੇਖ-ਰੇਖ ਹੇਠ ਕਰਵਾਏ ਵਿਸ਼ਾਲ ਚੋਣ ਜਲਸੇ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਨਸ਼ਿਆਂ ਤੋਂ ਛੁਟਕਾਰਾ ਦਿਵਾਉਣ ਲਈ ਅੰਮ੍ਰਿਤਸਰ ਵਿੱਚ ਭਾਰਤ ਦੀ ਮੋਹਰੀ ਡਰੱਗ ਅਤੇ ਰੀਹੈਬਲੀਟੇਸ਼ਨ ਹਸਪਤਾਲ ਦੀ ਸਥਾਪਨਾ ਕੀਤੀ ਜਾਵੇਗੀ। ਜਿੱਥੇ ਅਮਰੀਕਾ ਵਿੱਚ ਵਰਤੀਆਂ ਜਾਣ ਵਾਲੀਆਂ ਦਵਾਈਆਂ ਮੁਫ਼ਤ ਉਪਲਬਧ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਭਾਜਪਾ ਦੇ ਹੱਕ ਵਿੱਚ ਵੱਡੀਆਂ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦਾ ਭਰਵਾਂ ਹੁੰਗਾਰਾ ਸਾਬਤ ਕਰਦਾ ਹੈ ਕਿ ਲੋਕ ਵਿਕਾਸ ਚਾਹੁੰਦੇ ਹਨ। ਉਨ੍ਹਾਂ ਕਿਹਾ, "ਮੈਂ ਕਿਸੇ ਦਾ ਨਾਮ ਨਹੀਂ ਲੈਣਾ ਚਾਹੁੰਦਾ, ਪਰ ਸੱਚਾਈ ਸਭ ਨੂੰ ਪਤਾ ਹੈ। ਕੁਝ ਸਾਲਾਂ ਤੋਂ ਅੰਮ੍ਰਿਤਸਰ ਦੀ ਸੰਸਦ ਦੀ ਨੁਮਾਇੰਦਗੀ ਕਰਨ ਵਾਲੇ ਆਗੂ ਆਪਣੇ ਵਾਅਦੇ ਪੂਰੇ ਕੀਤੇ ਬਿਨਾਂ ਅੰਮ੍ਰਿਤਸਰ ਦੇ ਲੋਕਾਂ ਲਈ ਕੰਮ ਕਰਨ ਦੇ ਝੂਠੇ ਦਾਅਵੇ ਕਰ ਰਹੇ ਹਨ। ਉਨ੍ਹਾਂ ਕਿਹਾ, ਮੈਂ ਉਨ੍ਹਾਂ ਨੂੰ ਕਹਿਣਾ ਚਾਹੁੰਦਾ ਹਾਂ ਕਿ "ਤੁਸੀਂ ਕੁਝ ਲੋਕਾਂ ਨੂੰ ਹਮੇਸ਼ਾ ਲਈ ਅਤੇ ਸਾਰੇ ਲੋਕਾਂ ਨੂੰ ਕੁਝ ਸਮੇਂ ਲਈ ਮੂਰਖ ਬਣਾ ਸਕਦੇ ਹੋ, ਪਰ ਤੁਸੀਂ ਸਾਰੇ ਲੋਕਾਂ ਨੂੰ ਹਮੇਸ਼ਾ ਲਈ ਮੂਰਖ ਨਹੀਂ ਬਣਾ ਸਕਦੇ ਹੋ।" ਸੰਧੂ ਸਮੁੰਦਰੀ ਨੇ ਕਿਹਾ ਕਿ ਮੈਂ ਕਿਸਾਨਾਂ ਦੀ ਆਮਦਨ ਵਧਾਉਣ ਲਈ ਵਚਨਬੱਧ ਹਾਂ। ਪਰ ਕੁਝ ਲੋਕ ਨਹੀਂ ਚਾਹੁੰਦੇ ਕਿ ਸਾਡੀਆਂ ਗੱਲਾਂ ਲੋਕਾਂ ਤੱਕ ਪਹੁੰਚੇ। ਇਸੇ ਲਈ ਉਹ ਸਾਡਾ ਰਾਹ ਰੋਕਣ ਦੀ ਅਸਫਲ ਕੋਸ਼ਿਸ਼ ਕਰਦੇ ਹਨ। ਜੇਕਰ ਕੋਈ ਕਿਸਾਨਾਂ ਦਾ ਭਲਾ ਕਰਨਾ ਚਾਹੁੰਦਾ ਹੈ ਤਾਂ ਮੈਂ ਉਸਦਾ ਸੁਆਗਤ ਕਰਾਂਗਾ। ਮੈਂ ਉਸ ਨਾਲ ਗੱਲ ਕਰਨ ਲਈ ਤਿਆਰ ਹਾਂ। ਸੰਧੂ ਸਮੁੰਦਰੀ ਨੇ ਕਿਹਾ, "ਮੇਰੀ ਨਿਮਾਣੀ ਕੋਸ਼ਿਸ਼ ਨਾਲ, ਆਬੂ ਧਾਬੀ ਸਥਿਤ ਲੂਲੂ ਗਰੁੱਪ ਇੰਟਰਨੈਸ਼ਨਲ ਕੰਪਨੀ, ਜੋ ਕਿ ਖੇਤੀਬਾੜੀ ਉਤਪਾਦਾਂ ਦੀ ਮਾਰਕੀਟਿੰਗ ਲਈ ਜਾਣੀ ਜਾਂਦੀ ਹੈ, ਅੰਮ੍ਰਿਤਸਰ ਵਿੱਚ ਇੱਕ ਲੌਜਿਸਟਿਕਸ ਅਤੇ ਫੂਡ ਪ੍ਰੋਸੈਸਿੰਗ ਸੈਂਟਰ ਸ਼ੁਰੂ ਕਰਨ ਜਾ ਰਹੀ ਹੈ।" ਜੋ ਸਾਡੇ ਉਤਪਾਦਾਂ ਅਤੇ ਬ੍ਰਾਂਡਾਂ ਨੂੰ ਇਸਦੇ ਹਾਈਪਰਮਾਰਕੇਟ ਵਿੱਚ ਪਲੇਟਫਾਰਮ ਪ੍ਰਦਾਨ ਕਰੇਗਾ। ਸੰਧੂ



ਸਮੁੰਦਰੀ ਨੇ ਦੱਸਿਆ ਕਿ ਲੂਲੂ ਗਰੁੱਪ ਦੇ ਡਾਇਰੈਕਟਰ ਸਲੀਮ ਦੀ ਟੀਮ ਜਲਦੀ ਹੀ ਅੰਮ੍ਰਿਤਸਰ ਦਾ ਦੌਰਾ ਕਰੇਗੀ। ਉਨ੍ਹਾਂ ਕਿਹਾ ਕਿ ਇਸ ਨਾਲ ਕਿਸਾਨਾਂ ਦੀ ਆਮਦਨ ਵਧੇਗੀ, ਮੰਡੀਆਂ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ। ਉਸ ਨੇ ਹਮੇਸ਼ਾ ਲੋਕਾਂ ਨੂੰ ਨਵੀਂ ਸੋਚ ਲਿਆਉਣ ਦਾ ਸਦਾ ਦਿੱਤਾ। ਉਨ੍ਹਾਂ ਕਿਹਾ ਕਿ ਮੌਜੂਦਾ ਸੰਸਦ ਮੈਂਬਰ ਜਿਨ੍ਹਾਂ ਨੂੰ ਪਿਛਲੇ 7 ਸਾਲਾਂ ਤੋਂ ਸਾਡੇ ਅੰਮ੍ਰਿਤਸਰ ਲਈ ਕੁਝ ਚੰਗਾ ਕਰਨ ਦਾ ਮੌਕਾ ਮਿਲਿਆ ਸੀ, ਪਰ ਉਨ੍ਹਾਂ ਨੇ ਕੁਝ ਨਹੀਂ ਕੀਤਾ। ਹੁਣ ਸਹੀ ਸੋਚ ਨੂੰ ਅੱਗੇ ਲਿਆਉਣ ਦੀ ਵਾਰੀ ਤੁਹਾਡੀ ਹੈ। ਮੈਂ ਤੁਹਾਨੂੰ ਬੇਨਤੀ ਕਰਦਾ ਹਾਂ ਕਿ ਮੈਨੂੰ ਇੱਕ ਮੌਕਾ ਦਿਓ। ਜੇਕਰ ਤੁਸੀਂ ਕਮਲ ਦੇ ਫੁੱਲ ਨੂੰ ਵੋਟ ਪਾ ਕੇ ਮੈਨੂੰ ਕਾਮਯਾਬ ਕਰਦੇ ਹੋ ਤਾਂ ਇਹ ਤੁਹਾਡੀ ਜਿੱਤ ਹੋਵੇਗੀ।

### ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਹੱਕ ਚ ਦੂਜੇ ਦਿਨ ਰੋਡ ਸ਼ੋਅ ਕੱਢਿਆ ਗਿਆ

# ਪੰਥ ਪੰਜਾਬ ਪੰਜਾਬੀਅਤ ਨੂੰ ਪਿਆਰ ਕਰਨ ਵਾਲਿਆਂ ਨੂੰ ਵੋਟ ਪਾਓ : ਬਾਪੂ ਤਰਸੇਮ ਸਿੰਘ

## ਬੇਨਤੀ ਕਰਨ ਤੋਂ ਪਹਿਲਾਂ ਹੀ ਸੰਗਤਾਂ ਕਹਿ ਦਿੰਦੀਆਂ ਸਾਡੀ ਵੋਟ ਭਾਈ ਅੰਮ੍ਰਿਤਪਾਲ ਸਿੰਘ ਨੂੰ ਹੀ ਜਾਵੇਗੀ : ਬਾਬਾ ਬਿਬੇਕ ਸਿੰਘ

ਜੰਡਿਆਲਾ ਗੁਰੂ 24 ਮਈ ( ਕੁਲਵੰਤ ਸਿੰਘ ਵਿਰਦੀ) – ਜਿਵੇਂ ਜਿਵੇਂ ਲੋਕ ਸਭਾ ਚੋਣਾਂ ਦੀ ਤਾਰੀਖ ਨੇੜੇ ਆ ਰਹੀ ਹੈ ਉਮੀਦਵਾਰਾਂ ਵਲੋ ਵੋਟਰਾਂ ਤਕ ਆਪਣੀ ਆਵਾਜ਼ ਪਹੁੰਚਾਉਣ ਦੀ ਲੜੀ ਵੀ ਤੇਜ ਹੋ ਗਈ ਹੈ । ਇਸੇ ਲੜੀ ਦੇ ਤਹਿਤ ਗੁਰਦਵਾਰਾ ਬਾਬਾ ਹੰਦਾਲ ਸਾਹਿਬ ਮੱਥਾ ਟੇਕਕੇ ਜੰਡਿਆਲਾ ਗੁਰੂ ਵਿੱਚ ਦੂਸਰੇ ਦਿਨ ਵੀ ਰੋਡ ਸ਼ੋਅ ਕੱਢ ਰਹੇ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਨੇ ਵਰਿੰਦਰ ਸਿੰਘ ਮਲਹੋਤਰਾ ਦੇ ਨਿਵਾਸ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਥ, ਪੰਜਾਬ ਅਤੇ ਪੰਜਾਬੀਅਤ ਨੂੰ ਪਿਆਰ ਕਰਨ ਵਾਲਿਆਂ ਨੂੰ ਆਪਣਾ ਕੀਮਤੀ ਵੋਟ ਪਾਓ ।ਓਹਨਾ ਕਿਹਾ ਕਿ ਸੰਗਤ ਅਪਨੇ ਆਪ ਭਾਈ ਅੰਮ੍ਰਿਤਪਾਲ ਸਿੰਘ ਦੇ ਹੱਕ ਵਿੱਚ ਪ੍ਰਚਾਰ ਕਰ ਰਹੀ ਹੈ । ਓਹਨਾਂ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗ ਰਿਹਾ ਹੈ ਕਿ ਗੁਪਤ ਤੌਰ ਤੇ ਕਾਂਗਰਸ, ਆਪ, ਅਕਾਲੀ ਵੀ ਭਾਈ ਸਾਹਿਬ ਦੇ ਹੱਕ ਵਿੱਚ ਵੋਟ ਪਾਉਣਗੇ ।ਇਸ ਮੌਕੇ ਅੱਤ ਦੀ ਗਰਮੀ ਵਿੱਚ ਜਥੇ ਵੱਲੋਂ ਸਾਰੇ ਜੰਡਿਆਲਾ ਗੁਰੂ ਦਾ ਚੱਕਰ ਲਗਾਕੇ ਭਾਈ ਅੰਮ੍ਰਿਤਪਾਲ ਸਿੰਘ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ ਗਿਆ । ਇਸ ਮੌਕੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਜਦੋਂ ਵੀ ਕਿਸੇ ਨੂੰ ਵੋਟ ਪਾਉਣ ਲਈ ਬੇਨਤੀ ਕਰਨ ਲੱਗੀਦਾ ਤਾਂ ਪਹਿਲਾਂ ਹੀ ਸੰਗਤਾਂ ਵੱਲੋਂ ਕਹਿ ਦਿੱਤਾ ਜਾਂਦਾ ਕਿ ਸਾਡੀ ਵੋਟ ਭਾਈ ਅੰਮ੍ਰਿਤਪਾਲ ਸਿੰਘ ਜੀ ਨੂੰ ਹੀ ਜਾਵੇਗੀ ਫ਼ਿਕਰ ਨਾ ਕਰੋ ਵੱਡੀ ਲੀਡ ਨਾਲ ਭਾਈ ਸਾਹਬ ਜਿੱਤ ਰਹੇ ਹਨ 9 ਇਸ ਮੌਕੇ ਹੋਰਨਾਂ ਤੋਂ ਇਲਾਵਾ ਜਥੇ ਵਿੱਚ ਬਾਬਾ ਬਿਬੇਕ ਸਿੰਘ ਨਾਨਕਸਰ ਵਾਲੇ, ਤਰਲੋਕ ਸਿੰਘ, ਦਿਆ ਸਿੰਘ ਸੁਲਤਾਨਵਿੰਡ, ਕੰਵਲਪ੍ਰੀਤ ਸਿੰਘ, ਸਹਿਜਪ੍ਰੀਤ ਸਿੰਘ, ਬਾਬਾ ਜੱਗੀ, ਸਹਿਜਪਾਲ ਸਿੰਘ, ਦਿਆ ਸਿੰਘ ਗੰਨਮੈਨ ਭਾਈ ਅੰਮ੍ਰਿਤਪਾਲ ਸਿੰਘ ਲਾਭ ਸਿੰਘ ਦੇ ਪਿਤਾ ਆਦਿ ਹਾਜਰ ਸਨ।



### ਆਈਲਟਸ ਸੈਂਟਰ ਦੇ ਉਦਘਾਟਨ ਮੌਕੇ

# ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ

**ਜੰਡਿਆਲਾ ਗੁਰੂ**, 24 ਮਈ ( **ਕੁਲਵੰਤ ਸਿੰਘ ਵਿਰਦੀ**):-ਅੰਮ੍ਰਿਤਪਾਲ ਸਿੰਘ ਮਲਹੋਤਰਾ ਵਲੋ ਅਪਨੇ ਦਫਤਰ ਦੇ ਮਹੂਰਤ ਮੌਕੇ ਆਈ ਹੋਈ ਸੰਗਤ ਵਲੋ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਵਾਏ ਗਏ। ਉਪਰੰਤ ਗੁਰਦੁਆਰਾ ਸਿੰਘ ਸਭਾ ਦੇ ਮੁੱਖ ਗ੍ਰੰਥੀ ਭਾਈ ਹਰੀ ਸਿੰਘ ਸ਼ਿਮਲਾ ਵਾਲੇ ਅਤੇ ਬੀਬੀ ਗੁਰਸ਼ਰਨ ਕੌਰ ਵਲੋ ਸ਼ਬਦ ਕੀਰਤਨ ਗਾਏ ਗਏ। ਅਰਦਾਸ ਉਪਰੰਤ ਪਰਿਵਾਰ ਨੂੰ ਸਨਮਾਨਿਤ ਕੀਤਾ ਗਿਆ ।ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ । ਇਸ ਮੌਕੇ ਆਪਣੇ ਦਫਤਰ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਐਮ ਡੀ ਅੰਮ੍ਰਿਤਪਾਲ ਸਿੰਘ ਮਲਹੋਤਰਾ ਨੇ ਕਿਹਾ ਕਿ ਉਹਨਾਂ ਵਲੋ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਆਧਾਰ ਤੇ ਵਿਦੇਸ਼ਾਂ ਵਿਚ ਭੇਜਣ ਲਈ ਇਹ ਆਈਲਟਸ ਸੈਟਰ ਖੋਲਿਆ ਗਿਆ ਹੈ ਜਿਸਦਾ ਨਾਮ ਅਸਪਾਈਰ (Aspire) ਐਜੂਕੇਸ਼ਨ ਰੱਖਿਆ ਗਿਆ ਹੈ । ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਜਿੰਦਰ ਸਿੰਘ, ਮਨਮੋਹਨ ਸਿੰਘ, ਰਣਧੀਰ ਸਿੰਘ ਮੀਤ ਪ੍ਰਧਾਨ ਨਗਰ ਕੌਂਸਲ, ਵਰਿੰਦਰ ਸਿੰਘ ਮਲਹੋਤਰਾ, ਪਰਤਾਪ ਸਿੰਘ ਕਾਂਗਰਸੀ ਆਗੂ, ਡਾ ਰਮਨਜੋਤ ਕੌਰ, ਸਾਹਿਲ ਅਰੋੜਾ, ਜੋਗਿੰਦਰ ਸਿੰਘ, ਸੋਹੰਗ ਸਿੰਘ, ਪ੍ਰਭਜੋਤ ਸਿੰਘ ਮਲਹੋਤਰਾ, ਗੁਰਚਰਨ ਕੌਰ, ਗੁਰਸ਼ਰਨ ਕੌਰ, ਸੁਰਿੰਦਰ ਕੌਰ, ਰੁਪਿੰਦਰ ਕੌਰ, ਪ੍ਰਭਜੋਤ ਸਿੰਘ, ਨਵਜੋਤ ਸਿੰਘ, ਤਰਲੋਚਨ ਸਿੰਘ, ਸੁਖਵੰਤ ਸਿੰਘ, ਪਲਵਿੰਦਰ ਸਿੰਘ, ਹੈਰੀ ਮਲਹੋਤਰਾ ਆਦਿ ਹਾਜਰ ਸਨ।



### ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਵੱਲੋਂ

# ਉੱਘੇ ਲੇਖਕ ਸੁਰਜੀਤ ਪਾਤਰ ਦੀ ਯਾਦ 'ਚ ਕਰਵਾਇਆ ਵਿਸ਼ੇਸ਼ ਲੈਕਚਰ

**ਤਲਵੰਡੀ ਸਾਬੋ**, 24 ਮਈ (**ਗੁਰਜੰਟ ਸਿੰਘ ਨਥੇਹਾ**)- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦੇ ਭਾਸ਼ਾਵਾਂ ਅਤੇ ਸੋਸ਼ਲ ਸਾਇੰਸਜ਼ ਵਿਭਾਗਾਂ ਵੱਲੋਂ ਪ੍ਰਸਿੱਧ ਪੰਜਾਬੀ ਸਾਹਿਤਕਾਰ ਅਤੇ ਕਵੀ ਸੁਰਜੀਤ ਪਾਤਰ ਨੂੰ ਸਮਰਪਿਤ 'ਸੰਤਰਾਮ ਹਰਨੋਟ ਦੇ ਲੇਖਨ ਵਿੱਚ ਸਮਾਜਿਕ ਸਰੋਕਾਰ' ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ ਜਿਸ ਮੌਕੇ ਆਪ ਹਿੰਦੀ ਲੇਖਕ ਸੰਤ ਰਾਮ ਹਰਨੋਟ, ਸ਼ਿਮਲਾ, ਹਿਮਾਚਲ ਪ੍ਰਦੇਸ਼ ਨੇ ਸ਼ਮੂਲੀਅਤ ਕੀਤੀ। ਸੈਂਟਰਲ ਯੂਨੀਵਰਸਿਟੀ ਪੰਜਾਬ ਤੋਂ ਪ੍ਰੋ. ਰਜਿੰਦਰ ਕੁਮਾਰ ਸੇਨ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ। ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਦੇ ਮੁਖੀ ਪ੍ਰੋ. ਸੁਸ਼ੀਲ ਕੁਮਾਰ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ। ਇਸ ਪ੍ਰੋਗਰਾਮ ਦੇ ਕੋਆਰਡੀਨੇਟਰ ਡਾ. ਪਾਇਲਦੀਪ ਨੇ ਮੁੱਖ ਮਹਿਮਾਨ ਅਤੇ ਮੁੱਖ ਬੁਲਾਰੇ ਦੀਆਂ ਸਾਹਿਤਕ ਪ੍ਰਾਪਤੀਆਂ ਤੋਂ ਜਾਣੂ ਕਰਵਾਉਣ ਉਪਰੰਤ ਸੁਰਜੀਤ ਪਾਤਰ ਦੇ ਸਦੀਵੀਂ ਵਿਛੋੜੇ ਨੂੰ ਪੰਜਾਬੀ ਸਾਹਿਤ ਜਗਤ ਵਿਚ ਕਦੇ ਨਾ ਪੂਰਾ ਹੋ ਸਕਣ ਵਾਲਾ ਘਾਟਾ ਦੱਸਦੇ ਹੋਏ ਉਹਨਾਂ ਦੀਆਂ ਕੁੱਝ ਕਵਿਤਾਵਾਂ ਨੂੰ ਪੇਸ਼ ਕੀਤਾ। ਪ੍ਰੋ. ਰਜਿੰਦਰ ਕੁਮਾਰ ਸੇਨ ਨੇ ਪਾਤਰ ਸਾਹਬ ਨੂੰ ਯਾਦ ਕਰਦਿਆਂ ਉਹਨਾਂ ਦੇ ਜੀਵਨ 'ਤੇ ਚਾਨਣਾ ਪਾਇਆ ਅਤੇ ਵਿਸ਼ੇ ਨਾਲ ਸੰਬੰਧਿਤ ਗੱਲਬਾਤ ਕਰਦੇ ਹੋਏ ਸੰਤਰਾਮ ਹਰਨੋਟ ਦੀਆਂ ਲਿਖਤਾਂ ਵਿੱਚੋਂ ਕੁਝ ਕਹਾਣੀਆਂ ਤੇ ਨਾਵਲਾਂ 'ਤੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਉਪਰੰਤ ਮੁੱਖ ਮਹਿਮਾਨ ਸੰਤਰਾਮ ਹਰਨੋਟ ਨੇ ਆਪਣੀਆਂ ਲਿਖਤਾਂ ਵਿੱਚੋਂ ਕੁਝ ਕਹਾਣੀਆਂ ਅਤੇ ਨਾਵਲਾਂ ਦੇ ਸੰਦਰਭ ਵਿੱਚ ਗੱਲਬਾਤ ਕੀਤੀ। ਹਿੰਦੀ ਲੇਖਕ ਸੁਰੇਸ਼ ਹੰਸ ਨੇ ਵੀ ਹਰਨੋਟ ਦੀਆਂ ਲਿਖਤਾਂ ਤੇ ਖੁੱਲ੍ਹੇ ਰੂਪ ਵਿੱਚ ਵਿਚਾਰ ਚਰਚਾ ਕੀਤੀ। ਇਸ ਦੌਰਾਨ ਡਾ. ਰਾਕੇਸ਼ ਕੁਮਾਰ ਸਿੰਘ ਅਤੇ ਮੈਡਮ ਮੀਨਾਕਸ਼ੀ ਚੌਧਰੀ ਨੇ ਵੀ ਸ਼ਮੂਲੀਅਤ ਕੀਤੀ। ਕੈਂਪਸ ਡਾਇਰੈਕਟਰ ਪ੍ਰੋ. ਕਮਲਜੀਤ ਸਿੰਘ ਨੇ ਇਸ ਲੈਕਚਰ ਨੂੰ ਸਾਰਥਕ ਦੱਸਦੇ ਹੋਏ ਅਤੇ ਸਾਹਿਤ ਦੀ ਪ੍ਰੇਰਨਾਸ਼ਕਤੀ ਦਾ ਜ਼ਿਕਰ ਕੀਤਾ। ਅੰਤ ਵਿੱਚ ਸੋਸ਼ਲ ਸਾਇੰਸਜ਼ ਵਿਭਾਗ ਦੇ ਮੁਖੀ ਡਾ. ਬਲਦੇਵ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਵਿਭਾਗਾਂ ਦੇ ਹੋਰ ਅਧਿਆਪਕ ਸਾਹਿਬਾਨ ਵੀ ਮੌਜੂਦ ਰਹੇ ਅਤੇ ਪਾਤਰ ਸਾਹਿਬ ਦੀ ਪ੍ਰਸਿੱਧ ਕਵਿਤਾ 'ਕੁਝ ਕਿਹਾ ਤਾਂ ਹਨੇਰਾ ਜਰੇਗਾ ਕਿਵੇਂ, ਚੁੱਪ ਰਿਹਾ ਤਾਂ ਸ਼ਮਾਦਾਨ ਕੀ ਕਹਿਣਗੇ' ਦੇ ਨਾਲ ਇਹ ਲੈਕਚਰ ਸਮਾਪਤ ਹੋਇਆ।



# ਬਲਾਕ ਪੱਧਰ ਤੇ ਫਸਟ ਪੁਜ਼ੀਸ਼ਨ ਆਉਣ ਤੇ ਸਕੂਲ ਦੇ ਹੈਡ ਮਾਸਟਰ ਨੇ ਵਿਦਿਆਰਥਣ ਨੂੰ ਯਾਦਗਾਰੀ ਸ਼ੀਲਡ ਨਾਲ ਕੀਤਾ ਸਨਮਾਨਿਤ



**ਜੰਡਿਆਲਾ ਗੁਰੂ**, 24 ਮਈ (**ਕੁਲਵੰਤ ਸਿੰਘ ਵਿਰਦੀ**)-ਪੰਜਾਬ ਸਿੱਖਿਆ ਬੋਰਡ ਵੱਲੋਂ ਦਸਵੀਂ ਜਮਾਤ ਦੇ ਨਤੀਜਿਆਂ ਦਾ ਐਲਾਨ ਬੀਤੇ ਸਮੇਂ ਕੀਤਾ ਗਿਆ ਸੀ ਇਹਨਾਂ ਨਤੀਜਿਆਂ ਵਿੱਚ ਹਰੇਕ ਪਾਸੇ ਵਿਦਿਆ ਦੇ ਖੇਤਰ ਵਿੱਚ ਤਕਰੀਬਨ ਲੜਕੀਆਂ ਨੇ ਮੋਹਰੀ ਕਤਾਰ ਚ ਮੱਲਾਂ ਮਾਰੀਆਂ ਸਨ ਜੋ ਲੋਕ ਭਰੂਣ ਹੱਤਿਆ ਕਰਦੇ ਹਨ ਇਹ ਲੜਕੀਆਂ ਚੰਗੇ ਨੰਬਰਾਂ ਵਿੱਚ ਪਾਸ ਹੋ ਕੇ ਆਪਣੇ ਆਪ ਚ ਮਿਸਾਲ ਪੈਦਾ ਕਰਕੇ ਓਹਨਾਂ ਬੇਦਮਾਗ ਲੋਕਾਂ ਨੂੰ ਕੁਜ ਸੰਦੇਸ਼ ਦੇ ਰਹੀਆ ਹਨ ਇਸ ਲੜੀ ਤਹਿਤ ਜੰਡਿਆਲਾ ਗੁਰੂ ਅਧੀਨ ਆਉਂਦੇ ਪਿੰਡ ਬਾਲੀਆ ਮੰਜਪੁਰ ਦੀ ਬੇਟੀ ਪ੍ਰਦੀਪ ਕੌਰ ਜੋ ਸਰਕਾਰੀ ਹਾਈ ਸਕੂਲ ਰਾਣਾ ਕਾਲਾ ਵਿਖੇ ਦਸਵੀਂ ਜਮਾਤ ਦੀ ਵਿਦਿਆਰਥਣ ਨੇ ਦਸਵੀਂ ਜਮਾਤ ਵਿੱਚੋਂ 650/611 ਅੰਕ ਪ੍ਰਾਪਤ ਕਰਕੇ ਬਲਾਕ ਪੱਧਰ ਤੇ ਪਹਿਲੀ ਪੁਜੀਸ਼ਨ ਹਾਸਲ ਕੀਤੀ ਜਿੱਥੇ ਇਹ ਪ੍ਰਪਤੀ ਸਕੂਲ ਵਾਸਤੇ ਬੁਹਤ ਵੱਡੀ ਗੱਲ ਤੇ ਖੁਸ਼ੀ ਦੀ ਗੱਲ ਸੀ ਉਥੇ ਹੀ ਵਿਦਿਆਰਥਣ ਪ੍ਰਦੀਪ ਕੌਰ ਦੇ ਮਾਤਾ ਪਿਤਾ ਦੀ ਖੁਸ਼ੀ ਦਾ ਕੋਈ ਟਿਕਾਣਾ ਹੀ ਨਹੀਂ ਸੀ ਰਿਹਾ ਇਸ ਵਿਦਿਆਰਥਣ ਦੀ ਹੌਸਲਾ ਅਫਜਾਈ ਵਾਸਤੇ ਸਕੂਲ ਵੱਲੋਂ ਸਵੇਰ ਦੀ ਪਰੇਡ ਸਮੇਂ ਛੋਟਾ ਜਿਹਾ ਪ੍ਰੋਗਰਾਮ ਬੀਤੇ ਦਿਨੀਂ ਕੀਤਾ ਗਿਆ ਜ਼ੋ ਪ੍ਰਦੀਪ ਕੌਰ ਦੇ ਮਾਤਾ ਪਿਤਾ ਨੂੰ ਸਕੂਲ ਵਿੱਚ ਬੁਲਾ ਕੇ ਪ੍ਰਦੀਪ ਕੌਰ ਨੂੰ ਯਾਦਗਾਰੀ ਸ਼ੀਲਡ ਨਾਲ ਸਕੂਲ ਦੇ ਹੈੱਡ ਮਾਸਟਰ ਸੰਦੀਪ ਸਿੰਘ ਸਿੱਧੂ ਵੱਲੋਂ ਸਨਮਾਨਿਤ ਕੀਤਾ ਗਿਆ ਇਹ ਸਨਮਾਨਿਤ ਕਰਦਿਆਂ ਸਮੂਹ ਵਿਦਿਆਰਥੀਆਂ ਵੱਲੋਂ ਤੜ੍ਹੀਆਂ ਨਾਲ ਆਸਮਾਨ ਗੂੰਜਣ ਰਿਹਾ ਸੀ ਉਥੇ ਖੁਸ਼ੀ ਚ ਇਹ ਦ੍ਰਿਸਟ ਅੱਖੀਂ ਵੇਖ ਮਾਤਾ ਪਿਤਾ ਦੀਆਂ ਅੱਖਾਂ ਚ ਖੁਸ਼ੀ ਦੇ ਹੰਝੂ ਟੱਪਕ ਰਹੇ ਸੀ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਪ੍ਰਦੀਪ ਕੌਰ ਨੇ ਦੱਸਿਆ ਕਿ ਮੈਂ ਜੋ ਅੱਜ ਬਲਾਕ ਪੱਧਰ ਤੇ ਫਰਸਟ ਡਿਵੀਜ਼ਨ ਵਿੱਚ ਪਾਸ ਹੋਈਆਂ ਇਨਾ ਦੇ ਪਿੱਛੇ ਮੇਰੇ ਸਕੂਲ ਦੇ ਹੈਡ ਮਾਸਟਰ ਤੇ ਮੇਰੇ ਅਧਿਆਪਕ ਬਲਵਿੰਦਰ ਸਿੰਘ ਸਮੇਤ ਸਕੂਲ ਅਧਿਆਪਕਾ ਦਾ ਬਹੁਤ ਵੱਡਾ ਹੱਥ ਹੈ ਇਹਨਾਂ ਸਕੂਲ ਅਧਿਆਪਕਾਂ ਵੱਲੋਂ ਮੈਨੂੰ ਦਿੱਤੇ ਵਿਦਿਆ ਦੇ ਗਿਆਨ ਦਾ ਅੱਜ ਨਤੀਜਾ ਤੁਹਾਡੇ ਸਾਹਮਣੇ ਹੈ ਇਸ ਦੇ ਨਾਲ ਨਾਲ ਮੇਰੇ ਮੰਮੀ ਚਰਨਜੀਤ ਕੌਰ ਅਤੇ ਪਾਪਾ ਮਨਜੀਤ ਸਿੰਘ ਦਾ ਵੀ ਬਹੁਤ ਯੋਗਦਾਨ ਹੈ ਜਿਨਾਂ ਨੇ ਆਪਣੀ ਮਿਹਨਤ ਮਜ਼ਦੂਰੀ ਕਰਕੇ ਮੈਨੂੰ ਇਸ ਸਕੂਲ ਵਿੱਚ ਵਿਦਿਆ ਲੈਣ ਰਹੀ ਪੜ੍ਹਾ ਰਹੇ ਹਨ ਮੇਰਾ ਇੱਕੋ ਇੱਕ ਸੁਪਨਾ ਹੈ ਕਿ ਮੈਂ ਹੋਰ ਉੱਚ ਕੋਟੀ ਦੀ ਵਿਦਿਆ ਪ੍ਰਾਪਤ ਕਰਕੇ ਆਈ ਪੀ ਐਸ ਅਫਸਰ ਬਣਾਕੇ ਆਪਣੇ ਮਾਤਾ ਪਿਤਾ ਦੇ ਨਾਲ ਨਾਲ ਮੈਂ ਦੇਸ਼ ਦੀ ਸੇਵਾ ਵੀ ਕਰਾਂ ਇਸ ਮੌਕੇ ਤੇ ਸਕੂਲ ਦੇ ਸਮੂਹ ਸਟਾਫ, ਵਿਦਿਆਰਥੀਆਂ ਤੋਂ ਇਲਾਵਾ ਹੋਰ ਵੀ ਬੱਚੀ ਦੇ ਸੁਭ ਚਿੰਤਾਕ ਹਾਜ਼ਰ ਸਨ।

# ਸਿਆਸਤ ਬਹੁਤ ਹੀ ਕਮਾਲ ਦੀ ਸ਼ਿਹ ਹੈ, ਬਹੁਤ ਹੀ ਦਿਲਚਸਪ ਵਿਸ਼ਾ ਹੈ



ਰਸ਼ਿਪੰਦਰ ਕੌਰ ਗਿੱਲ
ਲੇਖਕ, ਐਂਕਰ, ਪ੍ਰਧਾਨ
ਪੀਂਘਾਂ ਸੋਚ ਦੀਆਂ
ਸਾਹਿਤ ਮੰਚ, ਪਬਲਿਕੇਸ਼ਨ
ਵੈੱਬ ਚੈਨਲ, ਮੈਗਜ਼ੀਨ
+91-9888697078

ਸਿਆਸਤ ਬਹੁਤ ਹੀ ਕਮਾਲ ਦੀ ਸ਼ਿਹ ਹੈ ਅਤੇ ਆਮ ਜਨਤਾ ਇਸ ਦਾ ਭਰਭੂਰ ਅਨੰਦ ਲੈਂਦੀ ਹੈ। ਸਿਆਸੀ ਪਾਰਟੀਆਂ ਅਤੇ ਲੀਡਰ ਜਿੱਥੇ ਜਿੱਤਣ ਦੀ ਦੌੜ ਵਿੱਚ ਉਲਝੇ ਹੁੰਦੇ ਹਨ, ਉੱਥੇ ਹੀ ਜਨਤਾ ਇੰਨਾਂ ਪਾਰਟੀਆਂ ਅਤੇ ਸਿਆਸੀ ਆਗੂਆਂ ਵੱਲੋਂ ਕੀਤੇ ਜਾ ਰਹੇ ਦਾਵੇ ਅਤੇ ਵਾਅਦਿਆਂ ਨੂੰ ਸੁਣਕੇ ਰੋਜ਼ ਸੱਥਾਂ ਵਿੱਚ ਬੈਠ ਕੇ ਚਟਕਾਰੇ ਲੈਂਦੀ ਹੈ। ਸਿਆਸੀ ਪਾਰਟੀਆਂ ਦੇ ਅਹੁੱਦੇਦਾਰ ਆਪਣੇ ਚਹਿਰੇ ਚਮਕਾਉਣ ਲਈ ਖੁਦ ਆਪਣੀ ਹੀ ਪਾਰਟੀ ਦੇ ਦੂਜੇ ਨੁਮਾਇੰਦਿਆਂ ਨੂੰ ਦਬਾਉਂਦੇ ਹਨ। ਸਿਆਸੀ ਆਗੂ ਚੋਣਾ ਵਿੱਚ ਖੁਦ ਨੂੰ ਜੇਤੂ ਕਰਣ ਲਈ ਵਿਰੋਧੀ ਧਿਰ ਦੇ ਆਗੂਆਂ ਦੇ ਕੱਚੇ ਚਿੱਠੇ ਫਰੋਲ ਰਹੇ ਹੁੰਦੇ ਹਨ। ਇਸ ਸਭ ਦਾ ਫ਼ਾਇਦਾ ਮਿਲਦਾ ਹੈ ਆਮ ਜਨਤਾ ਨੂੰ। ਆਮ ਜਨਤਾ ਜੋ ਕਿ ਸਵੇਰ ਤੋਂ ਸ਼ਾਮ ਤੱਕ ਆਪਣੀ ਰੋਜੀ ਰੋਟੀ ਲਈ ਅਣਥੱਕ ਮਹਿਨਤ ਕਰ ਰਹੀ ਹੁੰਦੀ ਹੈ ਅਤੇ ਘਰ ਦੀ ਜ਼ੁੰਮੇਵਾਰੀਆਂ ਵਿੱਚ ਉਲਝੇ ਆਪਣੀ ਜ਼ਿੰਦਗੀ ਬਤੀਤ ਕਰ ਰਹੀ ਹੁੰਦੀ ਹੈ। ਚੋਣਾਂ ਦੇ ਸਮੇਂ ਇਸ ਆਮ ਜਨਤਾ ਦੀ ਰੋਜ਼ਾਨਾ ਜ਼ਿੰਦਗੀ ਵਿੱਚ ਇਸ ਤਰਾਂ ਦਾ ਬਦਲਾਵ ਆਉਂਦਾ ਹੈ ਜਿਵੇਂ ਅਚਨਚੇਤ ਕਿਸੇ ਨੇ ਹੱਥ ਵਿੱਚ ਆ ਕੇ ਸਿਨੇਮਾ ਘਰ ਵਿੱਚ ਲੱਗੀ ਕਿਸੇ ਫ਼ਿਲਮ ਦੀਆਂ ਪੰਜ ਟਿਕਟਾਂ ਫੜਾ ਦਿੱਤੀਆਂ ਹੋਣ ਅਤੇ ਕਿਹਾ ਹੋਵੇ ਜਾਂ ਪਰਿਵਾਰ ਸਮੇਤ ਸਮਾਂ ਕੱਢ ਕੇ ਦੇਖ ਆ। ਚੋਣ ਪ੍ਰਚਾਰ ਦੇ ਸਮੇਂ ਦੌਰਾਨ ਬੱਸ ਦੌਰ ਸ਼ੁਰੂ ਹੁੰਦਾ ਹੈ ਆਮ ਜਨਤਾ ਲਈ ਗੱਲਾਂ ਬਾਤਾਂ ਦਾ ਅਤੇ ਵਿਚਾਰ ਚਰਚਾ ਦਾ। ਸਾਰੀਆਂ ਪਾਰਟੀਆਂ ਅਤੇ ਸਾਰੇ ਸਿਆਸੀ ਆਗੂਆਂ ਬਾਰੇ ਗੱਲ ਹੁੰਦੀ ਹੈ। ਕਿਸੇ ਦੀ ਕਿਰਦਾਰਕੁਸ਼ੀ ਅਤੇ ਕਿਸੇ ਦੇ ਸਿਰ ਸਹਿਰੇ ਬੱਝਦੇ ਹਨ। ਆਪਣੀ ਜ਼ਿੰਦਗੀ ਦੇ ਝਮੇਲਿਆਂ ਵਿੱਚੋਂ ਨਿਕਲ ਕੇ ਸਿਆਸਤ ਦੇ ਝਮੇਲਿਆਂ ਉੱਤੇ ਵਿਚਾਰ ਚਰਚਾ ਹੁੰਦੀ ਹੈ। ਆਮ ਜਨਤਾ ਨੂੰ ਭਲੀ ਭਾਂਤ ਪਤਾ ਹੁੰਦਾ ਹੈ ਕਿ ਜਨਤਾ ਦਾ ਸਿਆਸਤ ਵਿੱਚ ਰੋਲ ਸਿਰਫ ਵੋਟ ਪਾਉਣ ਤੱਕ ਹੈ। ਉਸ ਤੋਂ ਬਾਦ ਨਾ ਕਿਸੇ ਸਿਆਸੀ ਪਾਰਟੀ ਅਤੇ ਨਾ ਕਿਸੇ ਸਿਆਸੀ ਆਗੂ ਨੇ ਉੰਨਾਂ ਦੀ ਖ਼ਬਰ ਨਹੀ ਲੈਣੀ ਪਰ ਫਿਰ ਵੀ ਵੋਟ ਪਾਉਣੀ ਹੈ ਤਾਂ ਆਮ ਜਨਤਾ ਆਪਣੀ ਮਰਜੀ ਨਾਲ ਹੀ ਕਿਸੇ ਆਗੂ ਨੂੰ ਵੋਟ ਪਾਏਗੀ। ਫਿਰ ਵੀ ਆਮ ਜਨਤਾ ਕਹੇਗੀ ਕਿ ਸਾਡਾ ਸਿਆਸਤ ਨਾਲ ਕੋਈ ਲੈਣਾ ਦੇਣਾ ਨਹੀਂ ਹੈ। ਜਿੱਤਣਾ ਸਿਰਫ ਇੱਕ ਆਗੂ ਨੇ ਹੁੰਦਾ ਹੈ ਪਰ ਉਮੀਦਵਾਰ ਬਹੁ ਗਿਣਤੀ ਵਿੱਚ ਖੜਦੇ ਹਨ। ਉਮੀਦਵਾਰ ਵੀ ਤਾਂ ਆਮ ਜਨਤਾ ਵਿੱਚੋਂ ਹੀ ਉੱਠਦੇ ਹਨ। ਜੇਕਰ ਸਹੀ ਮਾਇਨੇ ਵਿੱਚ ਦੇਖਿਆ ਜਾਵੇ ਤਾਂ ਸਿਆਸਤ ਹਰ ਇਨਸਾਨ ਦੀ ਜ਼ਿੰਦਗੀ ਦਾ ਇੱਕ ਅਨਿਖੜਵਾਂ ਅੰਗ ਹੈ। ਜੇਕਰ ਕਿਸੇ ਵੀ ਵਿਅਕਤੀ ਜਾਂ ਭਾਈਚਾਰੇ ਦਾ ਸਿਆਸਤ ਨਾਲ ਕੋਈ ਲੈਣਾ ਦੇਣਾ ਨਹੀਂ ਤਾਂ ਫਿਰ ਇੱਕ ਦੂਸਰੇ ਦੇ ਵਿਰੋਧ ਵਿੱਚ ਕਿਉਂ ਖੜਣਾ ? ਕਿਸੇ ਇੱਕ ਪਾਰਟੀ ਜਾਂ ਆਗੂ ਦਾ ਸਮਰਥਣ ਕਿਉਂ ਕਰਣਾ ? ਖੁਦ ਉੱਚਾ ਉੱਠਣ ਲਈ ਕਿਸੇ ਹੋਰ ਨੂੰ ਨੀਵਾਂ ਕਿਉਂ ਸੁੱਟਣਾ ? ਖੁਦ ਅੱਗੇ ਆਉਣ ਲਈ ਦੂਸਰੇ ਨੂੰ ਪਿੱਛੇ ਕਿਉਂ ਧਕੇਲਣਾ ? ਕਿਸੇ ਇੱਕ ਨੂੰ ਵੋਟ ਪਾਉਣ ਕਿਉਂ ਜਾਣਾ ? ਸਿਆਸਤ ਬਹੁਤ ਕਮਾਲ ਦੀ ਸ਼ਿਹ ਹੈ। ਸਿਆਸਤ ਕਰਕੇ ਹਰ ਸਖਸ਼ਿਅਤ ਦਾ ਅਸਲੀ ਚਿਹਰਾ ਸਾਹਮਣੇ ਆ ਜਾਂਦਾ ਹੈ। ਚਾਹੇ ਕੋਈ ਸਿਆਸੀ ਆਗੂ ਹੈ, ਚਾਹੇ ਕੋਈ ਸਮਰਥਕ ਹੈ ਚਾਹੇ ਕੋਈ ਕਨਵੀਨਰ ਹੈ, ਚਾਹੇ ਵੋਟਰ ਹੈ, ਚਾਹੇ ਸਾਰਕਾਰੀ ਕਰਮਚਾਰੀ ਹੈ। ਸਿਆਸਤ ਹਰ ਕਿਸੇ ਦੇ ਚਿਹਰੇ ਦਾ ਨਕਾਬ ਉਤਾਰ ਸੁੱਟਦੀ ਹੈ। ਸਿਆਸਤ ਇੰਨੀ ਦਿਲਚਸਪ ਹੈ ਕਿ ਹਰ ਸ਼ਖਸ ਬਹੁਤ ਵਧੀਆ ਬੁਲਾਰਾ ਬਣਦਾ ਹੈ। ਹਰ ਸ਼ਖਸ ਇੱਕ ਵਧੀਆ ਆਗੂ ਬਣਦਾ ਹੈ। ਕਿਉਂਕਿ ਤਕਲੀਫ ਹਰ ਸੀਨੇ ਵਿੱਚ ਹੈ। ਸਿਆਸਤ ਨਾਲ ਕੋਈ ਸੰਬੰਧ ਨਾ ਰੱਖਣ ਵਾਲਾ ਵੀ ਕਿਸੇ ਇੱਕ ਨੂੰ ਵੋਟ ਜ਼ਰੂਰ ਪਾਉਂਦਾ ਹੈ। ਆਮ ਜਨਤਾ ਇਸ ਦਿਲਚਸਪ ਸਿਆਸਤ ਤੋਂ ਜਿੰਨਾਂ ਦੂਰ ਜਾਂਦੀ ਹੈ ਉੰਨਾਂ ਹੀ ਇਸ ਦੇ ਨਜ਼ਦੀਕ ਹੁੰਦੀ ਹੈ। ਇੱਥੇ ਇੱਕ ਸਵਾਲ ਉਪਜਦਾ ਹੈ। ਫਿਰ ਗਿਣੇ ਮਿੱਥੇ ਸਿਆਸੀ ਆਗੂ ਚਹਿਰੇ ਕਿਉਂ ? ਪੜੇ ਲਿਖੇ ਜੋ ਪੰਜਾਬ ਦਾ ਦਰਦ ਰੱਖਦੇ ਹਨ। ਜੋ ਸਿਆਸੀ ਆਗੂਆਂ ਨੂੰ ਸਵਾਲ ਕਰਣ ਦਾ ਜਜ਼ਬਾ ਰੱਖਦੇ ਹਨ। ਜੋ ਸਮਾਜ ਦੀ ਸੇਵਾ ਕਰਣ ਵਿੱਚ ਤੱਤਪਰ ਰਹਿੰਦੇ ਹਨ। ਜੋ ਧਰਮ ਦੇ ਹੱਕਾਂ ਲਈ ਅਵਾਜ ਬੁਲੰਦ ਕਰਦੇ ਹਨ। ਉਹ ਕਿਉਂ ਨਹੀਂ ਸਿਆਸਤ ਵਰਗੀ ਕਮਾਲ ਦੀ ਸ਼ਿਹ ਨੂੰ ਆਪਣਾ ਹਥਿਆਰ ਬਣਾਉਂਦੇ ? ਕਦੋਂ ਤੱਕ ਧਰਨੇ ਲਗਾਉਂਦੇ ਰਹਾਂਗੇ ? ਕਦੋਂ ਤੱਕ ਮੰਗਾਂ ਰੱਖਦੇ ਰਹਾਂਗੇ ? ਕਦੋਂ ਤੱਕ ਜਾਨਾਂ ਗਵਾਉਂਦੇ ਰਹਾਂਗੇ ? ਜੇਕਰ ਜਿਗਰਾ ਹੈ ਸਾਡੇ ਵਿੱਚ ਲੜਣ ਦਾ, ਜੇਕਰ ਦਮ ਹੈ ਸਾਡੇ ਵਿੱਚ ਡੱਟ ਕੇ ਖੜਣ ਦਾ ਫਿਰ ਕਿਉਂ ਕਿਸੇ ਦੇ ਮਗਰ ਮਗਰ ਤੁਰਣਾ ? ਕਿਉਂ ਨਾ ਹੁਣ ਅੱਗੇ ਆ ਕੇ ਆਗੂ ਬਣਿਏ ਅਤੇ ਇਸ ਦਿਲਚਸਪ ਸਿਆਸਤ ਨੂੰ ਪੰਜਾਬ ਦੀ ਖੁਸ਼ਹਾਲੀ ਲਈ ਵਰਤੋਂ ਵਿੱਚ ਲਿਆਈਏ।

2 ਜੂਨ ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਦੀਆਂ ਤਿਆਰੀਆਂ ਵਾਸਤੇ ਜਥੇਬੰਦੀ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਵੱਲੋਂ

# ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਦਾ ਸਿਲਸਿਲਾ ਜਾਰੀ

## ਜਥੇਬੰਦੀ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਬਣਨ ਦੇ ਸੰਤ ਬਾਬਾ ਜਤਿੰਦਰ ਸਿੰਘ ਜੀ ਨੂੰ ਸੰਗਤਾਂ ਵੱਲੋਂ ਕੀਤਾ ਗਿਆ ਸਨਮਾਨਤ









ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੀ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ 20ਵੀ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦਾ ਜਨਮ ਦਿਹਾੜਾ 2 ਜੂਨ ਐਤਵਾਰ ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਿਲਾ ਮੋਗਾ ਵਿਖੇ ਬਹੁਤ ਉਚ ਪੱਧਰ ਤੇ ਮਨਾਇਆ ਜਾ ਰਿਹਾ ਹੈ। ਮਾਝਾ ਜੋਨ ਦੇ ਸਮੂਹ ਅਹੁਦੇਦਾਰ ਅਤੇ ਵਰਕਰ ਸਾਹਿਬਾਨਾਂ ਵੱਲੋਂ ਜੰਗੀ ਪੱਧਰ ਤੇ ਤਿਆਰੀਆਂ ਆਰੰਭ ਹੋ ਚੁੱਕੀਆਂ ਹਨ।ਇਸ ਸਬੰਧੀ ਇੰਟਰਨੈਸ਼ਨਲ ਪੰਥਕ ਦਲ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਵੱਲੋਂ ਪਿੰਡ ਫੱਜੂਪੁਰ ਲੇਹਲ ਹਲਕਾ ਧਾਰੀਵਾਲ ਜਿਲਾ ਗੁਰਦਾਸਪੁਰ ਵਿਖੇ ਅਤੇ ਹੋਰ ਨਗਰਾਂ ਵਿੱਚ ਸੰਗਤਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ ।2 ਜੂਨ ਨੂੰ ਬੱਸਾਂ ਦੇ ਕਾਫਲੇ ਨਾਲ ਪਿੰਡ ਰੋਡੇ ਵਿਖੇ ਸੰਗਤਾਂ ਦੀ ਸ਼ਮੂਲੀਅਤ ਕਰਨ ਲਈ ਸਮੂਹ ਸੰਗਤਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਜਥੇਬੰਦੀ ਦੇ ਜਿਲ੍ਹਾ ਤਰਨ ਤਰਨ ਦੇ ਪ੍ਰੈੱਸ ਸਕੱਤਰ ਸ੍ਰ ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਅਤੇ ਸਮੂਹ ਬਾਬਾ ਪਰਿਵਾਰ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸਲਾਨਾ ਸਮਾਗਮ ਦੀਆਂ ਤਿਆਰੀਆਂ ਪੂਰੀ ਤਨਦੇਹੀ ਅਤੇ ਜਿੰਮੇਵਾਰੀਆਂ ਨਾਲ ਨਿਭਾਈਆਂ ਜਾ ਰਹੀਆਂ ਹਨ। ਅੱਜ ਮਾਝਾ ਖੇਤਰ ਦੇ ਜ਼ਿਲ੍ਹਾ ਗੁਰਦਾਸਪੁਰ ਵਿੱਚ ਜਥੇਬੰਦੀ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਵੱਲੋਂ ਵੱਖ ਵੱਖ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਗਈਆਂ ਅਤੇ 2 ਜੂਨ ਨੂੰ ਪਿੰਡ ਰੋਡੇ ਸਮਾਗਮ ਵਿੱਚ ਪਹੁੰਚਣ ਲਈ ਸੰਗਤ ਨੂੰ ਵੱਧ ਤੋਂ ਵੱਧ ਪ੍ਰੇਰਿਤ ਕੀਤਾ। ਨਾਲ ਹੀ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਨੂੰ ਇੰਟਰਨੈਸ਼ਨਲ ਪੰਥਕ ਦਲ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਬਣਨ ਤੇ ਵੱਖ ਵੱਖ ਨਗਰਾਂ ਦੀਆਂ ਸੰਗਤਾਂ ਵੱਲੋਂ ਸਨਮਾਨ ਕੀਤਾ ਗਿਆ ।ਇਸ ਮੌਕੇ ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲਾ ਪ੍ਰਧਾਨ ਗੁਰਦਾਸਪੁਰ , ਭਾਈ ਪ੍ਰਸ਼ੋਤਮ ਸਿੰਘ, ਭਾਈ ਜਸਪਾਲ ਸਿੰਘ, ਭਾਈ ਇਕਬਾਲ ਸਿੰਘ , ਸ੍ਰ ਅਜੀਤ ਸਿੰਘ , ਸ੍ਰ ਸਤਨਾਮ ਸਿੰਘ, ਸ੍ਰ ਨਰਿੰਦਰ ਸਿੰਘ, ਸ੍ਰ ਅਮਰਜੀਤ ਸਿੰਘ ਭੰਗੂ, ਡਾਕਟਰ ਰਾਣਾ ਜੀ, ਸ੍ਰ ਯਸਪਾਲ ਸਿੰਘ, ਸ੍ਰ ਪ੍ਰਿਥੀਪਾਲ ਸਿੰਘ, ਸ੍ਰ ਪਲਵਿੰਦਰ ਸਿੰਘ, ਸ੍ਰ ਜਸ਼ਨਦੀਪ ਸਿੰਘ ਹਾਜਰ ਸਨ।


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਆਪ ਦੇ ਪਰਿਵਾਰ ਵਿੱਚ ਹੋਇਆ ਵਾਧਾ ਬੰਡਾਲਾ ਪਿੰਡ ਵਿੱਚ

# ਕਈ ਕਾਂਗਰਸੀ ਪਰਿਵਾਰ ਹੋਏ ਸ਼ਾਮਲ-ਈ ਟੀ ਓ



**ਜੰਡਿਆਲਾ ਗੁਰੂ, 24 ਮਈ (ਕੁਲਵੰਤ ਸਿੰਘ ਵਿਰਦੀ)**-ਆਮ ਆਦਮੀ ਪਾਰਟੀ ਦੀ ਨੀਤੀਆਂ ਤੋਂ ਖੁਸ਼ ਹੋ ਕੇ ਵੱਡੀ ਗਿਣਤੀ ਵਿੱਚ ਲੋਕ ਇਸ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ ਅਤੇ ਆਪ ਦਾ ਪਰਿਵਾਰ ਲਗਾਤਾਰ ਵੱਧ ਰਿਹਾ ਹੈ। ਜਿਸਦਾ ਸਬੂਤ ਬੀਤੇ ਦਿਨ ਜੰਡਿਆਲਾ ਵਿਧਾਨ ਸਭਾ ਹਲਕੇ ਦੇ ਪਿੰਡ ਬੰਡਾਲਾ ਵਿੱਚੋਂ ਕਾਂਗਰਸੀ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ । ਇਨਾਂ ਸ਼ਬਦਾਂ ਦਾ ਪ੍ਰਗਟਾਵਾ ਸਰਦਾਰ ਹਰਭਜਨ ਸਿੰਘ ਈ ਟੀ ਓ ਕੈਬਨਿਟ ਮੰਤਰੀ ਪੰਜਾਬ ਨੇ ਬੰਡਾਲਾ ਪਿੰਡ ਦੇ ਸਮੂਹ ਪਰਿਵਾਰਾਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਦੇ ਸਮੇਂ ਕੀਤਾ। ਉਨਾਂ ਕਿਹਾ ਕਿ ਪਿੰਡ ਬੰਡਾਲਾ ਦੇ ਸਰਦਾਰ ਬਖਸ਼ੀਸ਼ ਸਿੰਘ ਮੌਜੂਦਾ ਮੈਂਬਰ ਪੰਚਾਇਤ ਕਾਂਗਰਸ ਪਾਰਟੀ, ਆਪਣੇ ਪੂਰੇ ਪਰਿਵਾਰ ਤੇ ਸੈਕੜੇ ਪਰਿਵਾਰਾਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ ।ਸਰਦਾਰ ਬਖਸੀਸ ਸਿੰਘ ਪੰਚਾਇਤ ਮੈਬਰ ਜੀ ਨੇ ਪੱਤਰਕਾਰਾ ਨਾਲ ਗੱਲ ਕਰਦੇ ਹੋਏ ਦੱਸੀਆਂ ਕੀ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਮੌਜੂਦਾ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈ ਟੀ ਉ ਜੀ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਉਹ ਆਮ ਆਦਮੀ ਪਾਰਟੀ ਚ ਸ਼ਾਮਿਲ ਹੋਏ ਹਨ ।ਜਿਹਨਾਂ ਪਾਰਟੀ ਬਾਜੀ ਤੋਂ ਉੱਪਰ ਉੱਠ ਕੇ ਹਰੇਕ ਘਰ ਨੂੰ ਫਰੀ ਬਿਜਲੀ ਦੀ ਸਹੂਲਤ ਮੁੱਹਈਆ ਕਰਵਾਈ ਹੈ। ਜਿਸ ਨਾਲ ਪੰਜਾਬ ਦਾ ਹਰੇਕ ਪਰਿਵਾਰ ਸੁੱਖ ਦਾ ਸਾਹ ਲੈ ਰਿਹਾ ਹੈ ।ਅਸੀਂ ਪਾਰਟੀ ਲਈ ਦਿਨ ਰਾਤ ਮਿਹਨਤ ਕਰਕੇ ਲੋਕ ਸਭਾ ਚੋਣਾਂ ਵਿੱਚ ਬੰਡਾਲਾ ਪਿੰਡ ਤੋਂ ਵੱਡੀ ਲੀਡ ਨਾਲ ਜਿੱਤ ਹਾਸਿਲ ਕਰਾਂਗੇ ।ਇਸ ਮੌਕੇ ਸਰਦਾਰ ਹਰਭਜਨ ਸਿੰਘ ਈ ਟੀ ਉ ਜੀ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਵਰਕਰਾਂ ਨੂੰ ਪਾਰਟੀ ਵਿੱਚ ਪੂਰਾ ਮਾਨ ਸਤਿਕਾਰ ਦਿੱਤਾ ਜਾਵੇਗਾ ।ਸਰਦਾਰ ਹਰਭਜਨ ਸਿੰਘ ਈ ਟੀ ਓ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਨੂੰ ਤਾਂ ਪਿੰਡਾਂ ਵਿੱਚ ਵਰਕਰ ਤੱਕ ਨਹੀਂ ਲਭ ਰਹੇ ਅਤੇ ਹੁਣ ਉਹ ਝੂਠੇ ਲਾਰੇ ਲਾ ਕੇ ਲੋਕਾਂ ਨੂੰ ਆਪਣੀ ਤਰਫ਼ ਖਿੱਚ ਰਹੇ ਹਨ। ਉਨਾਂ ਲੋਕਾਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਇਨਾਂ ਦੇ ਝੂਠੇ ਲਾਰਿਆਂ ਤੋਂ ਬੱਚ ਕੇ ਰਹੋ। ਉਨਾਂ ਕਿਹਾ ਕਿ ਇਨਾਂ ਪਾਰਟੀਆਂ ਨੇ ਤਾਂ ਪੰਜਾਬ ਦਾ ਬੇੜਾ ਗਰਕ ਹੀ ਕਰ ਦਿੱਤਾ ਹੈ ਅਤੇ ਕੇਵਲ ਆਪਣੇ ਪਰਿਵਾਰਾਂ ਦਾ ਹੀ ਵਿਕਾਸ ਕੀਤਾ ਹੈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਬੰਡਾਲਾ ਤੋਂ ਸੀਨੀਅਰ ਲੀਡਰ ਸਰਦਾਰ ਦਿਲਬਾਗ ਸਿੰਘ, ਅਮਰੀਕ ਸਿੰਘ ਬਾਠ,ਸ ਸੁੱਚਾ ਸਿੰਘ,ਨਿਸ਼ਾਨ ਸਿੰਘ ਜੀ, ਹਾਜ਼ਿਰ ਸਨ।

## ਸ਼੍ਰੋਮਣੀ ਅਕਾਲੀ ਦਲ ਮਾਨ ਦਲ ਦੇ ਉਮੀਦਵਾਰ

# ਗੁਰਚਰਨ ਸਿੰਘ ਭੁੱਲਰ ਨੂੰ ਪਿੰਡਾਂ ਵਿਚ ਮਿਲ ਰਿਹੈ ਭਰਪੂਰ ਸਮਰਥਨ







ਫ਼ਿਰੋਜ਼ਪੁਰ, 24 ਮਈ (ਮਨੋਹਰ ਲਾਲ):— ਦਹਾਕਿਆਂ ਤੋਂ ਸਮਾਜ ਸੇਵੀ ਕਾਰਜ ਕਰਦੇ ਆ ਰਹੇ ਗੁਰਚਰਨ ਸਿੰਘ ਭੁੱਲਰ ਵੱਲੋਂ ਸ਼੍ਰੋਮਣੀ ਅਕਾਲੀ ਦਲ ਮਾਨ ਦਲ ਵੱਲੋਂ ਟਿਕਟ ਮਿਲਣ ਉਪਰੰਤ ਨਾਮਜਦਗੀ ਪੱਤਰ ਦਾਖਲ ਕਰਦਿਆਂ ਪਿੰਡਾਂ ਦੇ ਤੂਫਾਨੀ ਦੌਰੇ ਕੀਤੇ ਜਾ ਰਹੇ ਹਨ ਅਤੇ ਹਰ ਪਿੰਡ ਵਿਚ ਲੋਕ ਸਭਾ ਉਮੀਦਵਾਰ ਗੁਰਚਰਨ ਸਿੰਘ ਭੁੱਲਰ ਨੂੰ ਲੋਕਾਂ ਨੂੰ ਭਾਰੀ ਸਮਰਥਨ ਮਿਲ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਸਾਥੀਆਂ ਨੇ ਦੱਸਿਆ ਕਿ ਦਹਾਕਿਆਂ ਤੋਂ ਸਮਾਜ ਸੇਵੀ ਕਾਰਜ ਕਰਨ ਅਤੇ ਸਰਕਾਰੇ—ਦਰਬਾਰੇ ਲੋਕਾਂ ਦੇ ਕੰਮ ਕਰਵਾਉਣ ਵਾਲੀ ਸਖਸ਼ੀਅਤ ਗੁਰਚਰਨ ਸਿੰਘ ਭੁੱਲਰ ਨੂੰ ਜਿਥੇ ਪਿੰਡ—ਪਿੰਡ ਪਹੁੰਚ ਕਰਨ ਤੇ ਲੋਕ ਆਪ ਮੁਹਾਰੇ ਵੋਟਾਂ ਪਾਉਣ ਦਾ ਸਮਰਥਨ ਦੇ ਰਹੇ ਹਨ, ਉਥੇ ਹਰ ਵਿਅਕਤੀ ਆਪਣਾ ਕਿਸਾ ਯਾਦ ਕਰਦਿਆਂ ਤਹਿਸੀਲਦਾਰ ਦਫਤਰ, ਪਟਵਾਰੀ ਦਫਤਰ ਜਾਂ ਡੀ.ਸੀ ਦਫਤਰ ਵਿਚ ਉਨ੍ਹਾਂ ਦੇ ਕਰਵਾਏ ਕੰਮ ਦਾ ਜ਼ਿਕਰ ਕਰ ਰਹੇ ਹਨ। ਲੋਕ ਸਭਾ ਚੋਣਾਂ ਦੇ ਚਲਦਿਆਂ ਅੱਜ ਗੁਰਚਰਨ ਸਿੰਘ ਭੁੱਲਰ ਅਤੇ ਸਾਥੀਆਂ ਵੱਲੋਂ ਫ਼ਿਰੋਜ਼ਪੁਰ ਦੇ ਪਿੰਡ ਦੁਲਚੀ ਕੇ, ਪ੍ਰੀਤਮ ਸਿੰਘ ਵਾਲਾ, ਦੂਲੇ ਵਾਲਾ, ਪੱਲਾ ਮੇਘਾ ਆਦਿ ਪਿੰਡਾਂ ਤੋਂ ਇਲਾਵਾ ਹੋਰਨਾਂ ਪਿੰਡਾਂ ਵਿਚ ਪਹੁੰਚ ਕੀਤੀ ਗਈ, ਜਿਥੇ ਹੋਈਆਂ ਜਨ—ਸੰਭਾਵਾਂ ਨੂੰ ਸੰਬੋਧਨ ਕਰਦਿਆਂ ਗੁਰਚਰਨ ਸਿੰਘ ਭੁੱਲਰ ਤੇ ਸਾਥੀਆਂ ਨੇ ਪੰਥ ਦੀ ਚੜ੍ਹਦੀ ਕਲਾਂ ਲਈ ਚੋਣ ਨਿਸ਼ਾਨ ਬਾਲਟੀ ਪਰ ਵੋਟਾਂ ਪਾਉਣ ਦੀ ਅਪੀਲ ਕੀਤੀ।

ਗੱਲਬਾਤ ਕਰਦਿਆਂ ਗੁਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨੂੰ ਬਚਾਉਣ ਲਈ ਇਸ ਵਾਰ ਸੂਬੇ ਭਰ ਵਿਚੋਂ ਸ਼੍ਰੋਮਣੀ ਅਕਾਲੀ ਦਲ ਮਾਨ ਦਲ ਦੇ ਉਮੀਦਵਾਰਾਂ ਦਾ ਜਿੱਤਣਾ ਅਤਿ ਜ਼ਰੂਰੀ ਹੈ ਤਾਂ ਜ਼ੋ ਕੇਂਦਰ ਸਰਕਾਰ ਵਿਚ ਪੰਜਾਬ ਦੀ ਗੱਲ ਪਹੁੰਚਾਈ ਜਾਵੇ। ਉਨ੍ਹਾਂ ਕਿਹਾ ਕਿ ਲੋਕ ਸਭਾ ਚੋਣ ਜਿੱਤਣ ਬਾਅਦ ਜਿਥੇ ਲੋਕਾਂ ਨਾਲ ਇਸੀ ਤਰ੍ਹਾਂ ਗਰਾਊਂਡ ਲੈਵਲ ਤੇ ਪਹੁੰਚ ਕਰਕੇ ਮਿਲਿਆ ਜਾਂਦਾ ਰਹੇਗਾ, ਉਥੇ ਲੋਕਾਂ ਦੀ ਆਵਾਜ਼ ਕੇਂਦਰ ਵਿਚ ਪਹੁੰਚਾਉਣ ਦੇ ਨਾਲ—ਨਾਲ ਪੰਜਾਬ, ਪੰਜਾਬੀਅਤ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਯਤਨ ਕੀਤੇ ਜਾਣਗੇ ਤਾਂ ਜ਼ੋ ਦੁਨਿਆਂ ਭਰ ਵਿਚ ਖੁਸ਼ਹਾਲੀ ਦੇ ਪ੍ਰ.ਤੀਕ ਮੰਨੇ ਜਾਂਦੇ ਪੰਜਾਬ ਦੀ ਖੁਸ਼ਹਾਲੀ ਨੂੰ ਬਰਕਰਾਰ ਰੱਖਿਆ ਜਾ ਸਕੇ। ਪਿੰਡਾਂ ਵਿਚ ਤੂਫਾਨੀ ਦੌਰੇ ਕਰ ਰਹੇ ਸ਼੍ਰੋਮਣੀ ਅਕਾਲੀ ਦਲ ਮਾਨ ਦਲ ਦੇ ਉਮੀਦਵਾਰ ਗੁਰਚਰਨ ਸਿੰਘ ਭੁੱਲਰ ਨੂੰ ਲੋਕ ਘਰਾਂ ਤੋਂ ਬਾਹਰ ਆ ਕੇ ਵੋਟਾਂ ਪਾਉਣ ਦਾ ਵਿਸਵਾਸ਼ ਦਿਵਾਉਂਦੇ ਹੋਏ ਆਪਣੇ ਪੱਧਰ ਤੇ ਉਨ੍ਹਾਂ ਦੀ ਚੋਣ ਲੜਣ ਦਾ ਹੁੰਗਾਰਾ ਭਰ ਰਹੇ ਹਨ। ਉਨ੍ਹਾਂ ਕਿਹਾ ਕਿ ਫ਼ਿਰੋਜ਼ਪੁਰ ਸਮੇਤ ਪੰਜਾਬ ਭਰ ਦੇ ਲੋਕਾਂ ਨੇ ਪੰਥਕ ਉਮੀਦਵਾਰਾਂ ਦੇ ਹੱਕ ਵਿਚ ਹਵਾ ਬਣਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਲੋਕ ਇਹ ਸੋਚ ਰਹੇ ਹਨ ਕਿ ਪਹਿਲਾਂ ਕਾਂਗਰਸ ਦੀਆਂ ਸਰਕਾਰਾਂ ਬਣਾਈਆਂ ਅਤੇ ਫਿਰ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਸਮੇਤ ਭਾਜਪਾ ਆਦਿ ਸਾਰੀਆਂ ਪਾਰਟੀਆਂ ਨੂੰ ਵੋਟਾਂ ਪਾ ਕੇ ਵੇਖ ਚੁੱਕੇ ਹਾਂ, ਜਿਸ ਨਾਲ ਉਹ ਆਪਣੇ—ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ ਅਤੇ ਹੁਣ ਪਿੰਡਾਂ ਦੇ ਲੋਕਾਂ ਨੇ ਮਨ ਬਣਾ ਲਿਆ ਹੈ ਕਿ ਸੱਚੇ—ਸੁੱਚੇ ਉਮੀਦਵਾਰ ਗੁਰਚਰਨ ਸਿੰਘ ਭੁੱਲਰ ਨੂੰ ਵੋਟਾਂ ਪਾ ਕੇ ਜਿਤਾਉ ਅਤੇ ਸ਼੍ਰੋਮਣੀ ਅਕਾਲੀ ਦਲ ਮਾਨ ਦੇ ਸੁਪਰੀਮੋ ਸਿਮਰਜੀਤ ਸਿੰਘ ਮਾਨ ਦੇ ਹੱਥ ਮਜ਼ਬੂਤ ਕਰੋ।

# ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਫ਼ਿਰੋਜ਼ਪੁਰ ਨੇ ਲਾਇਆ ਸ਼ੂਗਰ ਚੈਕਅਪ



**ਫ਼ਿਰੋਜ਼ਪੁਰ, 24 ਮਈ (ਮਨੋਹਰ ਲਾਲ) :—** ਸਟਰੀਮ ਲਾਈਨ ਵੈਲਫੇਅਰ ਸੋਸਾਇਟੀ ਫਿਰੋਜ਼ਪੁਰ ਵੱਲੋਂ ਅਨਿਲ ਬਾਗੀ ਪਾਰਕ ਨੇੜੇ ਬਾਬਾ ਨਾਮਦੇਵ ਚੌਂਕ ਫਿਰੋਜਪੁਰ ਸ਼ਹਿਰ ਵਿਖੇ ਸ਼ੂਗਰ ਚੈਕਅਪ, ਬੀ.ਪੀ ਚੈਕ ਕੈਂਪ ਲਾਇਆ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਚੇਅਰਮੈਨ ਦੀਵਾਨ ਚੰਦ ਸੁਖੀਜਾ ਨੇ ਦੱਸਿਆ ਕਿ ਇਸ ਕੈਂਪ ਵਿੱਚ 40 ਮਰੀਜ਼ਾਂ ਦੀ ਸ਼ੂਗਰ ਤੇ ਬੀ.ਪੀ ਚੈਕ ਕੀਤਾ ਗਿਆ। ਇਸ ਤੋਂ ਇਲਾਵਾ ਸੋਸਾਇਟੀ ਦੇ ਚੇਅਰਮੈਨ ਸ੍ਰੀ ਦੀਵਾਨ ਚੰਦ ਸਖੀਜਾ ਨੇ ਡੇਂਗੂ, ਮਲੇਰੀਆ ਬੁਖਾਰ ਸਬੰਧੀ ਜਾਣਕਾਰੀ ਦਿੱਤੀ ਅਤੇ ਇਸ ਤੋਂ ਕਿਵੇਂ ਬਚਿਆ ਜਾ ਸਕਦਾ ਹੈ, ਬਾਰੇ ਲੋਕਾਂ ਨੂੰ ਦੱਸਿਆ ਗਿਆ। ਉਨ੍ਹਾਂ ਕਿਹਾ ਕਿ ਘਰਾਂ ਦੇ ਆਲੇ—ਦੁਆਲੇ ਸਫਾਈ ਰੱਖੋ, ਘਰਾਂ ਦੇ ਲਾਗੇ ਪਾਣੀ ਖੜਾ ਨਾ ਹੋਣ ਦਿਓ ਕਿਉਂਕਿ ਮੱਛਰ ਖੜੇ ਪਾਣੀ ਵਿੱਚ ਹੀ ਆਂਡੇ ਦਿੰਦਾ ਹੈ ਤਾਂ ਜੋ ਮੱਛਰਾ ਨੂੰ ਪੈਦਾ ਸੈਣੀ ਤੋਂ ਰੋਕਿਆ ਜਾ ਸਕੇ। ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਕਿਸ਼ਨ ਚੰਦ ਜਾਗੋਵਾਲੀਆ, ਅਸ਼ੋਕ ਚੁੱਘ ਸੀਨੀਅਰ ਵਾਈਸ ਪ੍ਰਧਾਨ, ਵਿਜੇ ਕੁਮਾਰ, ਮਿਹਰ ਸਿੰਘ, ਮੈਡਮ ਸ੍ਰਿਸ਼ਟੀ ਤੇ ਉਹਨਾਂ ਦਾ ਪਰਿਵਾਰ ਹਾਜ਼ਰ ਸਨ।

# ਟੀ.ਬੀ ਦੇ ਮਰੀਜਾਂ ਨੂੰ ਵੰਡੀਆਂ ਪੌਸ਼ਿਟਕ ਸਮੱਗਰੀ ਦੀਆਂ ਕਿੱਟਾਂ



**ਫ਼ਿਰੋਜ਼ਪੁਰ, 24 ਮਈ (ਮਨੋਹਰ ਲਾਲ) :—**ਟੀ.ਬੀ ਦੇ ਲੋੜਵੰਦ ਮਰੀਜਾਂ ਨੂੰ ਪੌਸ਼ਿਟਕ ਸਮੱਗਰੀ ਦੀਆਂ ਕਿੱਟਾਂ ਪ੍ਰਦਾਨ ਕਰਦੀ ਆ ਰਹੀ ਸੰਸਥਾ ਵੱਲੋਂ ਅੱਜ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਸਿਵਲ ਸਰਜਨ ਡਾ: ਮੀਨਾਕਸ਼ੀ ਢੀਂਗਰਾ ਦੀ ਅਗਵਾਈ ਹੇਠ ਮਿਸ਼ਨ ਨਿਕਸ਼ੇ ਮਿੱਤਰਾ ਅਧੀਨ ਜ਼ਿਲ੍ਹਾ ਟੀ.ਬੀ ਅਫਸਰ ਡਾ: ਸਤਿੰਦਰ ਓਬਰਾਏ ਦੀ ਨਿਗਰਾਨੀ ਹੇਠ ਟੀ.ਬੀ ਦੇ ਲੋੜਵੰਦ ਮਰੀਜਾਂ ਨੂੰ ਪੌਸ਼ਿਟਕ ਸਮੱਗਰੀ ਦੀਆਂ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਸ੍ਰੀ ਸੁਭਾਸ਼ ਚੌਧਰੀ ਅਤੇ ਜਰਨਲ ਸਕੱਤਰ ਸ਼ਿਵੰਦਰ ਮਸ਼ਰਾਲ ਦੀ ਨਿਗਰਾਨੀ ਹੇਠ ਸੰਸਥਾ ਵੱਲੋਂ ਕਿੱਟਾਂ ਵੰਡਦਿਆਂ ਮਰੀਜਾਂ ਨੂੰ ਆਪਣੀ ਸਿਹਤ ਪ੍ਰਤੀ ਸੁਹਿਰਦ ਰਹਿਣ ਦੀ ਅਪੀਲ ਕੀਤੀ ਗਈ। ਇਸ ਮੌਕੇ ਸੰਸਥਾ ਦੇ ਸਕੱਤਰ ਨੇ ਕਿਹਾ ਕਿ ਜਿਥੇ ਸਿਵਲ ਹਸਪਤਾਲ ਫ਼ਿਰੋਜ਼ਪੁਰ ਦੇ ਡਾ: ਸਤਿੰਦਰ ਓਬਰਾਏ ਅਤੇ ਉਨ੍ਹਾਂ ਦੇ ਸਟਾਫ ਵੱਲੋਂ ਟੀ.ਬੀ ਦੇ ਮਰੀਜਾਂ ਨੂੰ ਵਧੀਆ ਸਿਹਤ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ, ਉਥੇ ਸਮੇਂ—ਸਮੇਂ ਤੇ ਉਨ੍ਹਾਂ ਨੂੰ ਇਸ ਭਿਆਨਕ ਬਿਮਾਰੀ ਤੋਂ ਬਚਣ ਲਈ ਜਾਗਰੂਕ ਵੀ ਕੀਤਾ ਜਾਂਦਾ ਹੈ ਅਤੇ ਸਮੇਂ—ਸਮੇਂ ਸਿਰ ਰੌਟੀਨ ਚੈਕਅਪ ਵੀ ਕੀਤਾ ਜਾਂਦਾ ਹੈ। ਇਸ ਮੌਕੇ ਡਾ: ਸਤਿੰਦਰ ਓਬਰਾਏ ਨੇ ਇਕੱਤਰ ਹੋਏ ਮਰੀਜਾਂ ਨੂੰ ਜ਼ਰੂਰੀ ਸਾਵਧਾਨੀਆਂ ਬਾਰੇ ਜਾਗਰੂਕ ਕੀਤਾ ਅਤੇ ਦੱਸਿਆ ਕਿ ਟੀ.ਬੀ ਦੀ ਬਿਮਾਰੀ ਤੋਂ ਬਚਣ ਲਈ ਜਿਥੇ ਦਵਾਈਆਂ ਦੀ ਲੋੜ ਹੁੰਦੀ ਹੈ, ਉਥੇ ਉਸ ਨਾਲ ਪੌਸ਼ਿਟਕ ਖੁਰਾਕ ਵੀ ਜ਼ਰੂਰੀ ਹੈ, ਜ਼ੋ ਕਿ ਹਰ ਮਹੀਨੇ ਭਾਰਤ ਵਿਕਾਸ ਪ੍ਰੀਸ਼ਦ ਫ਼ਿਰੋਜ਼ਪੁਰ ਸ਼ਹਿਰ ਵੱਲੋਂ ਟੀ.ਬੀ ਦੇ 12 ਮਰੀਜਾਂ ਨੂੰ ਮੁਹਇਆ ਕਰਵਾਈਆਂ ਜਾਂਦੀਆਂ ਹਨ। ਇਸ ਮੌਕੇ ਸੰਸਥਾ ਦੇ ਮੈਂਬਰਾਂ ਵਿਚ ਸੁਰੇਸ਼ ਸ਼ਰਮਾ, ਸਤੀਸ਼ ਪੁਰੀ, ਰਮਨ ਸ਼ਰਮਾ, ਸਤੀਸ਼ ਗਰੋਵਰ, ਅਮਿਤ ਕੁਮਾਰ, ਸ੍ਰੀਮਤੀ ਜਨਕ ਚੌਧਰੀ, ਅਰੁਣਾ ਭੋਲਾ, ਸ਼ਤੀ ਚੋਪੜਾ, ਉਰਮਿਲਾ ਚਾਵਲਾ ਹਾਜ਼ਰ ਸਨ। ਇਸ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਟੀ.ਬੀ ਵਿਭਾਗ ਸਿਵਲ ਹਸਪਤਾਲ ਫ਼ਿਰੋਜ਼ਪੁਰ ਵੱਲੋਂ ਰਾਜ ਕੁਮਾਰ ਫਾਰਮੈਸੀ ਅਫਸਰ, ਰਾਜਦੀਪ ਸਿੰਘ ਟੀ.ਬੀ ਐਚ.ਵੀ, ਰਿੰਕੂ ਕੰਬੋਜ਼, ਕਾਜਲ ਮੌਂਗਾ ਐਸ.ਐਨ. ਅਤੇ ਵਿਲੀਅਮ ਨੇ ਵਿਸ਼ੇਸ਼ ਸਹਿਯੋਗ ਦਿੱਤਾ ਅਤੇ ਸਾਰੇ ਮਰੀਜਾਂ ਦੇ ਜਲਦੀ ਸਿਹਤਮੰਦ ਹੋਣ ਦੀ ਕਾਮਨਾ ਕੀਤੀ।

# ਪ੍ਰੈਸ ਕਲੱਬ ਪੱਟੀ ਵੱਲੋਂ ਡਾ. ਬਰਜਿੰਦਰ ਸਿੰਘ ਹਮਦਰਦ ਵਿਰੁੱਧ ਕੀਤੇ ਗਏ ਝੂਠੇ ਮੁਕਦਮੇ ਦੀ ਨਿਖੇਦੀ ਕੀਤੀ ਗਈ

**ਪੱਟੀ, 24 ਮਈ (ਆਵਾਜ਼ਿ ਕੌਮ ਬਿਊਰੋ)**-ਲੋਕਤੰਤਰ ਦੇ ਚੌਥੇ ਥੰਮ ਨੂੰ ਦਬਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਗਲਤ ਹੱਥਕੰਡੇ ਅਪਣਾਏ ਜਾ ਰਹੇ ਹਨ। ਇਸ ਦੇ ਰੋਸ ਵਜੋਂ ਪ੍ਰੈਸ ਕਲੱਬ ਪੱਟੀ ਦੇ ਸਮੂਹ ਪੱਤਰਕਾਰਾਂ ਵੱਲੋਂ ਬੀਤੇ ਦਿਨੀ ਅਦਾਰਾ ਅਜੀਤ ਦੇ ਮੁੱਖ ਸੰਪਾਦਕ ਡਾ ਬਰਜਿੰਦਰ ਸਿੰਘ ਹਮਦਰਦ (ਪਦਮ ਸ਼੍ਰੀ) ਖ਼ਿਲਾਫ਼ ਪੰਜਾਬ ਸਰਕਾਰ ਦੀ ਸ਼ਿਹ 'ਤੇ ਵਿਜੀਲੈਂਸ ਬਿਊਰੋ ਵੱਲੋਂ ਦਰਜ ਕੀਤੇ ਗਏ ਨਾਜਾਇਜ਼ ਮੁਕਦਮੇ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਇਸ ਸਬੰਧ ਵਿੱਚ ਹੋਈ ਮੀਟਿੰਗ ਵਿੱਚ ਪ੍ਰੈੱਸ ਕਲੱਬ ਪੱਟੀ ਦੇ ਪ੍ਰਧਾਨ ਕੁਲਵਿੰਦਰ ਪਾਲ ਸਿੰਘ ਕਾਲੇਕੇ ਅਤੇ ਸੀਨੀਅਰ ਪੱਤਰਕਾਰ ਅਵਤਾਰ ਸਿੰਘ ਖਹਿਰਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਾਨ ਸਰਕਾਰ ਦੀ ਇਹ ਕਾਰਵਾਈ ਪ੍ਰੈਸ ਦੀ ਆਜ਼ਾਦੀ ਨੂੰ ਦਬਾਉਣ ਦੀ ਕੋਝੀ ਸਾਜਿਸ਼ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਨਿੱਜੀ ਬਦਲੇ ਦੀ ਭਾਵਨਾ ਨਾਲ ਅਦਾਰਾ ਅਜੀਤ ਦੇ ਮੁੱਖ ਸੰਪਾਦਕ ਡਾ. ਬਰਜਿੰਦਰ ਸਿੰਘ ਹਮਦਰਦ ਖਿਲਾਫ ਮਾਮਲਾ ਦਰਜ ਕਰਵਾਇਆ ਗਿਆ ਹੈ, ਕਿਉਂਕਿ ਆਮ ਆਦਮੀ ਪਾਰਟੀ ਦਾ ਮੁੱਖ ਮੰਤਰੀ ਅਜੀਤ ਅਖਬਾਰ ਨੂੰ ਆਪਣੀ ਸੌੜੀ ਸਿਆਸਤ ਲਈ ਝੁਕਾਉਣਾ ਚਾਹੁੰਦਾ ਹੈ ਪਰ ਡਾ.ਹਮਦਰਦ ਨੇ ਸੱਚਾਈ ਲਿਖਣ ਅਤੇ ਹੱਕਾਂ ਨੂੰ ਪਹਿਲ ਦਿੰਦੇ ਹੋਏ ਸਰਕਾਰ ਦੀ ਹਰ ਧੱਕੇਸ਼ਾਹੀ ਦਾ ਡਟ ਕੇ ਸਾਹਮਣਾ ਕੀਤਾ। ਹੁਣ ਵੇਖਣ ਵਿੱਚ ਆ ਰਿਹਾ ਹੈ ਕਿ ਅਨੇਕਾਂ ਧਾਰਮਿਕ, ਰਾਜਨੀਤਕ, ਵਪਾਰਕ, ਸਮਾਜਿਕ, ਕਿਸਾਨ ਤੇ ਮਜਦੂਰ ਜਥੇਬੰਦੀਆਂ, ਪੰਜਾਬ ਦੀ ਆਵਾਜ਼ ਰੋਜਾਨਾ ਅਜੀਤ ਦੇ ਮੁੱਖ ਸੰਪਾਦਕ ਡਾ ਬਰਜਿੰਦਰ ਸਿੰਘ ਹਮਦਰਦ ਦੇ ਖਿਲਾਫ ਐਫ ਆਈ ਆਰ ਦਰਜ ਕਰਨ ਵਿਰੁੱਧ ਰੋਸ ਜਾਹਰ ਕਰ ਰਹੀਆਂ ਹਨ। ਇਸ ਮੌਕੇ ਪ੍ਰੈਸ ਗਰੁੱਪ ਪੱਟੀ ਦੇ ਪ੍ਰਧਾਨ ਬਲਦੇਵ ਸਿੰਘ ਸੰਧੂ, ਮਹਿਲ ਸਿੰਘ ਸਿੱਧੂ, ਬੱਲੂ ਮਹਿਤਾ, ਜਤਿੰਦਰ ਕੁਮਾਰ ਗੋਲਡੀ, ਰਾਜਜੋਧਵੀਰ ਸਿੰਘ ਰਾਜੂ, ਕੁਲਵਿੰਦਰ ਸਿੰਘ ਬੱਬੂ, ਰਸ਼ਪਾਲ ਬੇਦੀ, ਹਰਭਜਨ ਸਿੰਘ ਬੁਮਰਾਹ, ਲਵਪ੍ਰੀਤ ਕੁਮਾਰ, ਗੁਰਪ੍ਰੀਤ ਸਿੰਘ ਪ੍ਰਿੰਸ ਧੁੰਨਾ, ਵਿਕਾਸ ਕੁਮਾਰ ਮਿੰਟਾਂ, ਖੁਸ਼ਵੰਤ ਰਾਏ ਪ੍ਰਭਾਕਰ, ਕੁਲਵਿੰਦਰ ਸਿੰਘ ਪਨੇਸਰ, ਤਜਿੰਦਰ ਸਿੰਘ ਤਾਜ, ਪਵਨ ਕੁਮਾਰ, ਕਪਿਲ ਗਿੱਲ, ਹਰਦੀਪ ਸਿੰਘ ਭੱਟੀ, ਦੀਪਕ ਕੁਮਾਰ, ਸੁਖਜੀਤ ਸਿੰਘ ਡਿਆਲ, ਬੂਟਾ ਸਿੰਘ, ਸਰਬਜੀਤ ਸਿੰਘ ਸੋਖੀ, ਹੈਪੀ ਸਭਰਾ, ਸਾਜਨ ਸ਼ਰਮਾ, ਸੰਦੀਪ ਪਨੇਸਰ, ਅਮਰਜੀਤ ਕਾਲੇਕੇ, ਸੰਜੀਵ ਸ਼ਰਮਾ, ਜੰਗ ਸਿੰਘ ਭੁੱਲਰ ਆਦਿ ਹਾਜ਼ਰ ਸਨ।

### ਜੂਨ ’84 ਦੀ ਤਬਾਹੀ ਨੂੰ ਚੇਤੇ ਕਰਾਉਂਦਾ

# ਅਕਾਲ ਤਖ਼ਤ ਸਾਹਿਬ ਦਾ ਮਾਡਲ ਸਥਾਪਤ




**ਅੰਮ੍ਰਿਤਸਰ, 24 ਮਈ (ਆਵਾਜ਼ਿ ਕੌਮ ਬਿਊਰੋ)**-ਜੂਨ 1984 ਦੇ ਘੱਲੂਘਾਰੇ ਦੀ 40ਵੀਂ ਸਾਲਾਨਾ ਯਾਦ ਮੌਕੇ ਸ੍ਰੀ ਅਕਾਲ ਤਖਤ ਸਾਹਿਬ Sri Akal Takhat Sahib ਦੇ ਬਾਹਰ ਜੂਨ ’84 ਦੇ ਸਮੇਂ ਫੌਜੀ ਹਮਲੇ Army Operation ਦੀ ਤਬਾਹੀ ਨੂੰ ਚੇਤੇ ਕਰਵਾਉਂਦਾ ਸ੍ਰੀ ਅਕਾਲ ਤਖਤ ਸਾਹਿਬ ਦਾ ਖੰਡਰਾਤ ਬਣਿਆ ਮਾਡਲ ਸਥਾਪਿਤ ਕੀਤਾ ਗਿਆ ਹੈ। ਇਹ ਮਾਡਲ ਪਰਿਕਰਮਾ ਵਿਚ ਸਥਿਤ ਸ਼ਹੀਦੀ ਗੈਲਰੀ ਦਾ ਹਿੱਸਾ ਹੈ ਜਿਸ ਨੂੰ 23 ਮਈ ਤੋਂ 6 ਜੂਨ ਤੱਕ ਸ੍ਰੀ ਅਕਾਲ ਤਖਤ ਸਾਹਿਬ ਦੇ ਬਾਹਰ ਪਰਿਕਰਮਾ ਵਿਚ ਲਗਾਇਆ ਗਿਆ ਹੈ ਤਾਂ ਜੋ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਦਰਸ਼ਨ ਕਰਨ ਆਉਣ ਵਾਲੀਆਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਜੂਨ 84 ਵਿੱਚ ਭਾਰਤੀ ਫੌਜ ਵੱਲੋਂ ਦਰਬਾਰ ਸਾਹਿਬ ਉੱਤੇ ਕੀਤੇ ਹਮਲੇ ਤੋਂ ਜਾਣੂ ਕਰਵਾਇਆ ਜਾ ਸਕੇ। ਭਾਵੇਂ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਾਹਿਬ ਵੱਲੋਂ 1 ਜੂਨ ਤੋਂ 6 ਜੂਨ ਤੱਕ ਸ਼ਹੀਦੀ ਸਪਤਾਹ ਮਨਾਉਣ ਦੇ ਕੌਮ ਨੂੰ ਆਦੇਸ਼ ਦਿੱਤੇ ਗਏ ਹਨ ਪਰ ਇਸ ਘੱਲੂਘਾਰੇ ਦੀ 40ਵੀਂ ਯਾਦ ਨੂੰ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ SGPC ਵੱਲੋਂ ਵੱਖਰੇ ਢੰਗ ਨਾਲ ਮਨਾਇਆ ਜਾ ਰਿਹਾ ਹੈ। ਪਰਕਰਮਾ ਵਿਛ ਦੇਖਿਆ ਗਿਆ ਕਿ ਦਰਸ਼ਨ ਕਰਨ ਆਉਣ ਵਾਲੀਆਂ ਸੰਗਤਾਂ ਆਪਣੇ ਮੋਬਾਈਲਾਂ ਵਿਚ ਇਸ ਮਾਡਲ ਦੀਆਂ ਤਸਵੀਰਾਂ ਖਿੱਚ ਕੇ ਆਪਣੇ ਸੋਸ਼ਲ ਮੀਡੀਆ ਖਾਤਿਆਂ ਰਾਹੀਆਂ ਹੋਰਨਾਂ ਨੂੰ ਵੀ ਭੇਜ ਰਹੀਆਂ ਹਨ।

### ਹਲਕਾ ਜਗਰਾਉਂ ਦੇ ਵੱਖ ਵੱਖ ਪਿੰਡਾਂ ਵਿੱਚ ਅਜ਼ਾਦ ਉਮੀਦਵਾਰ ਕਮਲਜੀਤ ਸਿੰਘ ਬਰਾੜ ਨੇ ਕੀਤਾ ਚੋਣ ਪ੍ਰਚਾਰ

# ਯਾਦ ਰੱਖਿਓ ਕਾਂਗਰਸ ਨੇ ਕਰਵਾਇਆ ਸ੍ਰੀ ਅਕਾਲ ਤਖਤ ਸਾਹਿਬ ਤੇ ਹਮਲਾ : ਜਥੇਦਾਰ ਦਲੀਪ ਸਿੰਘ ਚਕਰ





**ਜਗਰਾਉਂ (ਵਰਿਆਮ ਹਠੂਰ)**-ਲੋਕ ਸਭਾ ਹਲਕਾ ਲੁਧਿਆਣਾ ਤੋਂ ਅਜ਼ਾਦ ਉਮੀਦਵਾਰ ਅਤੇ ਪੰਥਕ ਸੋਚ ਦੇ ਧਾਰਨੀ ਸ: ਕਮਲਜੀਤ ਸਿੰਘ ਬਰਾੜ ਨੇ ਹਲਕਾ ਜਗਰਾਉਂ ਦੇ ਵੱਖ ਵੱਖ ਪਿੰਡਾਂ ਵਿੱਚ ਸਪੋਟਰਾਂ ਦੀ ਵੱਡੀ ਟੀਮ ਨਾਲ ਆਪਣਾ ਚੋਣ ਪ੍ਰਚਾਰ ਕੀਤਾ, ਇਸੇ ਲੜੀ ਤਹਿਤ ਉਮੀਦਵਾਰ ਕਮਲਜੀਤ ਸਿੰਘ ਬਰਾੜ ਜਦੋਂ ਇਤਿਹਾਸਕ ਕਸਬਾ ਹਠੂਰ ਪਹੁੰਚੇ ਤਾਂ ਅਨੇਕਾਂ ਸਮੱਰਥਕਾਂ ਨੇ ਉਨ੍ਹਾਂ ਨੂੰ ਜੀ ਆਇਆਂ ਆਖਿਆ ਤੇ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ, ਸਟੇਜ ਤੋਂ ਪਹਿਲਾਂ ਬੀਬੀਆਂ ਦੇ ਪੰਥਕ ਢਾਡੀ ਜੱਥੇ ਨੇ ਢਾਡੀ ਕਲਾ ਦੇ ਜੌਹਰ ਵਿਖਾਏ ਤੇ ਇਕੱਤਰ ਹੋਏ ਲੋਕਾਂ ਨੂੰ ਕਮਲਜੀਤ ਸਿੰਘ ਬਰਾੜ ਨੂੰ ਵੋਟ ਅਤੇ ਸਪੋਟ ਕਰਨ ਲਈ ਅਪੀਲ ਕੀਤੀ, ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਦੇ ਆਲ ਇੰਡੀਆ ਕਨਵੀਨਰ ਜਥੇਦਾਰ ਦਲੀਪ ਸਿੰਘ ਜੀ ਚਕਰ ਨੇ ਕਿਹਾ ਕਿ ਕਮਲਜੀਤ ਸਿੰਘ ਬਰਾੜ ਪੰਥ ਲਈ ਦਿਲ ਵਿੱਚ ਦਰਦ ਰੱਖਣ ਵਾਲਾ ਮਿਹਨਤੀ ਉਮੀਦਵਾਰ ਹੈ। ਜਿਸ ਨੂੰ ਜਿਤਾਉਣਾ ਬਹੁਤ ਜ਼ਰੂਰੀ ਹੈ। ਕਿਉਂਕਿ ਲੋਕਾਂ ਨੇ ਪਹਿਲਾਂ ਹੋਰਨਾਂ ਲੀਡਰਾਂ ਨੂੰ ਪਰਖ ਕੇ ਵੇਖ ਲਿਆ ਹੈ। ਤੇ ਪਰਖੇ ਹੋਇਆਂ ਨੂੰ ਹੋਰ ਕੀ ਪਰਖਣਾ ਹੈ। ਇਸ ਵਾਰ ਕਮਲਜੀਤ ਸਿੰਘ ਬਰਾੜ ਨੂੰ ਵੋਟ ਅਤੇ ਸਪੋਰਟ ਕਰੀਏ ਤਾਂ ਜੋ ਬਰਾੜ ਸਾਹਬ ਬੰਦੀ ਸਿੰਘਾਂ ਦੀ ਰਿਹਾਈ, ਨਸ਼ਿਆਂ ਦੇ ਖਾਤਮੇ ਲਈ ਅਤੇ ਪੰਥਕ ਮੁੱਦਿਆਂ ਸਮੇਤ ਪੰਜਾਬ ਦੇ ਹੋਰਨਾਂ ਮੁੱਦਿਆਂ ਨੂੰ ਚੁੱਕਣ ਲਈ ਅਵਾਜ਼ ਬੁਲੰਦ ਕਰਨ, ਉਨ੍ਹਾਂ ਅੱਗੇ ਕਿਹਾ ਕਿ ਕਾਂਗਰਸ ਪਾਰਟੀ ਸਿੱਖਾਂ ਦੀ ਕਾਤਲ ਜਮਾਤ ਹੈ।ਕਾਂਗਰਸ ਨੇ ਹੀ ਸ਼੍ਰੀ ਅਕਾਲ ਤਖ਼ਤ ਸਾਹਿਬ ਤੇ ਹਮਲਾ ਕਰਵਾਇਆ, ਤੇ ਸਾਡੀ ਵੋਟ ਦਾ ਹੱਕਦਾਰ ਕਾਂਗਰਸ ਦਾ ਉਮੀਦਵਾਰ ਅਮਰਿੰਦਰ ਸਿੰਘ ਰਾਜਾ ਵੜਿੰਗ ਕਦੇ ਨਹੀਂ ਹੋ ਸਕਦਾ, ਸਿੱਖ ਕੌਮ ਸ਼੍ਰੀ ਅਕਾਲ ਤਖ਼ਤ ਸਾਹਿਬ ਤੇ ਹੋਏ ਹਮਲੇ ਨੂੰ ਕਦੇ ਨਹੀਂ ਭੁੱਲ ਸਕਦੀ, ਦੂਜੇ ਪਾਸੇ ਕਾਂਗਰਸ ਨੂੰ ਅਲਵਿਦਾ ਆਖ ਕੇ ਬੀ ਜੇ ਪੀ ਵਿੱਚ ਗਏ ਰਵਨੀਤ ਸਿੰਘ ਬਿੱਟੂ ਜੋ ਭਾਜਪਾ ਵੱਲੋਂ ਚੋਣ ਲੜ ਰਹੇ ਹਨ। ਉਹ ਦੋ ਵਾਰ ਐਮ ਪੀ ਰਹਿ ਚੁੱਕੇ ਹਨ। ਪਰ ਐਮ ਪੀ ਬਣਕੇ ਕਦੇ ਹਲਕੇ ਵਿੱਚ ਨਹੀਂ, ਜੇ ਗੱਲ ਕਰੀਏ ਆਮ ਆਦਮੀ ਪਾਰਟੀ ਦੀ ਤਾਂ ਆਮ ਆਦਮੀ ਪਾਰਟੀ ਨੇ ਝੂਠੇ ਵਾਅਦੇ ਕਰਕੇ ਸੱਤਾ ਹਾਸਲ ਕੀਤੀ ਤੇ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਇਸ ਲਈ ਜਨਤਾ ਦੀ ਸਹੀ ਵੋਟ ਦਾ ਹੱਕਦਾਰ ਅਜ਼ਾਦ ਉਮੀਦਵਾਰ ਕਮਲਜੀਤ ਸਿੰਘ ਬਰਾੜ ਹੈ। ਉਹਦੇ ਮੋਢੇ ਨਾਲ ਮੋਢਾ ਲਾ ਕੇ ਉਸ ਨੂੰ ਮੈਂਬਰ ਪਾਰਲੀਮੈਂਟ ਬਣਾਈਏ, ਉਮੀਦਵਾਰ ਕਮਲਜੀਤ ਸਿੰਘ ਬਰਾੜ ਨੇ ਕਿਹਾ ਕਿ ਜੇ ਤੁਸੀਂ ਮੈਨੂੰ ਵੋਟ ਦਿੱਤੀ ਤਾਂ ਮੈਂ ਤੁਹਾਡੀ ਕੱਲੀ ਕੱਲੀ ਵੋਟ ਦਾ ਕੰਮ ਕਰਕੇ ਮੁੱਲ ਮੋੜਾਗਾਂ, ਤਹਾਨੂੰ ਮਾਣ ਹੋਵੇਗਾ ਕਿ ਤੁਸੀਂ ਬਿਲਕੁਲ ਸਹੀ ਉਮੀਦਵਾਰ ਨੂੰ ਆਪਣੀ ਵੋਟ ਪਾਈ ਹੈ। ਉਨ੍ਹਾਂ ਕਿਹਾ ਕਿ ਵੱਖ ਵੱਖ ਰਾਜਨੀਤਕ ਧਿਰਾਂ ਦੇ ਲੀਡਰ ਚੋਣ ਪ੍ਰਚਾਰ ਤਾਂ ਕਰ ਰਹੇ ਹਨ। ਪਰ ਗੁਰੂ ਸਾਹਿਬ ਦੀ ਹੋਈ ਬੇਅਬਦੀ ਤੇ ਬਰਗਾੜੀ ਵਰਗੇ ਵੱਡੇ ਮਸਲਿਆਂ ਤੇ ਕੋਈ ਨਹੀਂ ਬੋਲ ਰਿਹਾ, ਨੌਜਵਾਨ ਚਿੱਟੇ ਵਰਗੇ ਘਾਤਕ ਨਸ਼ਿਆਂ ਕਾਰਨ ਮੌਤ ਦੇ ਮੂੰਹ ਵਿੱਚ ਜਾ ਰਹੇ ਹਨ। ਇਹ ਮੇਨ ਮਸਲਿਆਂ ਤੇ ਕੋਈ ਗੱਲ ਕਰਨ ਲਈ ਤਿਆਰ ਨਹੀਂ, ਜਨਤਾ ਫੈਸਲਾ ਕਰੇ ਕਿ ਝੂਠੇ ਵਾਅਦੇ ਕਰਕੇ ਪੂਰੇ ਨਾਂ ਕਰਨ ਵਾਲੇ ਕੀ ਤੁਹਡੀ ਵੋਟ ਦੇ ਹੱਕਦਾਰ ਹਨ ?? ਜਨਤਾ ਇਹੋ ਜਿਹੇ ਝੂਠਿਆਂ ਨੂੰ ਘੇਰ ਘੇਰ ਕੇ ਜਬਾਬ ਮੰਗੇ, ਉਨ੍ਹਾਂ ਕਿਹਾ ਕਿ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਰਵਨੀਤ ਸਿੰਘ ਬਿੱਟੂ ਤੁਹਾਡੀ ਵੋਟ ਦੇ ਹੱਕਦਾਰ ਨਹੀਂ, ਸ: ਕਮਲਜੀਤ ਸਿੰਘ ਬਰਾੜ ਨੇ ਅੱਗੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਵਰਗਿਆਂ ਤੇ ਐੱਨ ਐੱਸ ਲਗਾ ਕੇ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਕਰ ਦਿੱਤਾ ਨਸ਼ਿਆਂ ਨੂੰ ਰੋਕਣ ਵਾਲਿਆਂ ਅਤੇ ਅੰਮ੍ਰਿਤ ਸੰਚਾਰ ਕਰਵਾਉਣ ਵਾਲਿਆਂ ਨੂੰ ਕਿਸ ਰਾਹ ਵੱਲ ਤੋਰਿਆ ਜਾ ਰਿਹਾ ਹੈ। ਜਨਤਾ ਸਭ ਜਾਣਦੀ ਹੈ ਇਸ ਲਈ ਸਮਾਂ ਹੈ ਜਬਾਬ ਦੇਣ ਦਾ ਵੋਟ ਦੀ ਤਾਕਤ ਨਾਲ ਅਸੀਂ ਧੱਕੇਸ਼ਾਹੀ ਦਾ ਜਬਾਬ ਦੇ ਸਕਦੇ ਹਾਂ, ਜੇਕਰ ਸੂਝਵਾਨ ਵੋਟਰ ਇਸ ਵਾਰ ਮੈਨੂੰ ਮੌਕਾ ਦੇਣ ਤਾਂ ਮੈਂ ਜਨਤਾ ਦੀ ਕਸਵੱਟੀ ਤੇ ਪੂਰਾ ਖਰਾ ਉੱਤਰਾਂਗਾ, ਇਸ ਮੌਕੇ ਵੋਟਰਾਂ ਅਤੇ ਸਪੋਟਰਾਂ ਨੇ ਕਮਲਜੀਤ ਸਿੰਘ ਬਰਾੜ ਨੂੰ ਵੱਡੀ ਲੀਡ ਨਾਲ ਜਿਤਾਉਣ ਦਾ ਭਰੋਸਾ ਦਵਾਇਆ, ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਦੇ ਆਲ ਇੰਡੀਆ ਕਨਵੀਨਰ ਜਥੇਦਾਰ ਦਲੀਪ ਸਿੰਘ ਜੀ ਚਕਰ, ਹਰਮੇਲ ਸਿੰਘ ਢਿੱਲੋਂ ਮੱਲ੍ਹਾ, ਦੀਪਕ ਖੰਡੂਰ, ਖਾਲਸਾ ਮੱਲੇ ਵਾਲਾ, ਵਰੁਣ ਜੋਸ਼ੀ ਹਿੰਮਤਪੁਰਾ, ਸੁਰਜੀਤ ਸਿੰਘ ਹਰਮਨ ਹਠੂਰ, ਕਮਲਜੀਤ ਸਿੰਘ, ਕਾਲਾ ਹਠੂਰ, ਬੌਬੀ ਹਠੂਰ, ਸਮੇਤ ਵੱਡੀ ਗਿਣਤੀ ਵਿੱਚ ਵੋਟਰ, ਸਪੋਟਰ ਅਤੇ ਇਨਸਾਫ਼ ਪਸੰਦ ਲੋਕ ਹਾਜ਼ਰ ਸਨ।

# ਸੰਤਾਂ ਦੇ ਜਨਮ ਦਿਨ ਮਨਾਉਣ ਸਬੰਧੀ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਪ੍ਰਚਾਰ ਜ਼ੋਰਾਂ ਤੇ



ਵੀਹਵੀਂ ਸਦੀ ਦੇ ਮਹਾਨ ਜਰਨੈਲ ਅਤੇ ਦਮਦਮੀ ਟਕਸਾਲ ਦੇ 14 ਵੇਂ ਮੁਖੀ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ 2 ਜੂਨ ਨੂੰ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਮਨਾਏ ਜਾ ਰਹੇ ਜਨਮ ਦਿਹਾੜੇ ਸਬੰਧੀ ਸਮਾਗਮ ਵਿੱਚ ਸੰਗਤਾਂ ਨੂੰ ਸ਼ਾਮਲ ਹੋਣ ਲਈ ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਅਤੇ ਵਰਕਰਾਂ ਦ.ਵੱਲੋਂ ਜ਼ੋਰਦਾਰ ਤਿਆਰੀਆਂ ਅਤੇ ਪ੍ਰਚਾਰ ਕੀਤਾ ਜਾ ਰਿਹਾ ਹੈ। ਇਸੇ ਮੁਹਿੰਮ ਤਹਿਤ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਆਕਾਲ ਤਖ਼ਤ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇੰਟਰਨੈਸ਼ਨਲ ਪੰਥਕ ਦਲ ਧਾਰਮਿਕ ਵਿੰਗ ਦੇ ਪੰਜਾਬ ਪ੍ਰਧਾਨ ਬਾਬਾ ਸਤਨਾਮ ਸਿੰਘ ਵੱਲੀਆਂ ਦੀ ਅਗਵਾਈ ਹੇਠ ਜ਼ਿਲ੍ਹਾ ਫ਼ਿਰੋਜ਼ਪੁਰ ਅਤੇ ਸ੍ਰੀ ਮੁਕਤਸਰ ਸਾਹਿਬ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਸੰਗਤਾਂ ਨੂੰ ਉਤਸ਼ਾਹਿਤ ਕਰਨ ਲਈ ਡੋਰ ਟੂ ਡੋਰ ਮੀਟਿੰਗਾਂ ਦਾ ਸਿਲਸਿਲਾ ਜਾਰੀ ਚੱਲ ਰਿਹਾ ਹੈ। ਇਸ ਮੁਹਿੰਮ ਤਹਿਤ ਅੱਜ ਇੰਟਰਨੈਸ਼ਨਲ ਪੰਥਕ ਦਲ ਜ਼ਿਲ੍ਹਾ ਮੁਕਤਸਰ ਸਾਹਿਬ ਦੇ ਆਗੂਆਂ ਜਿਨ੍ਹਾਂ ਵਿੱਚ ਜ਼ਿਲ੍ਹਾ ਪ੍ਰਧਾਨ ਭਾਈ ਗੁਰਦੇਵ ਸਿੰਘ, ਭਾਈ ਜੋਗਿੰਦਰ ਸਿੰਘ ਮੀਤ ਪ੍ਰਧਾਨ ਪੰਜਾਬ, ਭਾਈ ਬਹਾਦਰ ਸਿੰਘ ਅਤੇ ਭਾਈ ਸਾਹਬ ਸਿੰਘ ਦੇ ਸਮੇਤ ਪਿੰਡਾਂ ਦੇ ਗੁਰੂ ਘਰਾਂ ਅਤੇ ਸੱਥਾਂ ਵਿੱਚ ਸੰਗਤਾਂ ਨੂੰ ਇੱਕਠੇ ਹੋ ਕੇ 2 ਜੂਨ ਨੂੰ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਸਬੰਧੀ ਸਮਾਗਮ ਵਿੱਚ ਸ਼ਮੂਲੀਅਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਅੱਜ ਦੀਆਂ ਮੀਟਿੰਗਾਂ ਵਿੱਚ ਸੰਗਤਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲਿਆ। ਅੱਜ ਦੀ ਪਹਿਲੀ ਮੀਟਿੰਗ ਪਿੰਡ ਲੱਧੂ ਵਾਲਾ ਉਤਾੜ ਵਿਖੇ ਹੋਈ ਜਿਸ ਵਿੱਚ ਭਾਈ ਮਲਕੀਤ ਸਿੰਘ, ਭਾਈ ਦਵਿੰਦਰ ਸਿੰਘ, ਭਾਈ ਰਜਿੰਦਰ ਸਿੰਘ, ਭਾਈ ਅਮੋਲਕ ਸਿੰਘ ਅਤੇ ਭਾਈ ਕੁਲਵੰਤ ਸਿੰਘ ਆਦਿ ਮੋਹਤਬਰਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ ਅਤੇ ਸੰਤਾਂ ਦੇ ਜਨਮ ਦਿਹਾੜੇ ਤੇ ਪਹੁੰਚਣ ਲਈ ਸੱਦਾ ਪੱਤਰ ਦਿੱਤੇ ਗਏ ਅਤੇ ਉਨ੍ਹਾਂ ਵੱਲੋਂ ਇੱਕ ਬੱਸ ਸੰਗਤਾਂ ਨਾਲ ਭਰ ਕੇ ਲਿਆਉਣ ਦਾ ਭਰੋਸਾ ਦਿੱਤਾ ਗਿਆ। ਇਸੇ ਦੌਰਾਨ ਦੂਜੀ ਮੀਟਿੰਗ ਪਿੰਡ ਲੱਧੂ ਵਾਲਾ ਵਿਖੇ ਹੋਈ ਜਿਸ ਵਿੱਚ ਭਾਈ ਟਹਿਲ ਸਿੰਘ, ਚੰਨਣ ਸਿੰਘ, ਗੁਰਬਖਸ਼ ਸਿੰਘ, ਭਾਈ ਮਹਿਲ ਸਿੰਘ ਅਤੇ ਭਾਈ ਬੂਟਾ ਸਿੰਘ ਆਦਿ ਸ਼ਾਮਲ ਹੋਏ। ਇਸ ਮੀਟਿੰਗ ਦੌਰਾਨ ਵੀ ਪੰਥਕ ਵਿਚਾਰਾਂ ਕੀਤੀਆਂ ਗਈਆਂ ਅਤੇ ਸੱਦਾ ਪੱਤਰ ਦਿੱਤੇ ਗਏ ਇਨ੍ਹਾਂ ਸੰਗਤਾਂ ਵੱਲੋਂ ਵੀ ਇੱਕ ਬੱਸ ਲਿਆਉਣ ਦਾ ਭਰੋਸਾ ਦਿੱਤਾ ਗਿਆ।ਤੀਸਰੀ ਮੀਟਿੰਗ ਪਿੰਡ ਫੱਤਣਵਾਲਾ ਵਿਖੇ ਹੋਈ ਜਿਸ ਵਿੱਚ ਭਾਈ ਗੁਰਦੇਵ ਸਿੰਘ, ਭਾਈ ਲਛਮਣ ਸਿੰਘ, ਭਾਈ ਗੁਰਜੰਟ ਸਿੰਘ ਅਤੇ ਹੋਰ ਸਿੰਘ ਹਾਜ਼ਰ ਹੋਏ। ਇਸ ਮੀਟਿੰਗ ਦੌਰਾਨ ਵਿਚਾਰ ਵਟਾਂਦਰੇ ਦੌਰਾਨ ਇਨ੍ਹਾਂ ਸਿੰਘਾਂ ਨੇ ਦੋ ਬੱਸਾਂ ਲਿਆਉਣ ਦਾ ਭਰੋਸਾ ਦਿੱਤਾ ਅਖੀਰ ਵਿੱਚ ਬਾਬਾ ਸਤਨਾਮ ਸਿੰਘ ਵੱਲੀਆਂ ਨੇ ਦੱਸਿਆ ਕਿ ਭਾਰੀ ਗਰਮੀ ਦੇ ਬਾਵਜੂਦ ਵੀ ਸੰਤਾਂ ਦਾ ਜਨਮ ਦਿਹਾੜਾ ਮਨਾਉਣ ਲਈ ਸੰਗਤਾਂ ਵੱਲੋਂ ਬਹੁਤ ਵੱਡਾ ਹੁੰਗਾਰਾ ਮਿਲ ਰਿਹਾ ਹੈ ਅਤੇ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

# ਸੰਧੂ ਸਮੁੰਦਰੀ ਉਸ ਪਰਿਵਾਰ ਦਾ ਸੰਤਾਨ ਹੈ ਜਿਨ੍ਹਾਂ ਨੇ ਸਿੱਖੀ ਲਈ ਜੀਵਨ ਬਲੀਦਾਨ ਦਿੱਤਾ - ਪ੍ਰਧਾਨ ਮੰਤਰੀ ਮੋਦੀ




**ਦੀਨਾਨਗਰ/ਗੁਰਦਾਸਪੁਰ/ਅੰਮ੍ਰਿਤਸਰ 24 ਮਈ (ਆਵਾਜ਼ਿ ਕੌਮ ਬਿਊਰੋ)**-ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਦੀਨਾਨਗਰ ਵਿੱਚ ਇੱਕ ਵਿਸ਼ਾਲ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਅੰਮ੍ਰਿਤਸਰ ਤੋਂ ਭਾਜਪਾ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਸਲਾਹਿਆ। ਇੰਨਾ ਹੀ ਨਹੀਂ ਉਨ੍ਹਾਂ ਸੰਧੂ ਸਮੁੰਦਰੀ ਨੂੰ ਸਿੱਖ ਧਰਮ ਲਈ ਕੁਰਬਾਨੀ ਦੇਣ ਵਾਲੇ ਪਰਿਵਾਰ ਦਾ ਸੰਤਾਨ ਦੱਸਿਆ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੇ ਭਾਸ਼ਣ ਵਿੱਚ ਤਰਨਜੀਤ ਸਿੰਘ ਸੰਧੂ ਸਮੁੰਦਰੀ ਬਾਰੇ ਕਿਹਾ ਕਿ ਅੰਮ੍ਰਿਤਸਰ ਤੋਂ ਉਮੀਦਵਾਰ ਤਰਨਜੀਤ ਸਿੰਘ ਸੰਧੂ, ਅਸੀਂ ਪਿਛਲੇ ਦਸ ਸਾਲਾਂ ਤੋਂ ਇਕੱਠੇ ਕੰਮ ਕਰ ਰਹੇ ਹਾਂ। ਸੰਧੂ ਕੇਂਦਰ ਸਰਕਾਰ ਦੇ ਸੀਨੀਅਰ ਅਧਿਕਾਰੀ ਰਹਿ ਚੁੱਕੇ ਹਨ। ਅਮਰੀਕਾ ਵਿੱਚ ਸੰਧੂ ਦੀ ਸਫਲਤਾ ਤੋਂ ਪ੍ਰਭਾਵਿਤ ਹੋ ਕੇ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਉਨ੍ਹਾਂ (ਸੰਧੂ) ਨੇ ਅਮਰੀਕਾ ਵਿੱਚ ਭਾਰਤ ਦਾ ਮਾਣ ਵਧਾਉਣ ਵਿੱਚ ਵੱਡੀ ਭੂਮਿਕਾ ਨਿਭਾਈ ਹੈ। ਉਨ੍ਹਾਂ ਗੁਰਦੁਆਰਾ ਸੁਧਾਰ ਲਹਿਰ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੋਢੀਆਂ ਵਿੱਚੋਂ ਇੱਕ ਸਰਦਾਰ ਤੇਜਾ ਸਿੰਘ ਸਮੁੰਦਰੀ ਵੱਲ ਇਸ਼ਾਰਾ ਕਰਦਿਆਂ ਕਿਹਾ ਕਿ ਸਭ ਤੋਂ ਵੱਡੀ ਗੱਲ ਇਹ ਹੈ ਕਿ ਸੰਧੂ ਇੱਕ ਅਜਿਹੇ ਪਰਿਵਾਰ ਦਾ ਸੰਤਾਨ ਹੈ ਜਿਸ ਨੇ ਸਿੱਖ ਧਰਮ ਲਈ ਆਪਣਾ ਜੀਵਨ ਕੁਰਬਾਨ ਕੀਤਾ। ਇਹ ਉਨ੍ਹਾਂ ਦੀ ਔਲਾਦ ਹਨ, ਅਜਿਹੇ ਪਰਿਵਾਰ ਦਾ ਵਿਅਕਤੀ ਅੱਜ ਭਾਰਤੀ ਜਨਤਾ ਪਾਰਟੀ ਨਾਲ ਜੁੜਿਆ ਹੋਇਆ ਹੈ, ਇਹ ਸਾਡੇ ਲਈ ਮਾਣ ਵਾਲੀ ਗੱਲ ਹੈ। ਉਹ (ਸੰਧੂ) ਅੱਜ ਤੁਹਾਡੇ ਕੋਲ ਆਇਆ ਹੈ। ਮੈਂ ਤੁਹਾਨੂੰ ਸਾਰਿਆਂ ਨੂੰ ਅਪੀਲ ਕਰਦਾ ਹਾਂ ਕਿ ਤੁਸੀਂ ਪੂਰੀ ਤਾਕਤ ਨਾਲ ਅਤੇ ਵੱਡੀ ਗਿਣਤੀ ਵਿੱਚ ਵੋਟ ਪਾਓ, ਕਮਲ ਦਾ ਬਟਨ ਦਬਾਓ ਅਤੇ ਇਹਨਾਂ ਸਾਰੇ ਸਾਥੀਆਂ ਨੂੰ ਜਿਤਾ ਕੇ ਦਿੱਲੀ ਭੇਜੋ। ਜਦੋਂ ਤੁਸੀਂ ਕਮਲ ਦਾ ਬਟਨ ਦਬਾਉਂਦੇ ਹੋ, ਤਾਂ ਉਹ ਵੋਟ ਸਿੱਧੇ ਮੋਦੀ ਦੇ ਖਾਤੇ ਵਿੱਚ ਜਾਵੇਗੀ। ਇਸ ਤੋਂ ਪਹਿਲਾਂ ਰੈਲੀ ਨੂੰ ਸੰਬੋਧਨ ਕਰਦਿਆਂ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਸਭ ਤੋਂ ਪਹਿਲਾਂ ਗੁਰ ਫਤਹਿ ਬੁਲਾਈ। ਉਨ੍ਹਾਂ ਕਿਹਾ ਕਿ ਅਸੀਂ 2024 ਵਿੱਚ ਬੈਠੇ ਹਾਂ। ਭਾਰਤ ਇਸ ਸਮੇਂ ਦੁਨੀਆ ਦੇ ਸਿਖਰਲੇ ਪੰਜ ਦੇਸ਼ਾਂ ਵਿੱਚ ਪਹੁੰਚ ਗਿਆ ਹੈ ਅਤੇ ਜਲਦੀ ਹੀ ਸਿਖਰਲੇ ਤਿੰਨ ਵਿੱਚ ਪਹੁੰਚ ਜਾਵੇਗਾ। ਦੁਨੀਆ ਦੀਆਂ ਵੱਡੀਆਂ ਕੰਪਨੀਆਂ ਭਾਰਤ ਵਿੱਚ ਫੈਕਟਰੀਆਂ ਲਗਾ ਰਹੀਆਂ ਹਨ। ਜਿਨ੍ਹਾਂ ਨੌਕਰੀਆਂ ਲਈ ਅਸੀਂ ਵਿਦੇਸ਼ ਜਾਂਦੇ ਹਾਂ, ਸਾਡੇ ਬੱਚੇ ਵਿਦੇਸ਼ ਜਾਂਦੇ ਹਨ, ਉਹ ਹੁਣ ਭਾਰਤ ਆ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਸਭ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਗਤੀਸ਼ੀਲ ਅਗਵਾਈ ਕਾਰਨ ਹੋਇਆ ਹੈ।ਮੈਂ ਖੁਦ ਅਮਰੀਕਾ ਵਿੱਚ ਚਾਰ ਸਾਲ ਰਾਜਦੂਤ ਰਿਹਾ, ਕਈ ਵੱਡੀਆਂ ਕੰਪਨੀਆਂ ਭਾਰਤ ਆਈਆਂ ਹਨ। ਜਿਨ੍ਹਾਂ ਕੋਲ ਆਧੁਨਿਕ ਤਕਨੀਕ ਹੈ। ਉਨ੍ਹਾਂ ਕਿਹਾ ਕਿ ਗੁਜਰਾਤ ਵਿੱਚ ਇੱਕ ਸੈਮੀਕੰਡਕਟਰ ਫੈਕਟਰੀ ਬਣਾਈ ਜਾ ਰਹੀ ਹੈ ਅਤੇ ਚੇਨਈ ਵਿੱਚ ਦੁਨੀਆ ਦਾ ਸਭ ਤੋਂ ਵੱਡਾ ਸੋਲਰ ਪਲਾਂਟ ਲਗਾਇਆ ਜਾ ਰਿਹਾ ਹੈ। ਉਨ੍ਹਾਂ ਅਫਸੋਸ ਪ੍ਰਗਟ ਕਰਦਿਆਂ ਕਿਹਾ ਕਿ ਦੇਸ਼ ਦੀ ਤਰੱਕੀ ਦੇ ਬਾਵਜੂਦ ਪੰਜਾਬ ਕਿੱਧਰ ਨੂੰ ਜਾ ਰਿਹਾ ਹੈ। ਪੰਜਾਬ ਕਈ ਸਮੱਸਿਆਵਾਂ ਨਾਲ ਜੂਝ ਰਿਹਾ ਹੈ। ਕਾਨੂੰਨ ਵਿਵਸਥਾ ਇੰਨੀ ਮਾੜੀ ਹੋ ਗਈ ਹੈ ਕਿ ਸਾਡੀਆਂ ਭੈਣਾਂ ਅਤੇ ਧੀਆਂ ਰਾਤ 8 ਵਜੇ ਤੋਂ ਬਾਅਦ ਬਾਹਰ ਜਾਣ ਬਾਰੇ ਸੋਚ ਵੀ ਨਹੀਂ ਸਕਦੀਆਂ। ਉਨ੍ਹਾਂ ਕਿਹਾ ਕਿ ਅੱਜ ਵੀ ਸਾਡੇ ਸ਼ਹਿਰਾਂ ਵਿੱਚ ਵੱਡੀਆਂ ਤੇ ਬੁਨਿਆਦੀ ਸਮੱਸਿਆਵਾਂ ਹਨ। ਸੀਵਰੇਜ ਅਤੇ ਪਾਣੀ, ਨਾਲੀਆਂ ਅਤੇ ਗੰਦਗੀ ਵਰਗੀਆਂ ਸਮੱਸਿਆਵਾਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਮੁੜ ਪਹਿਲਾ ਦਰਜਾ ਦਿਵਾਉਣ ਲਈ ਪੰਜਾਬ ਤੋਂ ਭਾਜਪਾ ਦੇ ਵੱਧ ਤੋਂ ਵੱਧ ਸੰਸਦ ਮੈਂਬਰ ਚੁਣੇ ਜਾਣ। ਉਨ੍ਹਾਂ ਕਿਹਾ ਕਿ ਭਾਜਪਾ ਲਗਾਤਾਰ ਤੀਜੀ ਵਾਰ ਦੇਸ਼ ਵਿੱਚ ਸਰਕਾਰ ਬਣਾ ਰਹੀ ਹੈ। ਉਨ੍ਹਾਂ ਨਰਿੰਦਰ ਮੋਦੀ ਸਰਕਾਰ ਨੂੰ ਸਥਿਰ ਰਖਣ ਵਿੱਚ ਯੋਗਦਾਨ ਪਾਉਣ ਲਈ ਕਮਲ ਦੇ ਫੁੱਲ ’ਤੇ ਵੋਟ ਪਾਉਣ ਦੀ ਅਪੀਲ ਕੀਤੀ।

ਸੰਤ ਗਿ.ਹਰਨਾਮ ਸਿੰਘ ਖਾਲਸਾ ਨੂੰ ਮਿਲ ਕੇ ਉਨ੍ਹਾਂ ਨੂੰ ਜਨਮਦਿਨ ਦੀਆਂ ਦਿੱਤੀਆਂ ਸ਼ੁਭਕਾਮਨਾਵਾਂ

# ਯੂਨੀਕ ਹੋਮ ਅਨਾਥ ਆਸ਼ਰਮ ਦੀ ਬੱਚੀਆਂ ਪੁੱਜੀਆਂ ਦਮਦਮੀ ਟਕਸਾਲ



**ਚੌਂਕ ਮਹਿਤਾ,24ਮਈ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਦੇ ਜਨਮਦਿਨ ਮੌਕੇ ਜਲੰਧਰ ਤੋਂ ਸਮਾਜ ਸੇਵੀ ਮਾਤਾ ਪ੍ਰਕਾਸ਼ ਕੌਰ ਆਪਣੇ ਯੂਨੀਕ ਹੋਮ ਅਨਾਥ ਆਸ਼ਰਮ ਦੀਆਂ ਬੱਚੀਆਂ ਨੂੰ ਨਾਲ ਲੈ ਕੇ ਦਮਦਮੀ ਟਕਸਾਲ ਮਹਿਤਾ ਵਿਖੇ ਪੁੱਜੇ, ਜਿੱਥੇ ਉਹ ਗੁ.ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਨਤਮਸਕ ਹੋਣ ਤੋਂ ਬਾਅਦ ਟਕਸਾਲ ਮੁਖੀ ਸੰਤ ਗਿ.ਹਰਨਾਮ ਸਿੰਘ ਖਾਲਸਾ ਨੂੰ ਮਿਲੇ ਤੇ ਉਨ੍ਹਾਂ ਨੂੰ ਜਨਮ ਦਿਨ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ।ਇਸ ਮੌਕੇ ਯੂਨੀਕ ਹੋਮ ਅਨਾਥ ਆਸ਼ਰਮ ਦੀਆਂ ਬੱਚੀਆਂ ਨੇ ਜਨਮ ਦਿਨ ਮੌਕੇ ਆਪਣੇ ਮਨ ਦੀਆਂ ਭਾਵਨਾਵਾਂ ਨੂੰ ਚਿੱਤਰਕਾਰੀ ਦੇ ਰੂਪ 'ਚ ਉਲੀਕ ਕੇ ਬਾਬਾ ਜੀ ਨੂੰ ਭੇਂਟਾ ਕੀਤੇ।ਸੰਤ ਗਿ.ਹਰਨਾਮ ਸਿੰਘ ਖਾਲਸਾ ਨੇ ਆਈਆਂ ਬੱਚੀਆਂ ਨੂੰ ਪਿਆਰ ਦਿੰਦੇ ਹੋਏ ਉਨ੍ਹਾਂ ਨੂੰ ਸਿਰਪਾਓ ਦਿੱਤੇ।ਇਸ ਦੌਰਾਨ ਉਨ੍ਹਾਂ ਨੇ ਮਾਤਾ ਪ੍ਰਕਾਸ਼ ਕੌਰ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾਂ ਕਰਦਿਆਂ ਕਿਹਾ ਕਿ ਮਾਤਾ ਪ੍ਰਕਾਸ਼ ਕੌਰ ਵੱਲੋਂ ਚਲਾਇਆ ਜਾ ਰਿਹਾ ਅਨਾਥ ਆਸ਼ਰਮ ਉਨ੍ਹਾਂ ਬੇਸਹਾਰਾ ਬੱਚੀਆਂ ਲਈ ਵੀ ਵੱਡਾ ਆਸਰਾ ਹੈ, ਜਿੰਨ੍ਹਾਂ ਨੂੰ ਸਮਾਜ ਨੇ ਅਪਣੇ ਆਪ ਤੋਂ ਅਲੱਗ ਕਰ ਦਿੱਤਾ ਸੀ ਪਰ ਅੱਜ ਉਹ ਬੱਚੀਆਂ ਇੱਕ ਪਰਿਵਾਰ ਵਾਂਗ ਇੱਕ ਛੱਤ ਹੇਠਾਂ ਰਹਿ ਰਹੀਆਂ ਹਨ ਤੇ ਪੂਰੀ ਤਰ੍ਹਾਂ ਨਾਲ ਖੁਸ਼ ਹਨ।ਦਮਦਮੀ ਟਕਸਾਲ ਮੁਖੀ ਨੇ ਮਾਤਾ ਪ੍ਰਕਾਸ਼ ਕੌਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕਰਦੇ ਹੋਏ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਕਾਰਜ ਸਮਾਜ ਲਈ ਬਹੁਤ ਵੱਡੀ ਸੇਧ ਹਨ। ।ਇਸ ਮੌਕੇ ਗਿਆਨੀ ਸਾਹਬ ਸਿੰਘ,ਭਾਈ ਹਰਸ਼ਦੀਪ ਸਿੰਘ ਰੰਧਾਵਾ,ਭਾਈ ਅਵਤਾਰ ਸਿੰਘ ਬੁੱਟਰ,ਜਥੇ. ਅਜੀਤ ਸਿੰਘ ਮੁਖੀ ਤਰਨਾ ਦਲ,ਜਥੇ.ਬੋਹੜ ਸਿੰਘ,ਭਾਈ ਪ੍ਰਕਾਸ਼ ਸਿੰਘ,ਭਾਈ ਸਤਨਾਮ ਸਿੰਘ,ਪ੍ਰਿੰ.ਜੋਬਨਪ੍ਰੀਤ ਸਿੰਘ ਆਦਿ ਵੀ ਮੌਜੂਦ ਸਨ।

ਭਾਈ ਅੰਮ੍ਰਿਤਪਾਲ ਸਿੰਘ ਦੇ ਹੱਕ 'ਚ

# ਮਹਿਤਾ ਚੌਂਕ ਦੇ ਬਜ਼ਾਰਾਂ ਵਿੱਚ ਜ਼ਬਰਦਸਤ ਰੋਡ ਸ਼ੋਅ



**ਚੌਂਕ ਮਹਿਤਾ, 24 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਅੱਜ ਸ਼ਾਮ ਕਸਬਾ ਮਹਿਤਾ ਚੌਂਕ ਦੇ ਬਾਜ਼ਾਰਾਂ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਦੇ ਹੱਕ ਵਿੱਚ ਇੱਕ ਜ਼ਬਰਦਸਤ ਰੋਡ ਸ਼ੋਅ ਕੀਤਾ ਗਿਆ।ਭਾਈ ਅੰਮ੍ਰਿਤਪਾਲ ਸਿੰਘ ਦੇ ਸਮੱਰਥਕ ਸ੍ਰ ਕੁਲਵੰਤ ਸਿੰਘ ਰੰਧਾਵਾ ਰਿਟਾਇਰਡ ਡੀਐਸਪੀ, ਰਾਜਪਾਲ ਸਿੰਘ ਰਾਜੂ, ਭਾਈ ਸੁਖਵਿੰਦਰ ਪਾਲ ਸਿੰਘ, ਭਾਈ ਪ੍ਰਿਤਪਾਲ ਸਿੰਘ ਖਾਲਸਾ, ਮਨਜੀਤ ਸਿੰਘ ਮੰਨਾ ਬਲਾਕ ਸੰਮਤੀ ਮੈਂਬਰ, ਹਰਗੋਪਾਲ ਸਿੰਘ, ਬਹਾਦਰ ਸਿੰਘ, ਸਤਿਨਾਮ ਸਿੰਘ ਰੰਧਾਵਾ ਆਦਿ ਦੀ ਅਗਵਾਈ ਵਿੱਚ ਇਹ ਰੋਡ ਸ਼ੋਅ ਸਾਰੇ ਦੁਕਾਨਦਾਰਾਂ ਨੂੰ ਮਿਲਦਿਆਂ ਚੌਰਸਤੇ ਦੇ ਚੌਹਾਂ ਮਾਰਗਾਂ ਤੋਂ ਹੁੰਦਾ ਹੋਇਆ ਦੇਰ ਸ਼ਾਮ ਜਲੰਧਰ ਰੋਡ ਤੇ ਆਕੇ ਸਮਾਪਤ ਹੋਇਆ। ਭਾਈ ਅੰਮ੍ਰਿਤਪਾਲ ਸਿੰਘ ਦੇ ਹੱਕ ਵਿੱਚ ਜ਼ਬਰਦਸਤ ਨਾਅਰੇਬਾਜ਼ੀ ਕਰਦਿਆਂ ਆਪ ਮੁਹਾਰੇ ਇਕੱਤਰ ਹੋਏ ਬਹੁਤ ਵੱਡੇ ਇਕੱਠ ਤੋਂ ਇਸ ਗੱਲ ਦਾ ਅੰਦਾਜਾ ਲਗਾਉਣਾ ਸੌਖਾ ਲੱਗ ਰਿਹਾ ਹੈ ਕਿ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੋਂ ਦੁਖੀ ਅਤੇ ਦੂਸਰੀਆਂ ਪਾਰਟੀਆਂ ਦੀ ਢਿੱਲੀ ਕਾਰਗੁਜ਼ਾਰੀ ਕਰਕੇ ਆਮ ਲੋਕ ਵੱਡੀ ਗਿਣਤੀ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਦੇ ਨਾਲ ਜੁੜ ਰਹੇ ਹਨ। ਸਿਆਸੀ ਮਾਹਿਰਾਂ ਦਾ ਕਹਿਣਾ ਹੈ ਕਿ ਇਸ ਵਾਰ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਸ਼ਾਇਦ ਭਾਈ ਅੰਮ੍ਰਿਤਪਾਲ ਸਿੰਘ ਅਤੇ ਕਾਂਗਰਸ ਪਾਰਟੀ ਵਿੱਚ ਸਿੱਧੀ ਟੱਕਰ ਦੇ ਆਸਾਰ ਬਣਦੇ ਨਜ਼ਰ ਆ ਰਹੇ ਹਨ। ਇਸ ਰੋਡ ਸ਼ੋਅ ਵਿੱਚ ਹੋਰਨਾਂ ਤੋਂ ਇਲਾਵਾ ਬਾਬਾ ਜਗਦੀਸ਼ ਸਿੰਘ ਮਹਿਤਾ, ਸੂਬਾ ਸਿੰਘ ਦਬੁਰਜੀ, ਨੰਬਰਦਾਰ ਸਤਨਾਮ ਸਿੰਘ,ਨੰਬਰਦਾਰ ਕੇਵਲ ਸਿੰਘ, ਭੁਪਿੰਦਰ ਸਿੰਘ ਆਰੇਵਾਲਾ, ਸੁਖਪਾਲ ਸਿੰਘ ਸੁੱਖਾ ਮਹਿਤਾ, ਤਰਸੇਮ ਸਿੰਘ ਸਾਹ,ਬੱਗਾ ਸ਼ਾਹ,ਅਮਰਜੀਤ ਸਿੰਘ ਰੰਧਾਵਾ, ਬਹਾਦਰ ਸਿੰਘ ਰੰਧਾਵਾ,ਸੁੱਚਾ ਸਿੰਘ ਮਹਿਤਾ,ਬੀਰ ਸਿੰਘ ,ਜੀਤ ਸਿੰਘ, ਮਨਦੀਪ ਸਿੰਘ , ਕੁਲਦੀਪ ਸਿੰਘ ਰੰਧਾਵਾ, ਮੰਨੂੰ ਅਤੇ ਹੋਰ ਬਹੁਤ ਸਾਰੇ ਸਮਰਥਕ ਮੌਜੂਦ ਸਨ।

# ਤੁੰਗ ਢਾਬ ਡਰੇਨ ਨੂੰ ਤਕਨੀਕ ਦੀ ਮਦਦ ਨਾਲ ਸਾਫ਼ ਕੀਤਾ ਜਾਵੇਗਾ - ਸੰਧੂ ਸਮੁੰਦਰੀ

☛ ਐਮਪੀ ਔਜਲਾ ਸੱਤ ਸਾਲ ਤੋਂ ਐਮਪੀ ਹਨ ਪਰ ਤੁੰਗ ਢਾਬ ਡਰੇਨ ਦੀ ਸਮੱਸਿਆ ਹੱਲ ਨਹੀਂ ਕਰਵਾ ਸਕਿਆ ☛ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਪਿੰਡ ਗੁੰਮਟਾਲਾ ਵਿਖੇ ਚੋਣ ਰੈਲੀ ਨੂੰ ਕੀਤਾ ਸੰਬੋਧਨ।





**ਅੰਮ੍ਰਿਤਸਰ 24 ਮਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਤੁੰਗ ਢਾਬ ਡਰੇਨ ਨੂੰ ਤਕਨੀਕ ਦੀ ਮਦਦ ਨਾਲ ਸਾਫ਼ ਕੀਤਾ ਜਾਵੇਗਾ ਅਤੇ ਇਥੇ ਸੀਵਰੇਜ ਪਲਾਂਟ ਲਗਾਇਆ ਜਾਵੇਗਾ ।ਉਹਨਾਂ ਕਿਹਾ ਕਿ ਅਜਿਹੇ ਮਸਲੇ ਇੰਦੌਰ ਵਿੱਚ ਵੀ ਪਹਿਲਾਂ ਸਨ, ਜੋ ਹੁਣ ਤਕਨੀਕ ਦੀ ਮਦਦ ਨਾਲ ਖ਼ਤਮ ਕੀਤੇ ਜਾ ਚੁੱਕੇ ਹਨ ਹਨ।

ਤਰਨਜੀਤ ਸਿੰਘ ਸੰਧੂ ਸਮੁੰਦਰੀ ਅੱਜ ਪਿੰਡ ਗੁੰਮਟਾਲਾ ਵਿਖੇ ਚੋਣ ਰੈਲੀ ਨੂੰ ਸੰਬੋਧਨ ਕਰ ਰਹੇ ਸਨ, ਨੇ ਕਿਹਾ ਕਿ ਇਸ ਪਿੰਡ ਤੋਂ ਹੀ ਐਮਪੀ ਗੁਰਜੀਤ ਸਿੰਘ ਔਜਲਾ ਸੱਤ ਸਾਲ ਤੋਂ ਐਮਪੀ ਹਨ ਪਰ ਉਹ ਤੁੰਗ ਢਾਬ ਡਰੇਨ ਦੀ ਸਮੱਸਿਆ ਹੱਲ ਨਹੀਂ ਕਰਵਾ ਸਕਿਆ ।ਉਹਨਾਂ ਕਿਹਾ ਕਿ ਸ਼ਹਿਰ ਵਿੱਚ ਸੀਵਰੇਜ ਅਤੇ ਪਾਣੀ ਦੀ ਸਮੱਸਿਆ ਹੈ, ਪਰ ਮੈਂ ਹੈਰਾਨ ਹਾਂ ਕਿ ਐਮਪੀ ਸਾਹਬ ਸਤ ਸਾਲਾਂ ਦੇ ਵਿੱਚ ਵੀ ਕੁਝ ਵੀ ਨਹੀਂ ਕਰਵਾ ਸਕਿਆ ।ਉਹਨਾਂ ਕਿਹਾ ਕਿ ਇਸ ਸਮੱਸਿਆਵਾਂ ਬਹੁਤ ਪਹਿਲਾਂ ਹੀ ਖ਼ਤਮ ਹੋ ਜਾਣੀਆਂ ਚਾਹੀਦੀਆਂ ਸਨ। ਉਹਨਾਂ ਯਕੀਨ ਦਵਾਇਆ ਕਿ ਮੋਦੀ ਸਰਕਾਰ ਦੇ ਪਹਿਲੇ 100 ਦਿਨਾਂ ਦੇ ਅੰਦਰ ਅੰਦਰ ਜਿੰਨੀਆਂ ਵੀ ਕੱਚੀਆਂ ਛੱਤਾਂ ਹਨ ਪੱਕੀਆਂ ਕੀਤੀਆਂ ਜਾਣਗੀਆਂ। ਉਹਨਾਂ ਕਿਹਾ ਕਿ ਸਾਢੇ ਨੌਜਵਾਨਾਂ ਨੂੰ ਮੌਕਾ ਮਿਲਣਾ ਚਾਹੀਦਾ ਹੈ, ਉਨ੍ਹਾਂ ਵਿਚ ਲਿਆਕਤ ਦੀ ਕੋਈ ਕਮੀ ਨਹੀਂ ਹੈ। ਉਹਨਾਂ ਨੂੰ ਹੁਨਰਮੰਦ ਬਣਾਉਣ ਦੀ ਲੋੜ ਹੈ। ਉਹਨਾਂ ਗੁਰਜੀਤ ਔਜਲਾ ਵੱਲੋਂ ਐਸ ਸੀ ਭਾਈਚਾਰੇ ਵਿਰੁੱਧ ਬੋਲ ਕੇ ਗਏ ਬੋਲ ਕਬੋਲ ਦੀ ਨਿੰਦਾ ਕੀਤੀ। ਉਹਨਾਂ ਕਿਹਾ ਕਿ ਨਸ਼ਿਆਂ ਉੱਤੇ ਸਖ਼ਤੀ ਕੀਤੀ ਜਾਵੇਗੀ, ਜੋ ਵੀ ਨਸ਼ੇ ਦੇ ਕੰਮਾਂ ਵਿੱਚ ਪਾਇਆ ਮਿਲੇਗਾ ਉਹਨਾਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕਰਾਈ ਜਾਵੇਗੀ।

ਸੰਧੂ ਸਮੁੰਦਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਵਾਰ ਅੰਮ੍ਰਿਤਸਰ ਦੇ ਵਿਕਾਸ ਨੂੰ ਮੁੱਖ ਪਹਿਲ ਦਿੰਦੇ ਹੋਏ ਆਪਣੇ ਲਈ ਸਹੀ ਨੁਮਾਇੰਦੇ ਚੁਣਨ। ਇਸ ਮੌਕੇ ਹਲਕਾ ਇੰਚਾਰਜ ਕੁਮਾਰ ਅਮਿਤ, ਐਸ ਪੀ ਕੇਵਲ, ਓਮ ਪ੍ਰਕਾਸ਼ ਅਨਾਰੀਆ, ਸੰਤੋਖ ਸਿੰਘ ਗੁੰਮਟਾਲਾ, ਮੋਹਿਤ ਵਰਮਾ, ਸੰਦੀਪ ਯੁਵਰਾਜ ਗੁੰਮਟਾਲਾ ਆਦਿ ਹਾਜ਼ਰ ਸਨ। ਸੰਧੂ ਸਮੁੰਦਰੀ ਨੇ ਕਿਹਾ ਕਿ ਲੋਕ ਅੱਗੇ ਵਲ ਦੇਖਦੇ ਹਨ। ਅੰਮ੍ਰਿਤਸਰ ਦੇ ਲੋਕ ਖ਼ਾਸ ਤੌਰ 'ਤੇ ਇੱਥੋਂ ਦੇ ਵਿਕਾਸ ਦੀ ਆਸ ਰੱਖਦੇ ਹਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਭਾਰਤ ਵਿੱਚ ਵਿਕਾਸ ਲਿਆਂਦਾ ਹੈ, ਇਹ ਵਿਕਾਸ ਅੰਮ੍ਰਿਤਸਰ ਵਿੱਚ ਲਿਆਉਣਾ ਹੈ। ਇੱਥੋਂ ਦੀ ਕਾਨੂੰਨੀ ਵਿਵਸਥਾ ਮਾੜੀ ਹੈ ਅਤੇ ਨਸ਼ਾ ਵੱਧ ਰਿਹਾ ਹੈ। ਸਾਡੀ ਖੇਤੀ ਅਤੇ ਉਦਯੋਗ ਨੂੰ ਚੁਨੌਤੀਆਂ ਹਨ ।ਸੀਵਰੇਜ ਅਤੇ ਪਾਣੀ ਦੀ ਸਮੱਸਿਆ ਵਰਗੀਆਂ ਸਮੱਸਿਆਵਾਂ ਹਨ। ਜਿਸ ਨੂੰ 10 ਸਾਲ ਪਹਿਲਾਂ ਖ਼ਤਮ ਕਰ ਦੇਣਾ ਚਾਹੀਦਾ ਸੀ। ਪਰ ਇਹ ਰੋਜ਼ਾਨਾ ਸਮੱਸਿਆਵਾਂ ਵਧਦੀਆਂ ਜਾ ਰਹੀਆਂ ਹਨ ।ਅੱਜ ਸੱਤ ਸਾਲ ਤੋਂ ਸਾਂਸਦ ਰਹੇ ਔਜਲਾ ਤੋਂ ਪੁੱਛਿਆ ਜਾਣਾ ਚਾਹੀਦਾ ਹੈ ਕਿ ਉਨ੍ਹਾਂ ਨੇ ਝੂਠੇ ਇਸ਼ਤਿਹਾਰ ਛਾਪਣ ਤੋਂ ਇਲਾਵਾ ਅੰਮ੍ਰਿਤਸਰ ਦੇ ਵਿਕਾਸ ਲਈ ਕੀ ਕੀਤਾ ਹੈ ?। ਛੇ ਸਾਲਾਂ ਵਿੱਚ ਇੰਦੌਰ ਕਿੱਥੇ ਪਹੁੰਚ ਗਿਆ ਹੈ ? ਇਸੇ ਤਰ੍ਹਾਂ ਆਪ ਸਰਕਾਰ ਨੂੰ ਦੋ ਸਾਲ ਹੋ ਗਏ ਹਨ, ਤੁਸੀਂ ਜਾ ਕੇ ਪੁੱਛੋ ਕਿ ਲੋਕਾਂ ਦੀ ਹਾਲਤ ਸੁਧਰੀ ਹੈ ਜਾਂ ਵਿਗੜ ਗਈ ਹੈ। ਪ੍ਰਧਾਨ ਮੰਤਰੀ ਮੋਦੀ ਦੀਆਂ ਕਈ ਯੋਜਨਾਵਾਂ ਜਿਨ੍ਹਾਂ ਵਿੱਚ ਕਰੋੜਾਂ ਰੁਪਏ ਨਹੀਂ ਪਹੁੰਚੇ ਹਨ। ਅਸੀਂ ਪਤਾ ਲਗਾਵਾਂਗੇ ਕਿ ਉਹ ਕਿਉਂ ਨਹੀਂ ਪਹੁੰਚੇ। ਅੰਮ੍ਰਿਤਸਰ ਕਿੰਨਾ ਸਮਾਰਟ ਸ਼ਹਿਰ ਬਣ ਗਿਆ ਹੈ ? ਇਸ ਪ੍ਰਾਜੈਕਟ ਲਈ ਮਿਲੇ ਪੈਸੇ ਕਿੱਥੇ ਗ਼ਾਇਬ ਹੋ ਗਏ ? ਅਸੀਂ ਇਸ ਦੀ ਵੀ ਜਾਂਚ ਕਰਾਂਗੇ। ਅਮਰੀਕੀ ਯੂਨੀਵਰਸਿਟੀਆਂ ਵਾਂਗ ਉਹ ਸਿੱਖਿਆ ਸਾਡੇ ਇੱਥੇ ਵੀ ਪਹੁੰਚ ਜਾਣੀ ਚਾਹੀਦੀ ਸੀ। ਤਾਂ ਜੋ ਸਾਡੇ ਬੱਚਿਆਂ ਖ਼ਾਸ ਕਰਕੇ ਅੰਮ੍ਰਿਤਸਰ ਵਾਸੀਆਂ ਨੂੰ ਕਿਸੇ ਮਜਬੂਰੀ ਵਿੱਚ ਬਾਹਰ ਨਾ ਜਾਣਾ ਪਵੇ। ਪੂੰਜੀ ਨਿਵੇਸ਼ ਹੋਣਾ ਚਾਹੀਦਾ ਹੈ। ਗੁਜਰਾਤ ਵਿੱਚ ਸੈਮੀਕੰਡਕਟਰ ਫ਼ੈਕਟਰੀਆਂ ਬਣਾਈਆਂ ਜਾਣੀਆਂ ਹਨ। ਭਾਰਤ ਵਿੱਚ ਸਭ ਤੋਂ ਵੱਡੀ ਸੋਲਰ ਫ਼ੈਕਟਰੀ ਬਣਾਈ ਜਾ ਰਹੀ ਹੈ। ਇੱਥੇ ਬੱਚਿਆਂ ਨੂੰ ਸਿਖਲਾਈ ਦਿੱਤੀ ਜਾ ਸਕਦੀ ਹੈ। ਜੇਕਰ ਅੰਮ੍ਰਿਤਸਰ ਦੇ ਬੱਚੇ ਬਾਹਰ ਜਾਂਦੇ ਹਨ ਤਾਂ ਸਾਰਿਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ। ਫ਼ੈਕਟਰੀਆਂ ਨੂੰ ਇੱਥੇ ਲਿਆਂਦਾ ਜਾਵੇ। ਅਮਰੀਕਾ ਦੀਆਂ ਪ੍ਰਮੁੱਖ ਕੰਪਨੀਆਂ ਸਾਡੇ ਬੱਚਿਆਂ ਨੂੰ ਸਟਾਰਟਅੱਪ ਸ਼ੁਰੂ ਕਰਨ ਵਿੱਚ ਮਦਦ ਕਰਨ ਲਈ ਤਿਆਰ ਹਨ ।ਅਮਰੀਕੀ ਪ੍ਰਵਾਸੀ ਭਾਈਚਾਰੇ ਨੇ ਅੰਮ੍ਰਿਤਸਰ ਲਈ 100 ਮਿਲੀਅਨ ਡਾਲਰ ਯਾਨੀ 850 ਕਰੋੜ ਰੁਪਏ ਇਕੱਠੇ ਕਰਕੇ ਅੰਮ੍ਰਿਤਸਰ 'ਚ ਸਟਾਰਟਅੱਪ ਲਈ ਭੇਜੇ ਹਨ। ਅੰਮ੍ਰਿਤਸਰ ਨੂੰ ਨਸ਼ਾ ਮੁਕਤ ਬਣਾਉਣ ਲਈ ਐਨ ਆਰ ਆਈ ਭਾਈਚਾਰਾ ਸਾਨੂੰ ਉਹੀ ਦਵਾਈਆਂ ਦੇਣ ਲਈ ਤਿਆਰ ਹੈ ਜੋ ਅਮਰੀਕਾ ਵਰਤ ਰਿਹਾ ਹੈ। ਉਹ ਤਕਨਾਲੋਜੀ ਅਤੇ ਪੈਸੇ ਦੀ ਮਦਦ ਨਾਲ ਅੰਮ੍ਰਿਤਸਰ ਦੇ ਪ੍ਰਦੂਸ਼ਣ ਨੂੰ ਸਾਫ਼ ਕਰਨ ਵਿੱਚ ਮਦਦ ਕਰਨਗੇ। ਇਹ ਤਾਂ ਸ਼ੁਰੂਆਤ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਚੁਣ ਕੇ ਭੇਜਦੇ ਹੋ ਤਾਂ ਉਹ ਇਹ ਸਭ ਲੋਕਾਂ ਦੇ ਸਹਿਯੋਗ ਨਾਲ ਸਿਰੇ ਚੜ੍ਹਾਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ

# ਮਹੀਨਾਵਾਰ ਗੁਰਮਤਿ ਦੀਵਾਨ ਸਜਾਏ ਗਏ

**☛ ਸਿੱਖ ਸੰਗਤਾਂ ਨੂੰ ਗੁਰਬਾਣੀ ਨਾਮ ਸਿਮਰਨ ਨਾਲ ਜੋੜਿਆ ☛ ਪ੍ਰਮੁਖ ਸ਼ਖਸੀਅਤਾਂ ਦਾ ਜਥੇਦਾਰ ਦਾਦੂਵਾਲ ਜੀ ਵੱਲੋਂ ਸਿਰਪਾਓ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ**









(ਹੋਰ ਤਸਵੀਰਾਂ ਅਗਲੇ ਪੰਨੇ 'ਤੇ)

ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਗੁਰਬਾਣੀ ਕਥਾ ਕੀਰਤਨ ਨੂੰ ਸਮਰਪਿਤ ਮਹੀਨਾਵਾਰ ਪੂਰਨਮਾਸੀ ਦੇ ਗੁਰਮਤਿ ਦੀਵਾਨ 23 ਮਈ 2024 ਰਾਤ ਨੂੰ ਸਜਾਏ ਗਏ ਇਸ ਸਮੇਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਭਾਈ ਗੁਰਸੇਵਕ ਸਿੰਘ ਰੰਗੀਲਾ ਹਜੂਰੀ ਰਾਗੀ ਜੱਥਾ ਨੇ ਸਿੱਖ ਸੰਗਤਾਂ ਨੂੰ ਗੁਰਬਾਣੀ ਨਾਮ ਸਿਮਰਨ ਨਾਲ ਜੋੜਿਆ ਨਗਰ ਇਲਾਕਾ ਨਿਵਾਸੀ ਸੰਗਤਾਂ ਤੋਂ ਇਲਾਵਾ ਮੀਥਰ ਅਕੈਡਮੀ ਇੰਡੀਆ ਪ੍ਰਮੁੱਖ ਮੁਹੰਮਦ ਤਾਹਿਰ ਮਲਿਕ( ਤਾਹਿਰ ਹੁਸੈਨ ),ਜਗਤਾਰ ਸਿੰਘ ਨਹਿਲ ,ਗੁਰਪੇਜ ਸਿੰਘ ਵਿਰਕ ਕਰਨਾਲ ,ਇੰਜੀਨੀਅਰ ਅੰਮ੍ਰਿਤਪਾਲ ਸਿੰਘ ਸੰਗਰੂਰ ,ਸ੍ਰੀ ਅਭਿਸ਼ੇਕ ,ਮਨਪ੍ਰੀਤ ਸਿੰਘ ਕਰਨਾਲ ,ਸ਼ਰਨਜੀਤ ਸਿੰਘ ਕਰਨਾਲ ,ਡਾਕਟਰ ਜਗਮੀਤ ਸਿੰਘ ਲਾਡੀ,ਭੋਲਾ ਸਿੰਘ ਦਾਦੂ ਸਾਹਿਬ ਵੀ ਹਾਜ਼ਰ ਸਨ ਜਿਨਾਂ ਨੂੰ ਜਥੇਦਾਰ ਦਾਦੂਵਾਲ ਜੀ ਵਲੋਂ ਸਿਰਪਾਓ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ

# ਮਹੀਨਾਵਾਰ ਗੁਰਮਤਿ ਦੀਵਾਨ ਸਜਾਏ ਗਏ

☛ ਸਿੱਖ ਸੰਗਤਾਂ ਨੂੰ ਗੁਰਬਾਣੀ ਨਾਮ ਸਿਮਰਨ ਨਾਲ ਜੋੜਿਆ ☛ ਪ੍ਰਮੁਖ ਸ਼ਖਸੀਅਤਾਂ ਦਾ ਜਥੇਦਾਰ ਦਾਦੂਵਾਲ ਜੀ ਵੱਲੋਂ ਸਿਰਪਾਓ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ





ਆਵਾਜ਼ਿ ਕੌਮ AWAZE QAUM International Newspaper & WEB TV








ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ✡ ਫੋਟੋ ਗੈਲਰੀ ✡



ਆਵਾਜ਼ਿ ਕੌਮ AWAZE QAUM International Newspaper & WEB TV

ਲੋਕ ਸਭਾ ਹਲਕਾ ਗੁਰਦਾਸਪੁਰ ਦੇ ਉਮੀਦਵਾਰ ਅਮਨ ਸ਼ੇਰ ਸਿੰਘ ਕਲਸੀ ਦੇ ਹੱਕ ਵਿੱਚ ਪਿੰਡ ਖਜਾਨੇ ਕੋਟ ਆਮ ਆਦਮੀ ਦੇ ਵਰਕਰ ਚੋਣ ਪ੍ਰਚਾਰ ਕਰਦੇ ਹੋਏ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

### ਗੁਰੂ ਅਮਰਦਾਸ ਜੀ ਦਾ ਪ੍ਰਕਾਸ ਪੁਰਬ

# ਗੁਰਦੁਆਰਾ ਐਮ.ਐਸ ਬਲਾਕ ਹਰੀ ਨਗਰ ਵਿਖੇ ਮਨਾਇਆ ਗਿਆ








**ਨਵੀਂ ਦਿੱਲੀ, 24 ਮਈ (ਆਵਾਜ਼ਿ ਕੌਮ ਬਿਊਰੋ)**-ਤੀਸਰੀ ਪਾਤਸ਼ਾਹੀ ਧੰਨ-ਧੰਨ ਸ਼੍ਰੀ ਗੁਰੂ ਅਮਰਦਾਸ ਸਾਹਿਬ ਜੀ ਦਾ ਪ੍ਰਕਾਸ ਪੁਰਬ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਐਮ.ਐਸ ਬਲਾਕ ਹਰੀ ਨਗਰ ਵਿਖੇ ਬੜੀ ਸ਼ਰਧਾ-ਭਾਵਨਾ ਤੇ ਸਤਿਕਾਰ ਨਾਲ ਮਨਾਇਆ ਗਿਆ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਹੋਇਆਂ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਐਮ.ਐਸ ਬਲਾਕ ਹਰੀ ਨਗਰ ਦੇ ਪ੍ਰਧਾਨ ਸ. ਪਰਮਜੀਤ ਸਿੰਘ ਮੱਕੜ ਨੇ ਦਸਿਆ ਕਿ ਗਰੂ ਅਮਰਦਾਸ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਦਿਨ ਬੀਤੇ ਦਿਨੀਂ ਸ਼ਾਮੀ ਕਰਵਾਇਆ ਗਿਆ।ਸ.ਮੱਕੜ ਨੇ ਦਸਿਆ ਕਿ ਇਹ ਪ੍ਰਕਾਸ਼ ਪੁਰਬ ਦੀਵਾਨ ਸਮਾਗਮ ਸ਼੍ਰੀ ਰਹਿਰਾਸ ਸਾਹਿਬ ਜੀ ਦੇ ਪਾਠ ਅਰੰਭ ਹੋਇਆ, ਉਪਰੰਤ ਭਾਈ ਗੁਰਦੀਪ ਸਿੰਘ ਪਰਵਾਨਾ ਹਜ਼ੂਰੀ ਰਾਗੀ ਜੱਥੇ ਨੇ ਆਰਤੀ ਅਤੇ ਗੁਰਬਾਣੀ ਦਾ ਕੀਰਤਨ ਕੀਤਾ, ਉਸ ਤੋਂ ਬਾਅਦ ਭਾਈ ਕਰਮਜੀਤ ਸਿੰਘ ਖ਼ਾਲਸਾ ਨੇ ਗੁਰਬਾਣੀ ਦੀ ਕਥਾ ਵਿਚਾਰਾਂ ਰਾਹੀ ਸੰਗਤਾਂ ਨੂੰ ਸਿੱਖ ਇਤਿਹਾਸ ਤੋਂ ਜਾਣੂੰ ਕਰਵਾਇਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਸਮਾਗਮ ਵਿੱਚ ਪੁੱਜ ਕੇ ਭਾਈ ਸੁਰਜੀਤ ਸਿੰਘ ਲੁਧਿਆਣੇ ਵਾਲਿਆਂ ਦੇ ਰਾਗੀ ਜੱਥੇ ਨੇ ਗੁਰਬਾਣੀ ਦੇ ਮਨੋਹਰ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸ਼ਬਦ ਗੁਰੂ ਦੇ ਲੜ ਲਗਣ ਦੀ ਤਾਕੀਦ ਵੀ ਕੀਤੀ।ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ. ਪਰਮਜੀਤ ਸਿੰਘ ਮੱਕੜ ਨੇ ਆਪਣੇ ਸੰਬੋਧਨ ਦੌਰਾਨ ਸ਼੍ਰੀ ਗੁਰੂ ਅਮਰਦਾਸ ਸਾਹਿਬ ਜੀ ਦਾ ਪ੍ਰਕਾਸ ਗੁਰਪੁਰਬ ਦੀ ਵਦਾਈ ਦਿੱਤੀ ਅਤੇ ਸੰਗਤਾਂ ਨੂੰ ਅੰਮ੍ਰਿਤ ਸ਼ਕਣ ਲਈ ਪ੍ਰੇਰਿਆ ਅਤੇ ਬਾਣੀ ਤੇ ਬਾਣੇ ਦੇ ਧਾਰਨੀ ਹੋਣ ਲਈ ਕਿਹਾ।ਪ੍ਰਧਾਨ ਸ. ਪਰਮਜੀਤ ਸਿੰਘ ਮੱਕੜ ਨੇ ਦਸਿਆ ਕਿ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਐਮ.ਐਸ ਬਲਾਕ ਹਰੀ ਨਗਰ ਵਿਖੇ 1 ਜੂਨ ਤੋਂ 22 ਜੂਨ ਤੱਕ ਬੱਚਿਆਂ ਵਾਸਤੇ ਨਿਸ਼ਕਾਮ ਸੇਵਾ ਗੁਰਮਤਿ ਸਿੱਖਿਆ ਕੈਂਪ 'ਗੁਰਮਤਿ ਕਲਾਸਾਂ' ਲਗਾਇਆ ਜਾਵੇਗਾ, ਜਿਸ ਵਿੱਚ ਸੁੱਧ ਪਾਠ ਕਰਨ, ਗੁਰਮੁੱਖੀ ਲਿਖਣੀ ਤੇ ਪੜ੍ਹਨੀ, ਪੰਜਬਾਈ ਬੋਲਣੀ, ਚਿਤੱਰਕਲਾ,ਦਸਤਾਰ-ਪੱਗੜੀ ਤੇ ਦੁਮਾਲਾ ਬੰਨਣ ਦੀ ਸਿਖਲਾਈ, ਕੀਰਤਨ ਜਿਸ ਵਿੱਚ ਹਾਰਮੋਨੀਅਮ ਤੇ ਤਬਲਾ ਹਜੂਰੀ ਰਾਗੀ ਭਾਈ ਗੁਰਦੀਪ ਸਿੰਘ ਪਰਵਾਨਾ ਅਤੇ ਉਨ੍ਹਾਂ ਦੇ ਸਾਥੀ ਸਿਖਾਉਣਗੇ ਉਨ੍ਹਾਂ ਦਸਿਆ ਕਿ ਇਹ ਸਾਰਾ ਉਪਰਾਲਾ ਖ਼ਾਲਸਾ ਸ਼ਬਦ ਚੌਕੀ ਜੱਥੇ ਵੱਲੋਂ ਕੀਤਾ ਜਾਵੇਗਾ।

### ਬੱਚਿਆਂ ਲਈ ਗੁਰਮਤਿ ਸਿੱਖਿਆ ਕੈਂਪ 1 ਤੋਂ 22 ਜੂਨ ਤੱਕ ਲਗਾਇਆ ਜਾਵੇਗਾ: ਪਰਮਜੀਤ ਸਿੰਘ ਮੱਕੜ

# ਖਾਲਸਾ ਕਾਲਜ ਦੇ ਵਿਦਿਆਰਥੀਆਂ ਦਾ 6 ਜੂਨ ਵਾਲਾ ਪੇਪਰ ਮੁਲਤਵੀ ਕੀਤਾ ਜਾਵੇ : ਫੈਡਰੇਸ਼ਨ ਭਿੰਡਰਾਂਵਾਲਾ




**ਅੰਮ੍ਰਿਤਸਰ, 24 ਮਈ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਖਾਲਸਾ ਕਾਲਜ ਦੇ ਪ੍ਰਿੰਸੀਪਲ ਸ. ਮਹਿਲ ਸਿੰਘ ਨੂੰ ਸਿੱਖ ਭਾਵਨਾਵਾਂ ਦੀ ਕਦਰ ਕਰਨੀ ਚਾਹੀਦੀ ਹੈ। ਬੀ.ਏ. ਸਮੈਸਟਰ ਦੂਜੇ ਦੇ ਵਿਦਿਆਰਥੀਆਂ ਦਾ 6 ਜੂਨ ਵਾਲੇ ਦਿਨ ਦਾ ਪੇਪਰ ਮੁਲਤਵੀ ਹੋਣਾ ਚਾਹੀਦਾ ਹੈ। ਉਹਨਾਂ ਨੂੰ ਪਤਾ ਹੋਣਾ ਚਾਹੀਦਾ ਹੈ ਕਿ 6 ਜੂਨ ਦਾ ਦਿਨ ਸਿੱਖ

ਆਵਾਜ਼ਿ ਕੌਮ AWAZE QAUM International Newspaper & WEB TV

ਇਤਿਹਾਸ ਵਿੱਚ ਕਿੰਨੀ ਵੱਡੀ ਮਹੱਤਤਾ ਰੱਖਦਾ ਹੈ, ਇਸ ਦਿਨ ਭਾਰਤ ਸਰਕਾਰ ਨੇ ਸ੍ਰੀ ਦਰਬਾਰ ਸਾਹਿਬ ਉੱਤੇ ਹਮਲਾ ਕਰਕੇ ਟੈਂਕਾਂ, ਤੋਪਾਂ, ਬੰਬਾਂ, ਮਸ਼ੀਨ ਗੰਨਾਂ ਦੇ ਨਾਲ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ ਕੀਤਾ, ਸਿੱਖ ਰੈਫਰੈਂਸ ਲਾਈਬਰੇਰੀ ਨੂੰ ਲੁੱਟਿਆ, ਤੋਸ਼ਾਖਾਨਾ ਸਾੜਿਆ, ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ, ਭਾਈ ਅਮਰੀਕ ਸਿੰਘ, ਜਨਰਲ ਸੁਬੇਗ ਸਿੰਘ, ਬਾਬਾ ਥਾਹਰਾ ਸਿੰਘ ਅਤੇ ਬੇਅੰਤ ਸੰਗਤਾਂ ਨੂੰ ਸ਼ਹੀਦ ਕੀਤਾ, ਅੰਮ੍ਰਿਤ ਸਰੋਵਰ ਨੂੰ ਸਿੱਖਾਂ ਦੇ ਖੂਨ ਨਾਲ ਲਾਲ ਕਰ ਦਿੱਤਾ, ਪਰਕਰਮਾ ਨੂੰ ਸਿੱਖਾਂ ਦੀਆਂ ਲਾਸ਼ਾਂ ਨਾਲ ਭਰ ਦਿੱਤਾ ਗਿਆ। ਇਸ ਦਿਨ ਸਿੱਖ ਆਪਣੇ ਸ਼ਹੀਦਾਂ ਨੂੰ ਯਾਦ ਕਰਦੇ ਹਨ, ਉਹਨਾਂ ਦੀ ਸ਼ਹਾਦਤ ਨੂੰ ਪ੍ਰਣਾਮ ਕਰਦੇ ਹਨ। ਖਾਲਸਾ ਕਾਲਜ ਦੇ ਪ੍ਰਿੰਸੀਪਲ ਸਰਦਾਰ ਮਹਿਲ ਸਿੰਘ ਨੂੰ ਭੁੱਲਣਾ ਨਹੀਂ ਚਾਹੀਦਾ ਕਿ 6 ਜੂਨ ਨੂੰ ਭਾਰਤ ਦੀ ਫੌਜ ਵਿਰੁੱਧ ਜੂਝ ਕੇ ਸ਼ਹਾਦਤ ਦਾ ਜਾਮ ਪੀਣ ਵਾਲੇ ਅਮਰ ਸ਼ਹੀਦ ਭਾਈ ਸਾਹਿਬ ਭਾਈ ਅਮਰੀਕ ਸਿੰਘ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੀ ਯਾਦ ਵਿੱਚ ਇਸੇ ਖਾਲਸਾ ਕਾਲਜ ਵਿੱਚ ਲਾਇਬਰੇਰੀ ਵੀ ਸਥਾਪਿਤ ਹੈ, ਤੇ ਉਹਨਾਂ ਦੇ ਸ਼ਹੀਦੀ ਦਿਹਾੜੇ ਵਾਲੇ ਦਿਨ ਹੀ ਵਿਦਿਆਰਥੀਆਂ ਦਾ ਪੇਪਰ ਰੱਖ ਦੇਣਾ ਗਲਤ ਫੈਸਲਾ ਹੈ। ਵਿਦਿਆਰਥੀਆਂ ਅਤੇ ਸਿੱਖ ਸੰਗਤਾਂ ਦੀ ਭਾਵਨਾਵਾਂ ਦੀ ਕਦਰ ਕਰਦੇ ਹੋਏ 6 ਜੂਨ ਵਾਲਾ ਪੇਪਰ ਮੁਲਤਵੀ ਕਰ ਦੇਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਖਾਲਸਾ ਕਾਲਜ ਦਾ ਮਾਣਮੱਤਾ ਇਤਿਹਾਸ ਹੈ ਪਰ ਅਫਸੋਸ ਹੈ ਕਿ ਇਥੋਂ ਦੇ ਪ੍ਰਿੰਸੀਪਲ ਅਤੇ ਹੋਰ ਅਧਿਕਾਰੀਆਂ ਨੂੰ 6 ਜੂਨ ਦੀ ਮਹੱਤਤਾ ਨਹੀਂ ਪਤਾ ਜਾਂ ਫਿਰ ਸਭ ਕੁਝ ਜਾਣਦੇ ਹੋਏ ਵੀ ਇਸ ਨੂੰ ਅਣਗੌਲਿਆਂ ਕੀਤਾ ਜਾ ਰਿਹਾ ਹੈ ਜਾਂ ਫਿਰ ਸਰਕਾਰੀ ਨੀਤੀ ਤਹਿਤ ਇਹ ਪੇਪਰ ਰੱਖਿਆ ਗਿਆ ਹੈ। ਉਹਨਾਂ ਕਿਹਾ ਕਿ ਖਾਲਸਾ ਕਾਲਜ, ਖਾਲਸਾ ਪੰਥ ਦੀ ਵਿਰਾਸਤ ਹੈ, ਅਮਾਨਤ ਹੈ। ਇੱਥੇ ਵਿਦਿਆਰਥੀਆਂ ਨੂੰ ਤੀਜੇ ਘੱਲੂਘਾਰੇ ਬਾਰੇ ਵਿਸ਼ੇਸ਼ ਤੌਰ ਤੇ ਪੜ੍ਹਾਇਆ ਜਾਣਾ ਚਾਹੀਦਾ ਹੈ ਅਤੇ ਖੋਜਾਂ ਕਰਵਾਈਆਂ ਜਾਣੀਆਂ ਚਾਹੀਦੀਆਂ ਹਨ। ਉਹਨਾਂ ਖਾਲਸਾ ਕਾਲਜ ਦੇ ਪ੍ਰਿੰਸੀਪਲ ਮਹਿਲ ਸਿੰਘ ਨੂੰ ਅਪੀਲ ਕੀਤੀ ਕਿ 6 ਜੂਨ ਦਾ ਵਿਦਿਆਰਥੀਆਂ ਦਾ ਪੇਪਰ ਤੁਰੰਤ ਮੁਲਤਵੀ ਕੀਤਾ ਜਾਵੇ।

# ਕੇਂਦਰ ਦੀ ਮੋਦੀ ਸਰਕਾਰ ਨੇ ਅੱਜ ਤੱਕ ਸਿਰ.ਫ ਨਫਰਤ ਦੀ ਰਾਜਨੀਤੀ ਕੀਤੀ : ਕੁਲਦੀਪ ਧਾਲੀਵਾਲ

### ☛ ਮੁੱਖ ਮੰਤਰੀ ਭਗਵੰਤ ਮਾਨ ਕਰਨਗੇ ਦਿਹਾਤੀ ਹਲਕਿਆਂ ਵਿੱਚ ਰੋਡ ਸ਼ੋ ☛ ਵਿਰੋਧੀ ਪਾਰਟੀਆਂ ਦੇ ਮੌਕਾਪ੍ਰਸਤ ਉਮੀਦਵਾਰਾਂ ਨੂੰ ਲੋਕ ਨਹੀਂ ਲੱਗਾ ਰਹੇ ਮੂੰਹ:- ਕੁਲਦੀਪ ਧਾਲੀਵਾਲ




**ਅੰਮ੍ਰਿਤਸਰ, 24 ਮਈ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਲੋਕ ਸਭਾ ਉਮੀਦਵਾਰ ਕੈਬਿਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਹਲਕਾ ਅੰਮ੍ਰਿਤਸਰ ਕੇਂਦਰੀ ਵਿੱਚ ਦੀਆਂ ਵੱਖ ਵੱਖ ਵਾਰਡਾਂ ਵਿੱਚ ਭਰਵੀਆਂ ਮੀਟਿੰਗਾਂ ਕੀਤੀਆਂ। ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਕੇਂਦਰ ਦੀ ਸਰਕਾਰ ਨੇ ਦੱਸ ਸਾਲ ਵਿੱਚ ਸਿਰਫ ਧਰਮ ਅਤੇ ਨ਼ਫ਼ਰਤ ਦੀ ਰਾਜਨੀਤਿ ਕੀਤੀ ਹੈ। ਜੇਕਰ ਭਾਜਪਾ ਦੀ ਸਰਕਾਰ ਨੇ ਕੋਈ ਕੰਮ ਕੀਤੇ ਹੁੰਦੇ ਅੱਜ ਓਹਨਾਂ ਨੂੰ ਕਦੀ ਰਾਮ ਮੰਦਿਰ ਦੇ ਨਾਮ ਤੇ ਕਦੀ÷ਮੰਗਲਸੂਤਰ÷ਦੇ ਨਾਮ ਤੇ ਵੋਟਾਂ ਨਾ ਮੰਗਣੀਆਂ ਪੈਂਦੀਆਂ। ਓਹਨਾਂ ਕਿਹਾ ਕਿ ਭਾਜਪਾ ਇਕ ਪੈਰਾਸ਼ੂਟ ਉਮੀਦਵਾਰ ਲੈਕੇ ਆਈ ਹੈ ਜਿਸਨੂੰ ਨਾ ਅੰਮ੍ਰਿਤਸਰ ਦੇ ਮੁੱਦਿਆਂ ਦਾ ਪੱਤਾ ਨਾ ਹੀ ਓਹਨਾਂ ਨੂੰ ਲੋਕਾਂ ਦੀਆਂ ਮੁਸ਼ਕਲਾਂ ਨਾਲ ਕੋਈ ਲੈਣੇ ਦੇਣ ਹੈ ਇਹ ਸਿਰਫ ਬਰਸਾਤੀ ਡੱਡੂ ਮੌਕਾਪ੍ਰਸਤ ਲੀਡਰ ਨੇ।ਓਹਨਾਂ ਕਿਹਾ ਕਿ ਕਾਂਗਰਸੀ ਉਮੀਦਵਾਰ ਅੱਜ ਧਰਨੇ ਪਦ੍ਰਸ਼ਨ ਕਰਕੇ ਲੋਕਾਂ ਨੂੰ ਗੁੰਮਰਾਹ ਕਰ ਰਿਹਾ ਹੈ ਜਦਕਿ ਸੀਵਰੇਜ਼ ਅਤੇ ਪਾਣੀ ਦੀਆਂ ਸਮੱਸਿਆਵਾਂ ਦਾ ਹੱਲ ਐਮ ਪੀ ਲੈਂਡ ਫੰਡ ਨਾਲ ਵੀ ਕੀਤਾ ਜਾ ਸਕਦਾ ਸੀ। ਓਹਨਾਂ ਕਿਹਾ ਕਿ ਲੋਕ ਜਾਗਰੂਕ ਹੋ ਗਏ ਹਨ ਅਤੇ ਕੰਮ ਕਰਨ ਵਾਲੇ ਉਮੀਦਵਾਰ ਨੂੰ ਵੋਟਾਂ ਪਾਉਣਗੇ। ਓਹਨਾਂ ਕਿਹਾ ਕਿ ਸਾਡਾ ਰਿਪੋਰਟ ਕਾਰਡ ਲੋਕਾਂ ਦੇ ਸਾਹਮਣੇ ਹੈ। ਦੋ ਸਾਲ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿਰਫ ਕੰਮ ਦੀ ਰਾਜਨੀਤਿ ਕੀਤੀ ਹੈ। ਧਾਲ਼ੀਵਾਲ ਨੇ ਕਿਹਾ ਕਿ ਪੂਰੇ ਪੰਜਾਬ ਵਿੱਚ ਲੋਕਾਂ ਦਾ ਆਮ ਆਦਮੀ ਪਾਰਟੀ ਨੂੰ ਸਮਰਥਨ ਮਿਲ ਰਿਹਾ ਹੈ। ਓਹਨਾਂ ਕਿਹਾ ਕਿ ਸ਼ਨੀਵਾਰ ਨੂੰ ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਸਰਦਾਰ ਭਗਵੰਤ ਮਾਨ ਸਾਹਿਬ ਲੋਕ ਸਭਾ ਹਲਕਾ ਅੰਮ੍ਰਿਤਸਰ ਦੇ ਅਜਨਾਲਾ,ਰਾਜਾਸਾਂਸੀ,ਮਜੀਠਾ ਵਿੱਚ ਰੋਡ ਸ਼ੋ ਕਰਨ ਲਈ ਆ ਰਹੇ ਹਨ। ਧਾਲੀਵਾਲ ਨੇ ਕਿਹਾ ਕਿ ਅੱਜ ਸ਼ਹਿਰ ਦੇ ਲੋਕ ਜਿਸ ਸੀਵਰੇਜ਼, ਗੰਦੇ ਪਾਣੀ ਅਤੇ ਕੂੜੇ ਦੀ ਸਮੱਸਿਆ ਨਾਲ ਦੋ ਚਾਰ ਹੋ ਰਹੇ ਹਨ ਉਹ ਇਹਨਾਂ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਦੀ ਦੇਣ ਹੈ। ਓਹਨਾਂ ਕਿਹਾ ਕਿ ਲੋਕ ਸਭਾ ਵਿੱਚ ਪਹੁੰਚ ਕੇ ਸਭ ਤੋਂ ਪਹਿਲਾਂ ਉਹ ਅੰਮ੍ਰਿਤਸਰ ਦੀ ਸੀਵਰੇਜ਼ ਸਿਸਟਮ ਲਈ ਫੰਡ ਲੈਕੇ ਆਉਣਗੇ ਅਤੇ ਕੂੜੇ ਸਮੱਸਿਆ ਦਾ ਪੱਕਾ ਹੱਲ ਕੀਤਾ ਜਾਵੇਗਾ। ਇਸ ਮੌਕੇ ਓਹਨਾਂ ਨਾਲ ਹਲਕਾ ਕੇਂਦਰੀ ਤੋਂ ਵਿਧਾਇਕ ਡਾਕਟਰ ਅਜੇ ਗੁਪਤਾ, ਸੀਨੀਅਰ ਆਗੂ ਸਤਪਾਲ ਸੌਖੀ, ਸਤਵਿੰਦਰ ਜੌਹਲ,ਵਨੀਤਾ ਅੱਗਰਵਾਲ, ਅਜੇ ਨੋਇਲ, ਸਨਪ੍ਰੀਤ ਭਾਟੀਆ ਸਮੇਤ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮਾਂ ਬੋਲੀ ਸੰਭਾਲ ਲਹਿਰ

### ਦੀ ਅਰੰਭਤਾ ਮੌਕੇ

## ਮਾਂ ਬੋਲੀ ਦੇ ਵਾਰਿਸਾਂ ਨੂੰ ਨਿੱਘਾ ਸੱਦਾ

ਆਓ ! "ਮਾਂ ਬੋਲੀ ਸੰਭਾਲ ਲਹਿਰ" ਦੇ ਅਰੰਭਤਾ ਸਮਾਗਮ ਵਿੱਚ ਬੱਚਿਆਂ ਸਮੇਤ ਪਹੁੰਚ ਕੇ ਇਸ ਕਾਰਜ ਦੇ ਅੱਖੀਂ ਡਿੱਠੇ ਗਵਾਹ ਬਣੀਏ ਅਤੇ ਆਉਣ ਵਾਲੀ ਪੀੜ੍ਹੀ ਤੇ ਸਮਾਜ ਨੂੰ ਮਾਂ ਬੋਲੀ ਪੰਜਾਬੀ ਦੇ ਬੀਬੇ ਪੁੱਤ ਹੋਣ ਦਾ ਸਬੂਤ ਦੇਈਏ.



ਮਾਂ ਬੋਲੀ ਦੇ ਵਾਰਿਸ ਅਵਾਰਡ

ਵਿਦਵਾਨਾਂ ਦੁਆਰਾ ਵਿਚਾਰ ਗੋਸ਼ਟੀ



ਨਾਟਕ ਮੈਂ ਪੰਜਾਬੀ ਬੋਲਦੀ ਹਾਂ

ਬੱਚਿਆਂ ਦੇ ਮੁਕਾਬਲੇ ਅਤੇ ਸਨਮਾਨ

**ਸਮਾਂ: ਸਵੇਰ 10 ਤੋਂ ਦੁਪਿਹਰ 2 ਵਜੇ ਤੱਕ**

**25 ਮਈ 2024, ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ,ਮਜੀਠਾ ਵੇਰਕਾ ਬਾਈਪਾਸ, ਸ੍ਰੀ ਅੰਮ੍ਰਿਤਸਰ ਸਾਹਿਬ।**

BDSF

ਬਾਬਾ ਦੀਪ ਸਿੰਘ ਫ਼ੈਡਰੇਸ਼ਨ ਸ੍ਰੀ ਅੰਮ੍ਰਿਤਸਰ | ਧਰਮ ਪ੍ਰਚਾਰ ਕਮੇਟੀ ਚੀਫ਼ ਖ਼ਾਲਸਾ ਦੀਵਾਨ

98553-60001, 9872041390, 99888-99660

bdsfindia@gmail.com www.bdsf.in

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243